ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2626 27 October, 2026 Tuesday www.sanjhisoch.com ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ +1 (209) 303-1260

ਅਸੀਂ ਮਹਾਰਿਸ਼ੀ ਭਗਵਾਨ ਵਾਲਮੀਕਿ ਤੀਰਥ ਸਥਲ ਨੂੰ ਵਿਸ਼ਵ ਪੱਧਰੀ ਸੈਰ ਸਪਾਟਾ ਸਥਾਨ ਵਜੋਂ ਵਿਕਸਤ ਕਰ ਰਹੇ ਹਾਂ: ਭਗਵੰਤ ਸਿੰਘ ਮਾਨ

ਸ਼੍ਰੀ ਰਾਮ ਤੀਰਥ
ਡਾ.ਰਜਿੰਦਰ ਰਿਖੀ

ਮਹਾਰਿਸ਼ੀ ਭਗਵਾਨ ਸ੍ਰੀ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਨਤਮਸਤਕ ਹੁੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਨ੍ਹਾਂ ਦੀ ਮਹਾਨ ਵਿਰਾਸਤ ਦੀ ਸਾਂਭ-ਸੰਭਾਲ ਅਤੇ ਸਮਾਨਤਾ, ਮਾਨਵਤਾ ਤੇ ਧਰਮ ਬਾਰੇ ਉਨ੍ਹਾਂ ਦੀਆਂ ਸਿੱਖਿਆਵਾਂ ਦੇ ਪਸਾਰ ਪ੍ਰਤੀ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਤੀਰਥ ਸਥਲ ਨੂੰ ਵਿਸ਼ਵ ਪੱਧਰੀ ਸੈਲਾਨੀ ਸਥਾਨ ਵਜੋਂ ਵਿਕਸਤ ਕਰਨ ਅਤੇ ਇਸ ਦੇ ਸੁੰਦਰੀਕਰਨ ਲਈ 17.72 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਇਸ ਰਾਹੀਂ ਉਨ੍ਹਾਂ ਦੀ ਸਰਕਾਰ ਧਾਰਮਿਕ ਅਸਥਾਨਾਂ ਦੀ ਪਵਿੱਤਰਤਾ ਨੂੰ ਕਾਇਮ ਰੱਖਦਿਆਂ ਸ਼ਰਧਾਲੂਆਂ ਲਈ ਬਿਹਤਰ ਸਹੂਲਤਾਂ ਯਕੀਨੀ ਬਣਾ ਰਹੀ ਹੈ।

ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਧਾਰਮਿਕ ਅਸਥਾਨਾਂ ਦਾ ਪ੍ਰਬੰਧ ਧਾਰਮਿਕ ਸ਼ਖਸੀਅਤਾਂ ਅਤੇ ਵਿਦਵਾਨ ਵੱਲੋਂ ਕੀਤਾ ਜਾਣਾ ਚਾਹੀਦਾ ਹੈ, ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਧਰਤੀ 'ਤੇ ਹਰ ਬੀਜ ਪੁੰਗਰ ਸਕਦਾ ਹੈ, ਪਰ ਨਫ਼ਰਤ ਦਾ ਬੀਜ ਇਸ ਪਵਿੱਤਰ ਧਰਤੀ 'ਤੇ ਕਦੇ ਨਹੀਂ ਉੱਗ ਸਕਦਾ।

ਇਸ ਸਮਾਗਮ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 'ਐਕਸ' 'ਤੇ ਲਿਖਿਆ: "ਅੱਜ ਮੈਨੂੰ ਅੰਮ੍ਰਿਤਸਰ ਵਿਖੇ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੇ ਪਵਿੱਤਰ ਪ੍ਰਕਾਸ਼ ਪੁਰਬ ਮੌਕੇ ਕਰਵਾਏ ਸੂਬਾ ਪੱਧਰੀ ਸਮਾਗਮ ਵਿੱਚ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ। ਇਸ ਅਸਥਾਨ ਦੇ ਵਿਕਾਸ ਲਈ ਅੱਜ 17.5 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਸਾਡਾ ਮੰਨਣਾ ਹੈ ਕਿ ਧਾਰਮਿਕ ਅਸਥਾਨਾਂ ਦਾ ਪ੍ਰਬੰਧ ਸਿਆਸਤਦਾਨਾਂ ਦੀ ਬਜਾਏ ਧਾਰਮਿਕ ਸ਼ਖਸੀਅਤਾਂ ਅਤੇ ਵਿਦਵਾਨ ਵੱਲੋਂ ਕੀਤਾ ਜਾਣਾ ਚਾਹੀਦਾ ਹੈ। ਪੰਜਾਬ ਵਿੱਚ ਹਰ ਬੀਜ ਪੁੰਗਰ ਸਕਦਾ ਹੈ, ਪਰ ਨਫ਼ਰਤ ਦਾ ਬੀਜ ਇਸ ਪਵਿੱਤਰ ਧਰਤੀ 'ਤੇ ਕਦੇ ਨਹੀਂ ਉੱਗ ਸਕਦਾ।"

ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਮੌਕੇ ਕਰਵਾਏ ਸੂਬਾ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ



ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਦੀ ਅਧਿਆਤਮਿਕ, ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸੰਭਾਲ ਕੇ ਰੱਖਿਆ ਜਾਵੇਗਾ।"

ਇਸ ਪਵਿੱਤਰ ਅਸਥਾਨ 'ਤੇ ਨਤਮਸਤਕ ਹੁੰਦਿਆਂ ਮੁੱਖ ਮੰਤਰੀ ਨੇ ਦੇਸ਼-ਵਿਦੇਸ਼ ਦੇ ਸ਼ਰਧਾਲੂਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਵੱਲੋਂ ਦਰਸਾਏ ਧਰਮ, ਸਮਾਨਤਾ ਅਤੇ ਮਾਨਵਤਾ ਦੇ ਮਾਰਗ 'ਤੇ ਚੱਲ ਕੇ ਇਕ ਸਮਾਨਤਾਵਾਦੀ ਸਮਾਜ ਦੀ ਉਸਾਰੀ ਕਰ ਰਹੀ ਹੈ ਜਿੱਥੇ ਹਰੇਕ ਵਿਅਕਤੀ ਨੂੰ ਮਾਣ-ਸਤਿਕਾਰ ਅਤੇ ਬਰਾਬਰ ਦੇ ਮੌਕੇ ਮਿਲਣ।

ਮਹਾਂਰਿਸ਼ੀ ਭਗਵਾਨ ਵਾਲਮੀਕਿ ਜੀ ਨੂੰ ਸੰਸਕ੍ਰਿਤ ਸਾਹਿਤ ਦੇ ਪਿਤਾਮਾ ਅਤੇ ਆਦਿ ਕਵੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, "ਮਹਾਰਿਸ਼ੀ ਭਗਵਾਨ ਵਾਲਮੀਕਿ ਜੀ ਵੱਲੋਂ ਰਚਿਤ ਅਮਰ ਮਹਾਂਕਾਵਿ ਰਮਾਇਣ ਨੇ ਹਜ਼ਾਰਾਂ ਸਾਲਾਂ ਤੋਂ ਮਨੁੱਖਤਾ ਨੂੰ ਧਰਮ ਦਾ ਰਾਹ ਦਿਖਾਇਆ ਹੈ। ਇਹ ਰਚਨਾ ਬੁਰਾਈ ਉੱਤੇ ਸੱਚ ਦੀ ਜਿੱਤ ਦਾ ਸਦੀਵੀ ਸੰਦੇਸ਼ ਦਿੰਦੀ ਹੈ ਅਤੇ ਸੱਚ, ਨੈਤਿਕਤਾ, ਹਮਦਰਦੀ ਤੇ ਨੈਤਿਕ ਆਚਰਣ ਲਈ ਇੱਕ ਚਾਨਣ-ਮੁਨਾਰੇ ਵਜੋਂ ਕੰਮ ਕਰਦੀ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
ਤੁਸੀਂ ਆਪਣੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space available for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
• ਰਾਸ਼ਟਰਪਤੀ ਜੋਅ ਬਾਇਡਨ ਦੁਆਰਾ ਪਾਸ ਕੀਤੀ ਗਈ ਅਮਰੀਕੀ ਬਚਾਅ ਯੋਜਨਾ ਤੁਹਾਨੂੰ ਮਹੀਨੇ ਵਿੱਚ ਹਜ਼ਾਰਾਂ ਡਾਲਰ ਦੀ ਬਚਤ ਕਰਵਾ ਸਕਦੀ ਹੈ।
• ਪਹਿਲਾਂ ਨਾਲੋਂ ਬਹੁਤੇ ਵਿੱਤੀ ਮਦਦ ਮਿਲਦੀ ਹੈ।
• ਭਾਵੇਂ ਤੁਸੀਂ ਪਹਿਲਾਂ ਸਬਸਿਡੀਆਂ ਲਈ ਯੋਗਤਾ ਪੂਰੀ ਨਹੀਂ ਕਰਦੇ ਹੋ, ਪਰ ਹੁਣ ਤੁਸੀਂ ਸਿਹਤ ਬੀਮਾ ਪ੍ਰੀਮੀਅਮਾਂ 'ਤੇ ਹਜ਼ਾਰਾਂ ਲੋਕਾਂ ਨੂੰ ਬਚਾਉਣ ਦੇ ਯੋਗ ਹੋ ਸਕਦੇ ਹੋ।
• ਭਾਰੀ ਟੈਕਸ ਡ੍ਰੈਡਿਟ ਕੇਵਲ ਤਾਂ ਹੀ ਉਪਲਬਧ ਹੁੰਦੇ ਹਨ, ਜੇ ਤੁਸੀਂ ਕਵਰਡ ਕੈਲੀਫੋਰਨੀਆ ਦੁਆਰਾ ਅਰਜ਼ੀ ਦਿਓਗੇ ਤਾਂ।
ਹੈਲਥ ਇੰਸੋਰੈਂਸ ਨਾ ਕਰਵਾਉਣ 'ਤੇ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000

Certified INSURANCE AGENT
COVERED CALIFORNIA
Free Confidential Help
Call : Gurcharan Singh Mann
Medicare
Licensed Insurance Agent
CA Lic # 0C70672
CALL TO ENROL
510-557-0061

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

JRP REALTY GROUP

A TRADITION OF REAL ESTATE EXCELLENCE

SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

Gas Stations, Apartments, Commercial Buildings, Liquor stores and Land

CALL TODAY TO BUY/SELL YOUR REAL ESTATE/ BUSINESS



Jaswant S.Pannu
Office: 209-900-1994
Cell: 408-340-0157
jaswantpannu@yahoo.com



Raman Singh
Cell: 209-605-6500
Office: 209-213-5811
BRE #10889002

We do commercial loans for businesses, gas stations, lands and commercial properties

We provide the best in class evaluation for your real estate/business to maximize the profits for you



For more properties or business, contact us.



LOVEPREET KAUR
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

LENDINGASSETS
Elevating Your Mortgage Experience

Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

Refinance @2.75% APR or lower



Apply online at www.lendingassets.com and check out the live lowest rates on our website

ONLY WAY TO GROW YOUR BUSINESS FASTER

BNG

(Business Network Gateway)

We work for you to

Boost Your Business

VIDEO ADVERTISEMENTS

We make professional video advertisements for your business in Punjabi, Hindi & English



POSTERS DESIGN

We design flyers, Posters and
Post Cards to promote your business



BUSINESS CARD DESIGN

WE DESIGN YOUR
BUSINESS CARD



SOCIAL MEDIA HANDLERS

We can manage your Business social media handlers Facebook, instagram & YouTube



24/7 TECH SUPPORT

We provide 24/7 tech support



For more information call

Boota Singh Basi +1 (209) 303-1260

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

ਬੱਚਿਆਂ ਦੇ ਮਨਾਂ ਵਿੱਚ ਬਜ਼ੁਰਗਾਂ ਲਈ ਮੋਹ ਕਿਵੇਂ ਜਗਾਈਏ?



ਬਰਜਿੰਦਰ ਕੌਰ ਬਿਸਰਾਓ
99889-01324

ਰਿਸ਼ਤੇ ਖ਼ੂਨ ਨਾਲ ਬਣਦੇ ਹਨ, ਪਰ ਮੋਹ ਸੰਸਕਾਰਾਂ ਅਤੇ ਅਪਣੱਤ ਨਾਲ ਪੈਦਾ ਹੁੰਦਾ ਹੈ। ਜਿਸ ਘਰ ਵਿੱਚ ਬੱਚੇ ਦੀ ਕਿਲਕਾਰੀ ਗੂੰਜਦੀ ਹੋਵੇ, ਵਿਹੜੇ ਵਿੱਚ ਦਾਦਾ-ਦਾਦੀ ਬੈਠੇ ਹੋਣ ਅਤੇ ਬੱਚਾ ਭੱਜ ਕੇ ਦਾਦੀ ਦੀ ਗੋਦ ਵਿੱਚ ਜਾ ਬੈਠੇ, ਦਾਦਾ ਜੀ ਦੀ ਉਂਗਲ ਫੜ ਕੇ ਤੁਰਨ ਦੀ ਜ਼ਿੱਦ ਕਰੇ ਜਾਂ ਰਾਤ ਨੂੰ ਕਹਾਣੀ ਸੁਣੇ ਬਿਨਾਂ ਸੌਣ ਤੋਂ ਇਨਕਾਰ ਕਰ ਦੇਵੇ, ਤਾਂ ਉਹ ਘਰ ਸਿਰਫ਼ ਇੱਟਾਂ ਤੇ ਸੀਮਿੰਟ ਨਾਲ ਬਣਿਆ ਮਕਾਨ ਨਹੀਂ ਰਹਿੰਦਾ, ਸਗੋਂ ਪਿਆਰ, ਅਪਣੱਤ ਅਤੇ ਸੰਸਕਾਰਾਂ ਦਾ ਸੋਹਣਾ ਸੰਸਾਰ ਬਣ ਜਾਂਦਾ ਹੈ। ਪਰ ਅੱਜ ਦੇ ਬਹੁਤ ਸਾਰੇ ਘਰਾਂ ਵਿੱਚ ਇਹ ਤਸਵੀਰ ਹੌਲੀ-ਹੌਲੀ ਧੁੰਦਲੀ ਪੈ ਰਹੀ ਹੈ। ਬੱਚੇ ਘਰ ਵਿੱਚ ਹੀ ਆਪਣੇ ਬਜ਼ੁਰਗਾਂ ਤੋਂ ਦੂਰ ਹੁੰਦੇ ਜਾ ਰਹੇ ਹਨ। ਇੱਕੋ ਛੱਤ ਹੇਠ ਰਹਿਣ ਦੇ ਬਾਵਜੂਦ ਉਨ੍ਹਾਂ ਦੇ ਮਨਾਂ ਵਿਚਕਾਰ ਦੂਰੀਆਂ ਵਧ ਰਹੀਆਂ ਹਨ। ਸਵਾਲ ਇਹ ਹੈ ਕਿ ਜਿਹੜੇ ਬਜ਼ੁਰਗ ਸਾਡੀਆਂ ਪੀੜ੍ਹੀਆਂ ਦੀ ਨੀਂਹ ਹਨ, ਉਨ੍ਹਾਂ ਨਾਲ ਬੱਚਿਆਂ ਦੇ ਮੋਹ ਦੀਆਂ ਤੰਦਾਂ ਕਮਜ਼ੋਰ ਕਿਉਂ ਪੈ ਰਹੀਆਂ ਹਨ ਅਤੇ ਇਨ੍ਹਾਂ ਨੂੰ ਮੁੜ ਮਜ਼ਬੂਤ ਕਿਵੇਂ ਕੀਤਾ ਜਾਵੇ?

ਪੁਰਾਣੇ ਸਮਿਆਂ ਵਿੱਚ ਬੱਚਿਆਂ ਦਾ ਬਚਪਨ ਅੱਜ ਨਾਲੋਂ ਕਈ ਪੱਖਾਂ ਤੋਂ ਵੱਖਰਾ ਹੁੰਦਾ ਸੀ। ਸਾਂਝੇ ਪਰਿਵਾਰਾਂ ਵਿੱਚ ਦਾਦਾ-ਦਾਦੀ, ਨਾਨਾ-ਨਾਨੀ ਅਤੇ ਹੋਰ ਬਜ਼ੁਰਗ ਬੱਚਿਆਂ ਦੇ ਜੀਵਨ ਦਾ ਅਨਿੱਖੜਵਾਂ ਅੰਗ ਹੁੰਦੇ ਸਨ। ਬੱਚਿਆਂ ਨੂੰ ਪਾਲਣ-ਪੋਸ਼ਣ ਦੇ ਨਾਲ-ਨਾਲ ਜੀਵਨ ਦੇ ਸੰਸਕਾਰ ਦੇਣ ਦੀ ਜ਼ਿੰਮੇਵਾਰੀ ਵੀ ਪਰਿਵਾਰ ਦੇ ਸਾਰੇ ਜੀਆਂ ਦੀ ਸਾਂਝੀ ਹੁੰਦੀ ਸੀ। ਦਾਦੀ ਦੀਆਂ ਬਾਤਾਂ, ਨਾਨੀ ਦੀਆਂ ਲੋਰੀਆਂ, ਦਾਦੇ ਦੀਆਂ ਜੀਵਨ ਨਾਲ ਜੁੜੀਆਂ ਸਿੱਖਿਆਦਾਇਕ ਗੱਲਾਂ ਅਤੇ ਨਾਨੇ ਦੀਆਂ ਪੁਰਾਣੇ ਸਮਿਆਂ ਦੀਆਂ ਯਾਦਾਂ ਬੱਚਿਆਂ ਦੇ ਮਨਾਂ ਵਿੱਚ ਅਜਿਹੀ ਅਮਿੱਟ ਛਾਪ ਬਣਾ ਲੈਂਦੀਆਂ ਸਨ ਜੋ ਉਮਰ ਭਰ ਲਈ ਮਿਟਦੀਆਂ ਨਹੀਂ ਸਨ। ਰਾਤ ਨੂੰ ਮੰਜਿਆਂ ਉੱਤੇ ਇਕੱਠੇ ਸੌਣਾ, ਬਜ਼ੁਰਗਾਂ ਕੋਲ ਬੈਠ ਕੇ ਰੋਟੀ ਖਾਣੀ, ਉਨ੍ਹਾਂ ਨਾਲ ਖੇਤਾਂ ਜਾਂ ਪਿੰਡ ਦੀਆਂ ਗਲ਼ੀਆਂ ਵਿੱਚ ਘੁੰਮਣਾ ਅਤੇ ਉਨ੍ਹਾਂ ਦੀ ਗੋਦ ਵਿੱਚ ਸਿਰ ਰੱਖ ਕੇ ਦੁਨੀਆਂ ਭਰ ਦੀਆਂ ਗੱਲਾਂ ਸੁਣਨੀਆਂ, ਇਹ ਸਭ ਸਿਰਫ਼ ਰੋਜ਼ਾਨਾ ਦੇ ਕੰਮ ਨਹੀਂ ਸਨ। ਇਹ ਮੋਹ ਪੈਦਾ ਕਰਨ ਦੇ ਕੁਦਰਤੀ ਢੰਗ ਸਨ। ਬੱਚਾ ਜਦੋਂ ਕਿਸੇ ਬਜ਼ੁਰਗ ਨਾਲ ਆਪਣਾ ਸਮਾਂ ਬਿਤਾਉਂਦਾ ਹੈ, ਉਸ ਦੀਆਂ ਗੱਲਾਂ ਸੁਣਦਾ ਹੈ ਅਤੇ ਉਸ ਤੋਂ ਲਾਡ ਲੈਂਦਾ ਹੈ ਤਾਂ ਉਸ ਦੇ ਮਨ ਵਿੱਚ ਉਸ ਬਜ਼ੁਰਗ ਪ੍ਰਤੀ ਆਪਣੇਪਣ ਦੀ ਭਾਵਨਾ ਜਨਮ ਲੈਂਦੀ ਹੈ। ਇਹ ਮੋਹ ਕਿਸੇ ਦੇ ਕਹਿਣ ਨਾਲ ਨਹੀਂ, ਸਗੋਂ ਇਕੱਠੇ ਬਿਤਾਏ ਪਲਾਂ ਨਾਲ ਪੈਦਾ ਹੁੰਦਾ ਹੈ।

ਅਜੋਕੀ ਜੀਵਨ ਸ਼ੈਲੀ ਦੀ ਗੱਲ ਕਰੀਏ ਤਾਂ ਅੱਜ ਜੀਵਨ ਦੀ ਰਫ਼ਤਾਰ ਬਹੁਤ ਤੇਜ਼ ਹੋ ਗਈ ਹੈ। ਮਾਪਿਆਂ ਦੀਆਂ ਨੌਕਰੀਆਂ, ਬੱਚਿਆਂ ਦੀ ਪੜ੍ਹਾਈ, ਟਿਊਸ਼ਨਾਂ, ਮੋਬਾਈਲ ਫ਼ੋਨ, ਟੈਲੀਵਿਜ਼ਨ ਅਤੇ ਹੋਰ ਮਨੋਰੰਜਨ ਦੇ ਸਾਧਨਾਂ ਨੇ ਪਰਿਵਾਰ ਦੇ ਸਾਂਝੇ ਸਮੇਂ ਨੂੰ ਘਟਾ ਦਿੱਤਾ ਹੈ। ਕਈ ਘਰਾਂ ਵਿੱਚ ਹਰ ਜੀਅ ਦਾ ਆਪਣਾ ਕਮਰਾ ਹੈ। ਬੱਚੇ ਆਪਣੇ ਆਪਣੇ ਕਮਰੇ ਵਿੱਚ ਮੋਬਾਈਲ ਜਾਂ ਕੰਪਿਊਟਰ ਨਾਲ ਰੁੱਝੇ ਰਹਿੰਦੇ ਹਨ ਅਤੇ ਬਜ਼ੁਰਗ ਆਪਣੇ ਕਮਰੇ ਵਿੱਚ ਇਕੱਲੇ ਸਮਾਂ ਬਿਤਾਉਂਦੇ ਹਨ। ਰਾਤ ਨੂੰ ਵੀ ਹਰ ਕੋਈ ਆਪੋ-ਆਪਣੇ ਕਮਰੇ ਵਿੱਚ ਸੌਂ ਜਾਂਦਾ ਹੈ। ਇਸ ਤਰ੍ਹਾਂ ਦਿਨ ਲੰਘਦੇ ਜਾਂਦੇ ਹਨ, ਪਰ ਦਿਲਾਂ ਦੇ ਰਿਸ਼ਤਿਆਂ ਨੂੰ ਸਿੰਜਣ ਵਾਲੀਆਂ ਸਾਂਝਾਂ ਦੇ ਔਜ਼ਾਰਾਂ ਨੂੰ ਜੰਗ ਲੱਗਦਾ ਜਾਂਦਾ ਹੈ ਤੇ ਦੂਰੀਆਂ ਵਧਦੀਆਂ ਜਾਂਦੀਆਂ ਹਨ। ਵੱਖਰੇ ਕਮਰੇ ਹੋਣਾ ਜਾਂ ਵੱਖਰੇ ਸੌਣਾ ਆਪਣੇ ਆਪ ਵਿੱਚ ਕੋਈ ਗ਼ਲਤ ਗੱਲ ਨਹੀਂ ਹੈ ਪਰ ਸਮੱਸਿਆ ਉਦੋਂ ਪੈਦਾ ਹੁੰਦੀ ਹੈ ਜਦੋਂ ਇਹੋ ਜਿਹੇ ਮਾਹੌਲ ਕਾਰਨ ਆਪਸੀ ਗੱਲਬਾਤ, ਲਾਡ-ਪਿਆਰ ਅਤੇ ਇਕੱਠੇ ਸਮਾਂ ਬਿਤਾਉਣ ਦੀ ਆਦਤ ਹੀ ਖ਼ਤਮ ਹੋ ਜਾਂਦੀ ਹੈ। ਬੱਚੇ ਬਜ਼ੁਰਗਾਂ ਨੂੰ ਦੇਖ ਤਾਂ ਰੋਜ਼ ਲੈਂਦੇ ਹਨ, ਪਰ ਉਨ੍ਹਾਂ ਨਾਲ ਦਿਲ ਦੀਆਂ ਗੱਲਾਂ ਨਹੀਂ ਕਰਦੇ। ਉਨ੍ਹਾਂ ਨੂੰ ਇਹ ਤਾਂ ਪਤਾ ਹੁੰਦਾ ਹੈ ਕਿ ਦਾਦਾ ਜੀ ਘਰ ਵਿੱਚ ਹਨ, ਪਰ ਇਹ ਨਹੀਂ ਪਤਾ ਹੁੰਦਾ ਕਿ ਉਨ੍ਹਾਂ ਦੇ ਬਚਪਨ ਦੀਆਂ ਕਿਹੜੀਆਂ ਯਾਦਾਂ ਹਨ, ਉਨ੍ਹਾਂ ਨੇ ਜ਼ਿੰਦਗੀ ਵਿੱਚ ਕਿੰਨੇ ਸੰਘਰਸ਼ ਕੀਤੇ ਹਨ ਅਤੇ ਪਰਿਵਾਰ ਲਈ ਕਿੰਨੀਆਂ ਕੁਰਬਾਨੀਆਂ ਦਿੱਤੀਆਂ ਹਨ। ਯਾਦ ਰੱਖਣ ਵਾਲੀ ਗੱਲ ਇਹ ਹੈ ਕਿ ਇੱਕ ਛੱਤ ਹੇਠ ਰਹਿਣਾ ਸਰੀਰਾਂ ਨੂੰ ਨੇੜੇ ਰੱਖਦਾ ਹੈ, ਪਰ ਇਕੱਠੇ ਸਮਾਂ ਬਿਤਾਉਣਾ ਦਿਲਾਂ ਨੂੰ ਨੇੜੇ ਲਿਆਉਂਦਾ ਹੈ।

ਅਕਸਰ ਬਜ਼ੁਰਗਾਂ ਨੂੰ ਇਹ ਸ਼ਿਕਾਇਤ ਕਰਦਿਆਂ ਸੁਣਿਆ ਜਾਂਦਾ ਹੈ ਕਿ ਅੱਜ ਦੇ ਬੱਚਿਆਂ ਵਿੱਚ ਪਹਿਲਾਂ ਵਰਗਾ ਮੋਹ ਨਹੀਂ ਰਿਹਾ। ਉਹ ਉਨ੍ਹਾਂ ਕੋਲ ਬੈਠਦੇ ਨਹੀਂ, ਨਾ ਉਨ੍ਹਾਂ ਨਾਲ ਗੱਲ ਕਰਦੇ ਹਨ ਤੇ ਨਾ ਹੀ ਉਨ੍ਹਾਂ ਨੂੰ ਸਮਾਂ ਦਿੰਦੇ ਹਨ। ਪਰ ਇਸ ਸਮੱਸਿਆ ਦਾ ਹੱਲ ਸਿਰਫ਼ ਬੱਚਿਆਂ ਨੂੰ ਦੋਸ਼ ਦੇਣ ਵਿੱਚ ਨਹੀਂ ਹੈ। ਸਾਨੂੰ ਇਹ ਵੀ ਸੋਚਣਾ ਪਵੇਗਾ ਕਿ ਬੱਚਿਆਂ ਨੂੰ ਬਜ਼ੁਰਗਾਂ ਦੇ ਨੇੜੇ ਆਉਣ ਦੇ ਕਿੰਨੇ ਮੌਕੇ ਮਿਲ਼ਦੇ ਹਨ। ਮਾਪਿਆਂ ਵੱਲੋਂ ਜੇ ਬੱਚੇ ਨੂੰ ਹਰ ਵੇਲੇ ਚੁੱਪ ਰਹਿਣ, ਦੂਰ ਬੈਠਣ ਜਾਂ ਆਪਣੀਆਂ ਗੱਲਾਂ ਨਾ ਕਰਨ ਲਈ ਕਿਹਾ ਜਾਵੇ, ਜੇ ਬਜ਼ੁਰਗਾਂ ਨਾਲ ਬੈਠਦਿਆਂ ਉਸ ਨੂੰ ਸਿਰਫ਼ ਝਿੜਕਾਂ, ਪਾਬੰਦੀਆਂ ਜਾਂ ਸ਼ਿਕਾਇਤਾਂ ਹੀ ਸੁਣਨ ਨੂੰ ਮਿਲਣ, ਤਾਂ ਉਸ ਦੇ ਮਨ ਵਿੱਚ ਆਪਣੇ ਆਪ ਨੇੜਤਾ ਕਿਵੇਂ ਪੈਦਾ ਹੋਵੇਗੀ? ਬੱਚਿਆਂ ਨੂੰ ਪਿਆਰ ਨਾਲ ਆਪਣੇ ਕੋਲ ਬਿਠਾਉਣਾ, ਉਨ੍ਹਾਂ ਦੀਆਂ ਗੱਲਾਂ ਸੁਣਨਾ, ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦੇਣਾ ਅਤੇ ਉਨ੍ਹਾਂ ਦੀਆਂ ਛੋਟੀਆਂ-ਛੋਟੀਆਂ ਖ਼ੁਸ਼ੀਆਂ ਵਿੱਚ ਸ਼ਾਮਲ ਹੋਣਾ ਬਹੁਤ ਜ਼ਰੂਰੀ ਹੈ। ਬੱਚਿਆਂ ਨੂੰ ਬਜ਼ੁਰਗਾਂ ਦਾ ਸਤਿਕਾਰ ਕਰਨਾ ਸਿਖਾਉਣਾ ਮਾਪਿਆਂ ਦੀ ਜ਼ਿੰਮੇਵਾਰੀ ਹੈ। ਪਰ ਸਤਿਕਾਰ ਦਾ ਅਰਥ ਸਿਰਫ਼ ਪੈਰੀਂ ਹੱਥ ਲਾਉਣਾ ਜਾਂ ਸਾਹਮਣੇ ਆਉਣ 'ਤੇ ਸਿਰ ਝੁਕਾ ਦੇਣਾ ਨਹੀਂ ਹੁੰਦਾ। ਅਸਲੀ ਸਤਿਕਾਰ ਤਾਂ ਉਹ ਹੁੰਦਾ ਹੈ ਜਦੋਂ ਬੱਚਾ ਆਪਣੇ ਦਾਦਾ ਜੀ ਦੀ ਗੱਲ ਧਿਆਨ ਨਾਲ ਸੁਣੇ, ਦਾਦੀ ਨੂੰ ਪਾਣੀ ਦਾ ਗਲਾਸ ਫੜਾ ਦੇਵੇ, ਨਾਨੀ ਦੀ ਤਬੀਅਤ ਪੁੱਛੇ ਅਤੇ ਨਾਨੇ ਨਾਲ ਬੈਠ ਕੇ ਉਸ ਦੀਆਂ ਯਾਦਾਂ ਸਾਂਝੀਆਂ ਕਰੇ। ਰਸਮੀ ਸਤਿਕਾਰ ਕੁਝ ਪਲਾਂ ਦਾ ਹੁੰਦਾ ਹੈ, ਪਰ ਦਿਲੋਂ ਪੈਦਾ ਹੋਇਆ ਮੋਹ ਉਮਰ ਭਰ ਨਿਭਦਾ ਹੈ।

ਪਹਿਲਾਂ ਦਾਦਾ-ਦਾਦੀ ਦੀਆਂ ਕਹਾਣੀਆਂ ਬੱਚਿਆਂ ਲਈ ਮਨੋਰੰਜਨ ਦਾ ਸਾਧਨ ਹੀ ਨਹੀਂ, ਸਗੋਂ ਜੀਵਨ ਦੀ ਪਾਠਸ਼ਾਲਾ ਵੀ ਹੁੰਦੀਆਂ ਸਨ। ਪੰਛੀਆਂ, ਜਾਨਵਰਾਂ, ਰਾਜਿਆਂ, ਰਾਣੀਆਂ, ਸੂਰਬੀਰਾਂ ਅਤੇ ਲੋਕ-ਨਾਇਕਾਂ ਦੀਆਂ ਕਹਾਣੀਆਂ ਰਾਹੀਂ ਬੱਚੇ ਸੱਚ ਬੋਲਣਾ, ਹਿੰਮਤ ਕਰਨੀ, ਦੂਜਿਆਂ ਦੀ ਮਦਦ ਕਰਨੀ ਅਤੇ ਔਖੇ ਸਮੇਂ ਵਿੱਚ ਹੌਂਸਲਾ ਰੱਖਣਾ ਸਿੱਖਦੇ ਸਨ। ਕਹਾਣੀ ਸੁਣਾਉਂਦਿਆਂ ਦਾਦੀ ਬੱਚੇ ਦੇ ਸਿਰ 'ਤੇ ਹੱਥ ਫੇਰਦੀ, ਦਾਦਾ ਕਿਸੇ ਘਟਨਾ ਦੀ ਉਦਾਹਰਨ ਦਿੰਦਾ ਅਤੇ ਬੱਚਾ ਆਪਣੇ ਮਨ ਵਿੱਚ ਉਨ੍ਹਾਂ ਲਈ ਖ਼ਾਸ ਥਾਂ ਬਣਾ ਲੈਂਦਾਸੀ । ਇਸ ਤਰ੍ਹਾਂ ਵੱਡਿਆਂ ਦੇ ਪਿਆਰ ਦੀਆਂ ਤਰੰਗਾਂ ਉਨ੍ਹਾਂ ਅੰਦਰ ਪ੍ਰਵੇਸ਼ ਕਰਦੀਆਂ ਸਨ। ਅੱਜ ਕਈ ਬੱਚਿਆਂ ਦਾ ਖਾਲੀ ਸਮਾਂ ਸਕ੍ਰੀਨ ਦੇਖਦਿਆਂ ਬੀਤ ਜਾਂਦਾ ਹੈ। ਮੋਬਾਈਲ 'ਤੇ ਹਜ਼ਾਰਾਂ ਕਹਾਣੀਆਂ ਮਿਲ ਸਕਦੀਆਂ ਹਨ, ਪਰ ਉਹ ਦਾਦੀ ਦੀ ਆਵਾਜ਼ ਵਿੱਚ ਛੁਪਿਆ ਪਿਆਰ, ਦਾਦੇ ਦੀ ਗੱਲ ਵਿੱਚੋਂ ਮਿਲ਼ਣ ਵਾਲਾ ਅਨੁਭਵ ਅਤੇ ਨਾਨੀ ਦੀ ਗੋਦ ਦਾ ਨਿੱਘ ਨਹੀਂ ਦੇ ਸਕਦੀਆਂ। ਤਕਨਾਲੋਜੀ ਨੂੰ ਦੁਸ਼ਮਣ ਬਣਾਉਣ ਦੀ ਲੋੜ ਨਹੀਂ, ਪਰ ਇਸ ਨੂੰ ਰਿਸ਼ਤਿਆਂ ਦੀ ਥਾਂ ਵੀ ਨਹੀਂ ਲੈਣ ਦੇਣੀ ਚਾਹੀਦੀ।

ਮਾਪਿਆਂ ਨੂੰ ਚਾਹੀਦਾ ਹੈ ਕਿ ਉਹ ਹਰ ਰੋਜ਼ ਕੁਝ ਸਮਾਂ ਅਜਿਹਾ ਨਿਰਧਾਰਤ ਕਰਨ, ਜਦੋਂ ਘਰ ਦੇ ਸਾਰੇ ਜੀਅ ਮੋਬਾਈਲ ਇਕ ਪਾਸੇ ਰੱਖ ਕੇ ਇਕੱਠੇ ਬੈਠਣ। ਦਾਦਾ-ਦਾਦੀ ਬੱਚਿਆਂ ਨੂੰ ਆਪਣੇ ਬਚਪਨ ਦੀਆਂ ਗੱਲਾਂ ਸੁਣਾਉਣ, ਪੁਰਾਣੀਆਂ ਤਸਵੀਰਾਂ ਦਿਖਾਉਣ ਅਤੇ ਪਰਿਵਾਰ ਨਾਲ ਜੁੜੀਆਂ ਯਾਦਾਂ ਸਾਂਝੀਆਂ ਕਰਨ। ਇਸ ਨਾਲ ਬੱਚਿਆਂ ਨੂੰ ਆਪਣੀਆਂ ਜੜ੍ਹਾਂ ਬਾਰੇ ਪਤਾ ਲੱਗੇਗਾ ਅਤੇ ਬਜ਼ੁਰਗਾਂ ਨਾਲ ਉਨ੍ਹਾਂ ਦੀ ਭਾਵਨਾਤਮਕ ਸਾਂਝ ਵੀ ਡੂੰਘੀ ਹੋਵੇਗੀ। ਬੱਚਿਆਂ ਦਾ ਬਜ਼ੁਰਗਾਂ ਨਾਲ ਮੋਹ ਵਧਾਉਣ ਲਈ ਜ਼ਰੂਰੀ ਹੈ ਕਿ ਉਨ੍ਹਾਂ ਨੂੰ ਪਰਿਵਾਰ ਦੀ ਰੋਜ਼ਾਨਾ ਜ਼ਿੰਦਗੀ ਵਿੱਚ ਸ਼ਾਮਲ ਕੀਤਾ ਜਾਵੇ। ਜੇ ਦਾਦੀ ਖਾਣਾ ਬਣਾਉਂਦੀ ਹੈ, ਤਾਂ ਬੱਚਾ ਉਸ ਕੋਲ ਬੈਠ ਕੇ ਕੋਈ ਛੋਟਾ ਕੰਮ ਸਿੱਖ ਸਕਦਾ ਹੈ। ਜੇ ਦਾਦਾ ਜੀ ਬਾਗ਼ਬਾਨੀ ਕਰਦੇ ਹਨ, ਤਾਂ ਬੱਚਾ ਉਨ੍ਹਾਂ ਨਾਲ ਬੂਟਿਆਂ ਨੂੰ ਪਾਣੀ ਦੇ ਸਕਦਾ ਹੈ। ਜੇ ਨਾਨਾ ਜੀ ਨੂੰ ਪੁਰਾਣੇ ਗੀਤ ਜਾਂ ਲੋਕ-ਬੋਲੀਆਂ ਯਾਦ ਹਨ, ਤਾਂ ਬੱਚਿਆਂ ਨੂੰ ਉਹ ਸਿਖਾਏ ਜਾ ਸਕਦੇ ਹਨ। ਜੇ ਨਾਨੀ ਨੂੰ ਸਿਲਾਈ, ਕਢਾਈ ਜਾਂ ਰਵਾਇਤੀ ਪਕਵਾਨ ਬਣਾਉਣ ਦਾ ਹੁਨਰ ਹੈ, ਤਾਂ ਉਹ ਬੱਚਿਆਂ ਨਾਲ ਸਾਂਝਾ ਕੀਤਾ ਜਾ ਸਕਦਾ ਹੈ। ਇਸ ਤਰ੍ਹਾਂ ਬੱਚਿਆਂ ਨੂੰ ਇਹ ਮਹਿਸੂਸ ਹੋਵੇਗਾ ਕਿ ਬਜ਼ੁਰਗ ਸਿਰਫ਼ ਘਰ ਵਿੱਚ ਰਹਿਣ ਵਾਲੇ ਵੱਡੀ ਉਮਰ ਦੇ ਜੀਅ ਨਹੀਂ, ਸਗੋਂ ਉਨ੍ਹਾਂ ਦੇ ਦੋਸਤ, ਅਧਿਆਪਕ ਅਤੇ ਅਨੁਭਵਾਂ ਦੇ ਖ਼ਜ਼ਾਨੇ ਹਨ। ਬੱਚਿਆਂ ਦੇ ਜਨਮ ਦਿਨ, ਸਕੂਲ ਦੀਆਂ ਪ੍ਰਾਪਤੀਆਂ, ਖੇਡਾਂ ਦੇ ਮੁਕਾਬਲਿਆਂ ਅਤੇ ਹੋਰ ਖ਼ੁਸ਼ੀਆਂ ਵਿੱਚ ਬਜ਼ੁਰਗਾਂ ਦੀ ਸ਼ਮੂਲੀਅਤ ਵੀ ਬਹੁਤ ਮਹੱਤਵਪੂਰਨ ਗੱਲ ਹੁੰਦੀ ਹੈ। ਜਦੋਂ ਦਾਦਾ-ਦਾਦੀ ਬੱਚੇ ਦੀ ਛੋਟੀ ਜਿਹੀ ਪ੍ਰਾਪਤੀ 'ਤੇ ਖ਼ੁਸ਼ ਹੁੰਦੇ ਹਨ ਅਤੇ ਉਸ ਦੀ ਹੌਸਲਾ-ਅਫ਼ਜ਼ਾਈ ਕਰਦੇ ਹਨ, ਤਾਂ ਬੱਚੇ ਦੇ ਮਨ ਵਿੱਚ ਉਨ੍ਹਾਂ ਲਈ ਆਪਣਾਪਣ ਵਧਦਾ ਹੈ। ਇਸੇ ਤਰ੍ਹਾਂ ਬੱਚਿਆਂ ਨੂੰ ਵੀ ਬਜ਼ੁਰਗਾਂ ਦੇ ਜਨਮ ਦਿਨ, ਵਿਆਹ ਦੀ ਵਰ੍ਹੇਗੰਢ ਜਾਂ ਕਿਸੇ ਖ਼ਾਸ ਮੌਕੇ 'ਤੇ ਉਨ੍ਹਾਂ ਲਈ ਕਾਰਡ ਬਣਾਉਣ, ਫੁੱਲ ਦੇਣ ਜਾਂ ਪਿਆਰ ਭਰੇ ਸ਼ਬਦ ਲਿਖਣ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ।

ਬੱਚੇ ਕਦੇ ਵੀ ਉਹ ਨਹੀਂ ਸਿੱਖਦੇ ਜੋ ਅਸੀਂ ਸਿਰਫ਼ ਉਨ੍ਹਾਂ ਨੂੰ ਦੱਸਦੇ ਹਾਂ, ਉਹ ਬਹੁਤ ਕੁਝ ਉਸ ਤੋਂ ਸਿੱਖਦੇ ਹਨ ਜੋ ਸਾਨੂੰ ਕਰਦਿਆਂ ਨੂੰ ਦੇਖਦੇ ਹਨ। ਜੇ ਮਾਪੇ ਆਪਣੇ ਮਾਤਾ-ਪਿਤਾ ਨਾਲ ਪਿਆਰ ਅਤੇ ਸਤਿਕਾਰ ਨਾਲ ਪੇਸ਼ ਆਉਂਦੇ ਹਨ, ਉਨ੍ਹਾਂ ਦੀ ਗੱਲ ਧਿਆਨ ਨਾਲ ਸੁਣਦੇ ਹਨ, ਲੋੜ ਵੇਲੇ ਉਨ੍ਹਾਂ ਦੀ ਮਦਦ ਕਰਦੇ ਹਨ ਅਤੇ ਉਨ੍ਹਾਂ ਨੂੰ ਪਰਿਵਾਰ ਦਾ ਅਹਿਮ ਹਿੱਸਾ ਸਮਝਦੇ ਹਨ, ਤਾਂ ਬੱਚੇ ਵੀ ਇਹੋ ਜਿਹਾ ਵਿਹਾਰ ਸਿੱਖਦੇ ਹਨ। ਪਰ ਜੇ ਬੱਚੇ ਆਪਣੇ ਮਾਪਿਆਂ ਨੂੰ ਦਾਦਾ-ਦਾਦੀ ਦੀਆਂ ਗੱਲਾਂ ਨੂੰ ਅਣਡਿੱਠਾ ਕਰਦਿਆਂ, ਉਨ੍ਹਾਂ ਨਾਲ ਉੱਚੀ ਆਵਾਜ਼ ਵਿੱਚ ਗੱਲ ਕਰਦਿਆਂ ਜਾਂ ਉਨ੍ਹਾਂ ਨੂੰ ਬੋਝ ਸਮਝਦਿਆਂ ਦੇਖਦੇ ਹਨ, ਤਾਂ ਸਿਰਫ਼ ਉਪਦੇਸ਼ ਦੇ ਕੇ ਉਨ੍ਹਾਂ ਦੇ ਮਨ ਵਿੱਚ ਬਜ਼ੁਰਗਾਂ ਲਈ ਸਤਿਕਾਰ ਪੈਦਾ ਕਰਨਾ ਔਖਾ ਹੋ ਜਾਂਦਾ ਹੈ। ਮਾਪਿਆਂ ਨੂੰ ਬੱਚਿਆਂ ਦੇ ਸਾਹਮਣੇ ਬਜ਼ੁਰਗਾਂ ਦੀਆਂ ਚੰਗਿਆਈਆਂ ਦਾ ਜ਼ਿਕਰ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਦੱਸਣਾ ਚਾਹੀਦਾ ਹੈ ਕਿ ਅੱਜ ਪਰਿਵਾਰ ਕੋਲ ਜੋ ਕੁਝ ਵੀ ਹੈ, ਉਸ ਦੇ ਪਿੱਛੇ ਪਿਛਲੀ ਪੀੜ੍ਹੀ ਦੀ ਮਿਹਨਤ, ਤਿਆਗ ਅਤੇ ਸੰਘਰਸ਼ ਵੀ ਸ਼ਾਮਲ ਹਨ। ਬੱਚਿਆਂ ਨੂੰ ਇਹ ਸਮਝਾਉਣਾ ਚਾਹੀਦਾ ਹੈ ਕਿ ਬਜ਼ੁਰਗਾਂ ਦੀ ਉਮਰ ਵਧਣ ਨਾਲ ਉਨ੍ਹਾਂ ਦੀ ਮਹੱਤਤਾ ਘਟਦੀ ਨਹੀਂ, ਸਗੋਂ ਉਨ੍ਹਾਂ ਦੇ ਅਨੁਭਵ ਅਤੇ ਜੀਵਨ ਭਰ ਦੀਆਂ ਸਿੱਖਿਆਵਾਂ ਪਰਿਵਾਰ ਲਈ ਹੋਰ ਵੀ ਕੀਮਤੀ ਬਣ ਜਾਂਦੀਆਂ ਹਨ। ਬੱਚਿਆਂ ਨਾਲ ਮੋਹ ਦੀਆਂ ਤੰਦਾਂ ਮਜ਼ਬੂਤ ਕਰਨ ਲਈ ਬਜ਼ੁਰਗਾਂ ਨੂੰ ਵੀ ਸਮੇਂ ਦੇ ਬਦਲਾਅ ਨੂੰ ਸਮਝਣਾ ਪਵੇਗਾ। ਅੱਜ ਦੇ ਬੱਚਿਆਂ ਦੀ ਪੜ੍ਹਾਈ, ਸੋਚ, ਦਿਲਚਸਪੀਆਂ ਅਤੇ ਜੀਵਨ-ਸ਼ੈਲੀ ਪਹਿਲਾਂ ਨਾਲੋਂ ਵੱਖਰੀ ਹੈ। ਉਨ੍ਹਾਂ ਨੂੰ ਹਰ ਵੇਲੇ ਆਪਣੇ ਸਮੇਂ ਦੀਆਂ ਉਦਾਹਰਨਾਂ ਦੇ ਕੇ ਗ਼ਲਤ ਸ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ 4 ਸਤੰਬਰ, 2026 ਤੋਂ ਆਰੰਭ ਹੋ ਚੁੱਕੀ ਹੈ ਜੋ ਕਿ 1 ਨਵੰਬਰ, 2026 ਨੂੰ ਨਗਰ ਕੀਰਤਨ ਨਾਲ ਸਮਾਪਤ ਹੋਵੇਗੀ।

ਪਹੁੰਚ ਰਹੇ ਜੱਥੇ ਅਤੇ ਪ੍ਰਚਾਰਕ

ਕੀਰਤਨੀ ਜਥੇ
- ਭਾਈ ਕਮਲਜੀਤ ਸਿੰਘ ਜੀ, ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
- ਭਾਈ ਮਨਿੰਦਰ ਸਿੰਘ ਜੀ, ਸ੍ਰੀ ਨਗਰ ਵਾਲੇ

ਕਥਾ ਵਾਚਕ
- ਭਾਈ ਗੁਰਦੀਪ ਸਿੰਘ ਕਪੂਰਥਲੇ ਵਾਲੇ

ਢਾਡੀ
- ਭਾਈ ਸੁਖਵਿੰਦਰ ਸਿੰਘ ਅਨਮੋਲ ਜੀ ਅਤੇ ਜਥਾ

ਵਿਸ਼ੇਸ਼ ਕੀਰਤਨ ਸਮਾਗਮ

19 ਅਕਤੂਬਰ, 2026 ਦਿਨ ਸੋਮਵਾਰ ਤੋਂ ਰੋਜ਼ਾਨਾ ਸ਼ਾਮ ਦੇ 06:00 ਵਜੇ ਤੋਂ ਰਾਤ 10:00 ਵਜੇ ਤੱਕ
ਕੀਰਤਨ ਦੀਵਾਨ ਆਰੰਭ ਹੋਣਗੇ ਜੀ।

ਇਸਤੋਂ ਇਲਾਵਾ ਹੋਰ ਕਈ ਉੱਚ ਕੋਟੀ ਦੇ ਰਾਗੀ ਅਤੇ ਢਾਡੀ ਅਤੇ ਕੀਰਤਨੀ ਜੱਥੇ ਸੰਗਤਾਂ ਨੂੰ ਰਸਭਿੰਨੇ ਕੀਰਤਨ ਤੇ ਕਥਾ ਵਿਚਾਰਾਂ ਨਾਲ ਗੁਰੂ ਦੀਆਂ ਸੰਗਤਾਂ ਨੂੰ ਨਿਹਾਲ ਕਰਨਗੇ |

ਬੱਚਿਆਂ ਦਾ ਵਿਸ ਕੀਰਤਨ ਦਰਬਾਰ
ਅਕਤੂਬਰ 10, 2026 ਦਿਨ ਸ਼ਨੀਵਾਰ
ਬੱਚਿਆਂ ਦਾ
ਵਿਸ਼ੇਸ਼ ਕੀਰਤਨ ਦਰਬਾਰ
ਸ਼ਾਮ 6:30 ਵਜੇ ਤੋਂ ਰਾਤ 09:30 ਹੋਵੇਗਾ ਜੀ

ਵਿਸ਼ੇਸ਼ ਢਾਡੀ ਦਰਬਾਰ ਅਤੇ ਸ਼ਹੀਦੀ ਦਿਵਸ
24 ਅਕਤੂਬਰ, 2026 ਦਿਨ ਸ਼ਨੀਵਾਰ ਨੂੰ
ਸ਼ਾਮ 6:30 ਵਜੇ ਤੋਂ 10:00 ਵਜੇ ਤੱਕ
ਸਮੂਹ ਸ਼ਹੀਦਾਂ ਦੀ ਸ਼ਹੀਦੀ ਨੂੰ ਸਮਰਪਿਤ ਵਿਸ਼ੇਸ਼
ਢਾਡੀ ਦੀਵਾਨ ਸੱਜਣਗੇ ਜੀ

ਰੈਣ ਸਬਾਈ ਕੀਰਤਨ
31 ਅਕਤੂਬਰ, 2026 ਦਿਨ ਸ਼ਨੀਵਾਰ ਨੂੰ
ਰੈਣ ਸਬਾਈ ਕੀਰਤਨ ਸ਼ਾਮ 6:00 ਵਜੇ ਤੋਂ
ਰਾਤ 1:00 ਤੱਕ ਹੋਵੇਗਾ ਜਿਸ ਵਿੱਚ ਪ੍ਰਸਿੱਧ ਰਾਗੀ ਜਥੇ
ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ

ਆਤਿਸ਼ਬਾਜ਼ੀ
30 ਅਕਤੂਬਰ, 2026
ਦਿਨ ਸ਼ੁੱਕਰਵਾਰ ਨੂੰ ਰਾਤ 8:00 ਵਜੇ
ਆਤਿਸ਼ਬਾਜ਼ੀ ਹੋਵੇਗੀ ਜੀ |

ਭਾਈ ਮਹਿਤਾਬ ਸਿੰਘ ਜੀ ਦਾ ਜਰੀਕਲੀ ਜਥਾ
12 ਅਕਤੂਬਰ, ਐਤਵਾਰ ਤੋਂ 17 ਅਕਤੂਬਰ, ਸ਼ਨੀਵਾਰ ਤੱਕ
ਸਮਾਂ: ਸ਼ਾਮ 8 ਵਜੇ ਤੋਂ 9:30 ਵਜੇ ਤੱਕ
)) 18 ਅਕਤੂਬਰ, ਐਤਵਾਰ ((
ਸਮਾਂ: 12 ਵਜੇ ਤੋਂ 1:30 ਵਜੇ ਤੱਕ

ਰਵਾਨਾ ਗੁਰਧਾਮੇ
31 ਅਕਤੂਬਰ, ਸ਼ਨੀਵਾਰ
ਸਵੇਰੇ 11 ਵਜੇ

ਅੰਮ੍ਰਿਤ ਸੰਚਾਰ
31 ਅਕਤੂਬਰ, 2026 ਨੂੰ ਦਿਨ ਸ਼ਨੀਵਾਰ
ਸਵੇਰੇ 5:00 ਵਜੇ
ਅੰਮ੍ਰਿਤ ਸੰਚਾਰ ਹੋਵੇਗਾ ਜੀ |

ਨਿਸ਼ਾਨ ਸਾਹਿਬ ਦੇ ਚੋਲੇ ਦੀ ਸੇਵਾ
31 ਅਕਤੂਬਰ, 2026 ਦਿਨ ਸ਼ਨੀਵਾਰ
ਸਵੇਰੇ 8:00 ਵਜੇ ਨਿਸ਼ਾਨ ਸਾਹਿਬ ਜੀ ਦੇ
ਚੋਲੇ ਦੀ ਸੇਵਾ ਹੋਵੇਗੀ ਜੀ |

ਸੈਮੀਨਾਰ
31 ਅਕਤੂਬਰ, ਸ਼ਨੀਵਾਰ
ਸਮਾਂ: 2 ਵਜੇ ਤੋਂ 4 ਵਜੇ ਤੱਕ

ਭੋਗ ਅਤੇ ਕੀਰਤਨ ਸਮਾਗਮ
1 ਨਵੰਬਰ, 2026 ਦਿਨ ਐਤਵਾਰ ਨੂੰ
ਸਵੇਰੇ 7:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ
ਪਾਏ ਜਾਣਗੇ ਜੀ ਅਤੇ ਉਪਰੰਤ ਕੀਰਤਨ ਸਮਾਗਮ ਅਰੰਭ ਹੋਵੇਗਾ ਜੀ |

ਨਗਰ ਕੀਰਤਨ
1 ਨਵੰਬਰ, 2026 ਦਿਨ ਐਤਵਾਰ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਵੇਰੇ 9:00 ਵਜੇ ਸ਼ੁਰੂ ਹੋ ਕੇ ਸ਼ਾਮ 4:00 ਵਜੇ ਗੁਰਦੁਆਰਾ ਸਾਹਿਬ ਪਹੁੰਚੇਗਾ | ਉਪਰੰਤ ਸਮਾਪਤੀ ਦੀ ਅਰਦਾਸ ਹੋਵੇਗੀ ਜੀ |

ਜ਼ਰੂਰੀ ਬੇਨਤੀ ਸਮੂਹ ਨਾਨਕ ਨਾਮ ਲੇਵਾ ਸੰਗਤ ਨੂੰ ਬੇਨਤੀ ਹੈ ਕਿ ਆਪਣੇ ਪਰਿਵਾਰਾਂ ਸਮੇਤ ਆ ਕੇ ਨਗਰ ਕੀਰਤਨ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ |

ਨਗਰ ਕੀਰਤਨ ਦਾ ਰੂਟ ਪਿਛਲੇ ਸਾਲ ਵਾਲਾ ਹੀ ਹੋਵੇਗਾ, ਗੱਡੀਆਂ ਦੀ ਪਾਰਕਿੰਗ ਸਿਰਫ਼ ਨੀਯਤ ਜਗ੍ਹਾ 'ਤੇ ਹੀ ਕੀਤੀ ਜਾਵੇਗੀ ਜੀ, ਰਿਵਰ ਵੈਲੀ ਹਾਈ ਸਕੂਲ ਤੋਂ ਗੁਰੂ ਘਰ ਲਈ ਸਵੇਰੇ 8 :00 ਵਜੇ ਤੋਂ ਸ਼ਾਮ 6:30 ਤੱਕ ਫ਼ਰੀ ਬੱਸਾਂ ਦਾ ਪ੍ਰਬੰਧ ਹੋਵੇਗਾ ਅਤੇ ਸਕਿਉਰਿਟੀ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਹੈ ਜੀ ਅਤੇ ਦੁਕਾਨਾਂ ਦਾ ਬਜ਼ਾਰ ਪਿਛਲੇ ਸਾਲ ਵਾਲੀ ਜਗ੍ਹਾ ਤੇ ਹੀ ਹੋਵੇਗਾ ਜੀ |

ਬੇਨਤੀ ਕਰਤਾ : ਗੁਰੂ ਘਰ ਦੇ ਦਾਸ ਸਮੂਹ ਪ੍ਰਬੰਧਕ ਕਮੇਟੀ : ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ

ਭਾਈ ਰਣਜੀਤ ਸਿੰਘ ਜੀ (ਹੈੱਡ ਗ੍ਰੰਥੀ ਯੂਬਾ ਸਿਟੀ) (530) 673-9918, (530) 799-6989
ਚੇਅਰਮੈਨ ਸ: ਦਿਲਬਾਗ ਸਿੰਘ ਜੀ ਬੈਂਸ (530) 682-9316, ਪ੍ਰਧਾਨ ਸ: ਸਰਬਜੀਤ ਸਿੰਘ ਜੀ ਬਿਆੜਾ (530) 682-5861
ਸੈਕਟਰੀ ਸ: ਤੇਜਿੰਦਰ ਸਿੰਘ ਜੀ ਦੋਸਾਂਝ (530) 751-6322, ਖਜਾਨਚੀ ਸ : ਹਰਨੇਕ ਸਿੰਘ ਜੀ (530) 682-8094

ਕੌਮਾਂਤਰੀ ਪੰਜਾਬੀ ਕਾਫ਼ਲਾ, ਇਟਲੀ ਦਾ ਕਵੀ ਦਰਬਾਰ

ਫਰੈਂਕਫਰਟ ਸਰਬਜੀਤ ਸਿੰਘ

ਕੌਮਾਂਤਰੀ ਪੰਜਾਬੀ ਕਾਫ਼ਲਾ, ਇਟਲੀ ਵਲੋਂ ਬੀਤੇ ਐਤਵਾਰ ਔਨਲਾਈਨ ਕਵੀ ਦਰਬਾਰ 'ਕਲਾਮ ਪੇਸ਼ ਹੈ' ਕਰਵਾਇਆ ਗਿਆ। ਜਿਸ ਦੀ ਸ਼ੁਰੂਆਤ ਵਿੱਚ ਕਾਫ਼ਲਾ ਪ੍ਰਧਾਨ ਨਾਵਲਕਾਰ ਬਿੰਦਰ ਕੋਲੀਆਂ ਵਾਲ ਜੀ ਨੇ ਸਾਰੇ ਹਾਜ਼ਰੀਨ ਕਵੀ ਕਵਿਤਰੀਆਂ ਨੂੰ 'ਜੀ ਆਇਆਂ' ਆਖਿਆ ਤੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਹਰ ਵਾਰ ਦੀ ਤਰ੍ਹਾਂ ਗ਼ਜ਼ਲਗੋ ਤੇ ਪੇਸ਼ਕਾਰ ਮੁਖਤਾਰ ਸਿੰਘ ਚੰਦੀ ਜੀ ਸੁਲਤਾਨਪੁਰ ਲੋਧੀ ਨੂੰ ਦਿੱਤੀ।

ਇਸ ਕਵੀ ਦਰਬਾਰ ਵਿੱਚ ਚੜ੍ਹਦੇ ਤੇ ਲਹਿੰਦੇ ਪੰਜਾਬ ਦੇ ਨਾਲ ਨਾਲ, ਮੁੰਬਈ, ਸਿਰਸਾ, ਇਟਲੀ, ਅਮਰੀਕਾ, ਕਨੇਡਾ, ਜਰਮਨੀ, ਇੰਗਲੈਂਡ ਆਦਿ ਮੁਲਕਾਂ ਤੋਂ ਬਹੁਤ ਸਾਰੇ ਕਵੀਆਂ ਅਤੇ ਕਵਿਤਰੀਆਂ ਨੇ ਹਿੱਸਾ ਲਿਆ। ਇਸ ਕਵੀ ਦਰਬਾਰ ਵਿੱਚ ਵੱਖ-ਵੱਖ ਵਿਸ਼ਿਆਂ ਤੇ ਕਵਿਤਾਵਾਂ, ਗੀਤ ਤੇ ਗ਼ਜ਼ਲਾਂ ਪੇਸ਼ ਕੀਤੀਆਂ ਗਈਆਂ ਜਿਵੇਂ ਕੁੱਖਾਂ ਵਿੱਚ ਮਰਦੀਆਂ ਧੀਆਂ ਦੀ ਆਵਾਜ਼, ਮਾਂ ਬੋਲੀ ਪੰਜਾਬੀ ਦੀ ਹਾਲਤ, ਪੰਜਾਬ ਵਿੱਚ ਨਸ਼ੇ ਵਿਰੁੱਧ ਚੱਲ ਰਹੇ ਯੁੱਧ ਬਾਰੇ, ਨਸ਼ੇ ਰੋਕਣ ਵਾਲੇ ਨੌਜਵਾਨਾਂ ਦੇ ਕਤਲ ਦੀ ਦਾਸਤਾਨ, ਲਹਿੰਦੇ ਪੰਜਾਬ ਵਿੱਚ ਵੱਸਦੇ ਅਮਾਨਤ ਅਲੀ ਜੀ ਦਾ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨਾਂ ਲਈ ਤਾਂਘ, ਅਜ਼ਾਦੀ ਸਮੇਂ ਉੱਜੜ ਚੁੱਕੇ ਪਰਿਵਾਰਾਂ ਦਾ ਆਪਣੇ ਘਰਾਂ ਖਾਤਰ ਤੜਫਣਾ, ਰਿਸ਼ਤਿਆਂ ਵਿੱਚ ਬਾਪੂ ਦੀ ਮਹਾਨਤਾ ਦੀ ਚਰਚਾ, ਅੱਜ ਦੇ ਸਵਾਰਥੀ ਯੁੱਗ ਵਿੱਚ ਲੋਕਾਂ ਦਾ ਬਦਲਿਆ ਰੂਪ, ਚੜ੍ਹਦੇ ਤੇ ਲਹਿੰਦੇ ਪੰਜਾਬ ਦੀ ਆਪਸੀ ਸਾਂਝ, ਦੋਸਤਾਂ ਨੂੰ ਆਪਣੀ ਦੋਸਤੀ ਦੀ ਅਹਿਮੀਅਤ ਬਾਰੇ ਦੱਸਣਾ, ਏ ਆਈ ਕੀ ਕੁਝ ਕਰ ਰਹੀ ਹੈ ਆਦਿ ਵਿਸ਼ਿਆਂ ਤੇ ਆਪਣੀਆਂ ਰਚਨਾਵਾਂ ਰਾਹੀਂ ਬਾਖੂਬੀ ਰੋਸ਼ਨੀ ਪਾਈ ਗਈ।



ਇਸ ਪ੍ਰੋਗਰਾਮ ਵਿੱਚ ਨਾਵਲਕਾਰ ਬਿੰਦਰ ਕੋਲੀਆਂ ਵਾਲ ਇਟਲੀ, ਗ਼ਜ਼ਲਗੋ ਮੁਖਤਾਰ ਸਿੰਘ ਚੰਦੀ ਸੁਲਤਾਨਪੁਰ ਲੋਧੀ, ਗ਼ਜ਼ਲਗੋ ਪਰਵਿੰਦਰ ਸਿੰਘ ਹੇਅਰ ਬੰਬਈ, ਲੇਖਕ ਕਰਨੈਲ ਸਿੰਘ ਅਸਪਾਲ ਹਰਿਆਣਾ, ਕਲਾਕਾਰ ਮੰਗਤ ਖਾਨ ਪਟਿਆਲਾ, ਕਵਿਤਰੀ ਪੋਲੀ ਬਰਾੜ ਅਮਰੀਕਾ, ਕਵਿਤਰੀ ਬੇਅੰਤ ਕੌਰ ਕਨੇਡਾ, ਲੇਖਕ ਨਛੱਤਰ ਸਿੰਘ ਭੋਗਲ ਇੰਗਲੈਂਡ, ਪ੍ਰੋਫੈਸਰ ਅਮਾਨਤ ਅਲੀ ਪਾਕਿਸਤਾਨ, ਕਲਾਕਾਰ ਸਤਨਾਮ ਧੰਜਲ ਇੰਗਲੈਂਡ, ਅਧਿਆਪਕ ਅਵਤਾਰ ਸਿੰਘ ਭਜਾਣਾ ਪੰਜਾਬ, ਲੇਖਕ ਬਲਵੀਰ ਸਿੰਘ ਲਹਿਰੀ ਪੰਜਾਬ, ਲੇਖਕ ਅਮਜਦ ਰਸੂਲ ਅਮਜਦ ਪਾਕਿਸਤਾਨ, ਡਾਕਟਰ ਕੁਲਦੀਪ ਸਿੰਘ ਪੰਜਾਬ ਅਤੇ ਸਰਬਜੀਤ ਸਿੰਘ ਜਰਮਨੀ ਸ਼ਾਮਲ ਹੋਏ।

ਲਾਈਵ ਚੱਲਦੇ ਪ੍ਰੋਗਰਾਮ ਵਿੱਚ ਸਰੋਤਿਆਂ ਦੀਆਂ ਹੌਂਸਲਾ ਅਫਜਾਈ ਕਰਦੀਆਂ ਟਿੱਪਣੀਆਂ ਪੜ੍ਹੀਆਂ ਗਈਆਂ ਤੇ ਸਰੋਤਿਆਂ ਦਾ ਧੰਨਵਾਦ ਕੀਤਾ ਗਿਆ। ਪ੍ਰੋਗਰਾਮ ਕਲਾਮ ਪੇਸ਼ ਹੈ ਪੂਰੀ ਤਰ੍ਹਾਂ ਸਫਲ ਰਿਹਾ ਤੇ ਪ੍ਰੋਗਰਾਮ ਦੇ ਅਖੀਰ ਵਿੱਚ ਗ਼ਜ਼ਲਗੋ ਪਰਵਿੰਦਰ ਸਿੰਘ ਹੇਅਰ ਜੀ ਨੇ ਹਾਜ਼ਰੀ ਭਰ ਰਹੇ ਸਾਰੇ ਮੈਂਬਰਾਂ ਦਾ ਸਤਿਕਾਰ ਸਹਿਤ ਧੰਨਵਾਦ ਕੀਤਾ। ਜੇਕਰ ਤੁਸੀਂ ਵੀ ਸਾਡੇ ਨਾਲ ਜੁੜਨਾ ਚਾਹੁੰਦੇ ਹੋ ਤਾਂ ਤੁਸੀਂ ਸਾਡੇ ਫੇਸਬੁੱਕ ਪੇਜ਼ 'ਕੌਮਾਂਤਰੀ ਪੰਜਾਬੀ ਕਾਫ਼ਲਾ ਇਟਲੀ' ਤੇ ਲਿਖ ਸਕਦੇ ਹੋ ਜੀ।

ਅਕਾਲੀ ਦਲ ਹੁਣ ਬੀਤੇ ਦੀ ਗੱਲ ਹੈ, ਡਾਇਨਾਸੌਰਸ ਵਾਂਗ ਇਸ ਦੀ ਵਾਪਸੀ ਅਸੰਭਵ ਹੈ: ਬਲਤੇਜ ਪੰਨੂ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੁੰਦੜ ਵੱਲੋਂ ਦਿੱਤੇ ਬਿਆਨ "ਦੂਜੀਆਂ ਪਾਰਟੀਆਂ ਦੇ ਆਗੂ ਸਾਡੇ ਸੰਪਰਕ ਵਿੱਚ ਹਨ" 'ਤੇ ਤਿੱਖਾ ਪਲਟਵਾਰ ਕਰਦਿਆਂ ਕਿਹਾ ਕਿ ਆਪਣੀ ਖੋ ਚੁੱਕੀ ਸਿਆਸੀ ਹੋਂਦ ਬਚਾਉਣ ਲਈ ਛਟਪਟਾ ਰਹੇ ਅਕਾਲੀ ਆਗੂ ਹੁਣ ਕੋਰੇ ਝੂਠ ਅਤੇ ਹਾਸੋਹੀਣੇ ਦਾਅਵਿਆਂ ਦਾ ਸਹਾਰਾ ਲੈ ਰਹੇ ਹਨ।

ਉਨ੍ਹਾਂ ਕਿਹਾ ਕਿ ਜਿਸ ਪਾਰਟੀ ਨੂੰ ਪੰਜਾਬ ਦੇ ਲੋਕਾਂ ਨੇ ਪੂਰੀ ਤਰ੍ਹਾਂ ਨਕਾਰ ਕੇ ਹਾਸ਼ੀਏ 'ਤੇ ਧੱਕ ਦਿੱਤਾ ਹੈ, ਉਸ ਦੇ ਆਗੂਆਂ ਵੱਲੋਂ ਅਜਿਹੇ ਫੋਕੇ ਬਿਆਨ ਦੇਣਾ ਉਨ੍ਹਾਂ ਦੀ ਨਿਰਾਸ਼ਾ ਅਤੇ ਬੌਖਲਾਹਟ ਨੂੰ ਸਾਫ਼ ਦਰਸਾਉਂਦਾ ਹੈ। ਬਲਤੇਜ ਪੰਨੂ ਨੇ ਭੁੰਦੜ ਦੇ ਇਸ ਬਿਆਨ 'ਤੇ ਤੰਜ ਕੱਸਦਿਆਂ 'ਯ' 'ਤੇ ਲਿਖਿਆ "'ਅਕਾਲੀ ਆਗੂ ਬਲਵਿੰਦਰ ਸਿੰਘ ਭੁੰਦੜ ਦਾ ਕਹਿਣਾ ਹੈ ਕਿ ਸਾਰੀਆਂ ਪਾਰਟੀਆਂ ਦੇ ਬੰਦੇ ਸਾਡੇ ਸੰਪਰਕ ਵਿਚ ਹਨ! ਭੁੰਦੜ ਸਾਹਿਬ ਤੁਹਾਡੇ ਆਪਣੇ ਬੰਦੇ ਤਾਂ ਤੁਹਾਡੇ ਸੰਪਰਕ ਵਿਚ ਰਹੇ ਨਹੀਂ, ਹੁੰਦੇ ਤਾਂ ਤਿੰਨ ਨਵੇਂ ਅਕਾਲੀ ਦਲ ਨਾ ਬਣਦੇ!



ਅਕਾਲੀ ਦਲ ਬਾਦਲ ਬੀਤੇ ਸਮੇਂ ਦੀ ਗੱਲ ਹੋ ਗਿਆ ਹੈ "ਨਾ ਡਾਇਨਾਸੋਰ ਪਰਤਣਗੇ ਨਾ ਤੁਸੀਂ"'। ਪੰਨੂ ਨੇ ਅੱਗੇ ਕਿਹਾ ਕਿ ਬਾਦਲ ਪਰਿਵਾਰ ਨੇ ਆਪਣੇ ਨਿੱਜੀ ਹਿੱਤਾਂ ਅਤੇ ਕੁਰਸੀ ਲਈ ਪੰਜਾਬ ਦੇ ਸਰਮਾਏ, ਜਵਾਨੀ ਅਤੇ ਭਾਈਚਾਰਕ ਸਾਂਝ ਦਾ ਭਾਰੀ ਨੁਕਸਾਨ ਕੀਤਾ ਹੈ। ਉਨ੍ਹਾਂ ਦੇ ਗਲਤ ਫੈਸਲਿਆਂ ਅਤੇ ਪੰਥਕ ਰਾਜਨੀਤੀ ਤੋਂ ਮੁੱਖ ਮੋੜਨ ਕਰਕੇ ਹੀ ਅੱਜ ਅਕਾਲੀ ਦਲ ਵਿੱਚੋਂ ਉਨ੍ਹਾਂ ਦੇ ਆਪਣੇ ਪੁਰਾਣੇ ਟਕਸਾਲੀ ਅਤੇ ਸੀਨੀਅਰ ਸਾਥੀ ਵੀ ਬਾਗੀ ਹੋ ਕੇ ਕਿਨਾਰਾ ਕਰ ਚੁੱਕੇ ਹਨ। ਅੱਜ ਅਕਾਲੀ ਦਲ ਅੰਦਰੂਨੀ ਬਗਾਵਤ ਅਤੇ ਧੜੇਬੰਦੀ ਦਾ ਸ਼ਿਕਾਰ ਹੋ ਕੇ ਪੂਰੀ ਤਰ੍ਹਾਂ ਬਿਖਰ ਚੁੱਕਾ ਹੈ, ਜਿਸ ਕਾਰਨ ਇਨ੍ਹਾਂ ਕੋਲ ਲੋਕਾਂ ਦਾ ਧਿਆਨ ਭਟਕਾਉਣ ਲਈ ਅਜਿਹੇ ਝੂਠੇ ਬਿਆਨਾਂ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ ਬਚਿਆ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਦੀ ਜਨਤਾ ਹੁਣ ਬਹੁਤ ਸਮਝਦਾਰ ਹੈ ਅਤੇ ਉਹ ਅਕਾਲੀ ਦਲ ਦੇ ਕਿਸੇ ਝੂਠੇ ਦਾਅਵਿਆਂ ਵਿੱਚ ਦੁਬਾਰਾ ਆਉਣ ਵਾਲੀ ਨਹੀਂ। ਮੁੱਖ ਮੰਤਰੀ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਲੋਕ ਹਿੱਤਾਂ ਲਈ ਦਿਨ-ਰਾਤ ਸਮਰਪਿਤ ਹੋ ਕੇ ਕੰਮ ਕਰ ਰਹੀ ਹੈ, ਜਦਕਿ ਵਿਰੋਧੀ ਧਿਰਾਂ ਕੋਲ ਕੋਈ ਠੋਸ ਮੁੱਦਾ ਨਹੀਂ ਰਹਿ ਗਿਆ। ਅਕਾਲੀ ਆਗੂ ਦੂਜੀਆਂ ਪਾਰਟੀਆਂ ਦੇ ਬੰਦੇ ਸੰਪਰਕ ਵਿੱਚ ਹੋਣ ਦੇ ਦਾਅਵੇ ਕਰਨ ਦੀ ਬਜਾਏ ਆਪਣੀ ਢਹਿ-ਢੇਰੀ ਹੋ ਰਹੀ ਪਾਰਟੀ ਨੂੰ ਸੰਭਾਲਣ ਦਾ ਫਿਕਰ ਕਰਨ।

ਦਿੱਲੀ ਦੇ ਉਪ-ਰਾਜਪਾਲ ਸੰਧੂ ਤੇ ਮੁਖ ਮੰਤਰੀ ਭੂਪੇਂਦਰ ਪਟੇਲ ਵੱਲੋਂ ਸ.ਤੇਜਾ ਸਿੰਘ ਸਮੁੰਦਰੀ ਬਾਰੇ ਗੁਜਰਾਤੀ 'ਚ ਪੁਸਤਕ ਰਿਲੀਜ਼

ਲੁਧਿਆਣਾ ਸਾਂਝੀ ਸੋਚ ਬਿਊਰੋ

ਦਿੱਲੀ ਦੇ ਉਪ-ਰਾਜਪਾਲ ਤਰਨਜੀਤ ਸਿੰਘ ਸੰਧੂ ਅਤੇ ਗੁਜਰਾਤ ਦੇ ਮੁੱਖ ਮੰਤਰੀ ਭੂਪੇਂਦਰ ਪਟੇਲ ਨੇ ਅਹਿਮਦਾਬਾਦ ਵਿਖੇ ਸਾਬਰਮਤੀ ਅੰਤਰਰਾਸ਼ਟਰੀ ਪੁਸਤਕ ਮੇਲੇ ਦੌਰਾਨ ਸਿੱਖ ਆਗੂ ਅਤੇ ਆਜ਼ਾਦੀ ਸੰਗਰਾਮੀ ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਜੀਵਨ ਅਤੇ ਯੋਗਦਾਨ ਬਾਰੇ ਗੁਜਰਾਤੀ ਭਾਸ਼ਾ ਵਿੱਚ ਪ੍ਰਕਾਸ਼ਿਤ ਪੁਸਤਕ ਰਿਲੀਜ਼ ਕੀਤੀ। ਨੈਸ਼ਨਲ ਬੁੱਕ ਟਰੱਸਟ ਵੱਲੋਂ ਗੁਜਰਾਤ ਸਰਕਾਰ ਦੇ ਸਹਿਯੋਗ ਨਾਲ ਪ੍ਰਕਾਸ਼ਿਤ ਇਸ ਪੁਸਤਕ ਨੂੰ ਦੋਵਾਂ ਆਗੂਆਂ ਨੇ ਸਾਂਝੇ ਤੌਰ 'ਤੇ ਲੋਕ ਅਰਪਣ ਕੀਤਾ।

ਇਸ ਦੌਰੇ ਦੌਰਾਨ ਨਵਲ ਕਿਸ਼ੋਰ, ਦਪਿੰਦਰ ਸਿੰਘ ਅਤੇ ਤਿਆਗੀ ਨੇ ਅਹਿਮ ਭੂਮਿਕਾ ਨਿਭਾਈ। ਅਹਿਮਦਾਬਾਦ ਪਹੁੰਚਣ 'ਤੇ ਤਿਆਗੀ ਵੱਲੋਂ ਤਰਨਜੀਤ ਸਿੰਘ ਸੰਧੂ ਦਾ ਨਿੱਘਾ ਸਵਾਗਤ ਕੀਤਾ ਗਿਆ। ਨਵਲ ਕਿਸ਼ੋਰ, ਦਪਿੰਦਰ ਸਿੰਘ ਅਤੇ ਤਿਆਗੀ ਪੂਰੇ ਦੌਰੇ ਦੌਰਾਨ ਉਨ੍ਹਾਂ ਦੇ ਨਾਲ ਰਹੇ ਅਤੇ ਪ੍ਰੋਗਰਾਮਾਂ ਦੇ ਪ੍ਰਬੰਧਾਂ ਤੇ ਸਫ਼ਲਤਾ ਵਿੱਚ ਸਰਗਰਮ ਸਹਿਯੋਗ ਦਿੱਤਾ।

ਅੱਜ ਦਿੱਲੀ ਵਾਪਸੀ ਤੋਂ ਪਹਿਲਾਂ ਤਰਨਜੀਤ ਸਿੰਘ ਸੰਧੂ ਗੋਵਿੰਦ ਧਾਮ ਗੁਰਦੁਆਰਾ ਸਾਹਿਬ, ਅਹਿਮਦਾਬਾਦ ਵਿਖੇ ਨਤਮਸਤਕ ਹੋਏ ਅਤੇ ਸਮੂੱਚੀ ਸੰਗਤ ਨਾਲ ਮਿਲ ਕੇ ਅਹਿਮਦਾਬਾਦ, ਗੁਜਰਾਤ, ਦਿੱਲੀ ਅਤੇ ਪੂਰੇ ਦੇਸ਼ ਦੀ ਸ਼ਾਂਤੀ, ਖੁਸ਼ਹਾਲੀ ਤੇ ਬਿਹਤਰੀ ਲਈ ਅਰਦਾਸ ਕੀਤੀ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦਾ 'ਵੰਡ ਛਕੋ ਅਤੇ ਸੇਵਾ ਕਰੋ' ਦਾ ਸੰਦੇਸ਼ ਸਾਨੂੰ ਸੇਵਾ, ਸਾਂਝ ਅਤੇ ਸਮਾਜਿਕ ਸਦਭਾਵਨਾ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ। ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਯੋਗਦਾਨ ਦਾ ਜ਼ਿਕਰ ਕਰਦਿਆਂ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਨਾਲ ਉਨ੍ਹਾਂ ਦਾ ਵਿਸ਼ੇਸ਼ ਨਾਤਾ ਹੈ।

ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿੱਚ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਉਨ੍ਹਾਂ ਦੇ ਦਾਦਾ ਸਰਦਾਰ ਤੇਜਾ ਸਿੰਘ ਸਮੁੰਦਰੀ ਦੀ ਯਾਦ ਅਤੇ ਪੰਥ ਲਈ ਕੀਤੀਆਂ ਸੇਵਾਵਾਂ ਦਾ ਵਿਲੱਖਣ ਪ੍ਰਤੀਕ ਹੈ। ਉਨ੍ਹਾਂ ਦੀ ਅਗਵਾਈ ਅਤੇ ਸਰਗਰਮ ਭੂਮਿਕਾ ਗੁਰਦੁਆਰਾ ਸੁਧਾਰ ਲਹਿਰ ਅਤੇ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਨਾਲ ਜੁੜੀ ਰਹੀ। ਉਨ੍ਹਾਂ ਨੇ ਸਿੱਖਿਆ ਦੇ ਪ੍ਰਸਾਰ, ਸਮਾਜ ਦੇ ਲੋਕਤੰਤਰੀਕਰਨ ਅਤੇ ਮਹਿਲਾਵਾਂ, ਨੌਜਵਾਨਾਂ ਤੇ ਦਲਿਤ ਭਾਈਚਾਰੇ ਦੇ ਸਸ਼ਕਤੀਕਰਨ ਲਈ ਵੀ ਮਹੱਤਵਪੂਰਨ ਕੰਮ ਕੀਤਾ। ਸੰਧੂ ਨੇ ਗੁਰਦੁਆਰਾ ਸੁਧਾਰ ਲਹਿਰ ਦੌਰਾਨ ਸਿੱਖਾਂ ਵੱਲੋਂ ਚਾਬੀਆਂ ਦਾ ਮੋਰਚਾ ਫ਼ਤਹਿ ਕੀਤੇ ਜਾਣ ਨੂੰ ਇਤਿਹਾਸਕ ਪ੍ਰਾਪਤੀ ਦੱਸਿਆ।

ਉਨ੍ਹਾਂ ਕਿਹਾ ਕਿ ਇਸ ਜਿੱਤ 'ਤੇ ਮਹਾਤਮਾ ਗਾਂਧੀ ਨੇ ਸਿੱਖ ਭਾਈਚਾਰੇ ਨੂੰ ਵਧਾਈ ਦਿੰਦਿਆਂ ਕਿਹਾ ਸੀ ਕਿ "ਹਿੰਦੁਸਤਾਨ ਦੀ ਆਜ਼ਾਦੀ ਦੀ ਪਹਿਲੀ ਜੰਗ ਜਿੱਤੀ ਗਈ ਹੈ।" ਇਹ ਕਥਨ ਗੁਰਦੁਆਰਾ ਸੁਧਾਰ ਲਹਿਰ ਦੀ ਇਤਿਹਾਸਕ ਮਹੱਤਤਾ ਅਤੇ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿੱਚ ਸਿੱਖਾਂ ਦੇ ਯੋਗਦਾਨ ਨੂੰ ਉਜਾਗਰ ਕਰਦਾ ਹੈ।

ਉਨ੍ਹਾਂ ਕਿਹਾ ਕਿ ਮਹਾਤਮਾ ਗਾਂਧੀ, ਮਦਨ ਮੋਹਨ ਮਾਲਵੀਆ ਅਤੇ ਹੋਰ ਕੌਮੀ ਆਗੂਆਂ ਨਾਲ ਸਿੱਖਾਂ ਦੇ ਇਤਿਹਾਸਕ ਸਬੰਧਾਂ ਅਤੇ ਆਜ਼ਾਦੀ ਦੀ ਲਹਿਰ ਵਿੱਚ ਸਿੱਖ ਭਾਈਚਾਰੇ ਦੀਆਂ ਕੁਰਬਾਨੀਆਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਬੇਹੱਦ ਜ਼ਰੂਰੀ ਹੈ। ਸਰਦਾਰ ਤੇਜਾ ਸਿੰਘ ਸਮੁੰਦਰੀ ਬਾਰੇ ਗੁਜਰਾਤੀ ਭਾਸ਼ਾ ਵਿੱਚ ਪੁਸਤਕ ਦਾ ਪ੍ਰਕਾਸ਼ਨ ਇਸੇ ਦਿਸ਼ਾ ਵਿੱਚ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸਰਦਾਰ ਤੇਜਾ ਸਿੰਘ ਸਮੁੰਦਰੀ ਵਰਗੀਆਂ ਮਹਾਨ ਸ਼ਖ਼ਸੀਅਤਾਂ ਦਾ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੇਵਾ, ਸਿੱਖਿਆ ਅਤੇ ਕੁਰਬਾਨੀ ਲਈ ਪ੍ਰੇਰਿਤ ਕਰਦਾ ਰਹੇਗਾ।

ਤਰਨਜੀਤ ਸਿੰਘ ਸੰਧੂ ਨੇ ਗੋਵਿੰਦ ਧਾਮ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸਮੂੱਚੀ ਸੰਗਤ ਵੱਲੋਂ ਮਿਲੇ ਪਿਆਰ, ਸਤਿਕਾਰ ਅਤੇ ਨਿੱਘੇ ਸਵਾਗਤ ਲਈ ਧੰਨਵਾਦ ਕੀਤਾ। ਖਾਸ ਕਰਕੇ ਸੰਧੂ ਨੇ ਅਹਿਮਦਾਬਾਦ ਦੌਰੇ ਦੌਰਾਨ ਪ੍ਰਬੰਧਾਂ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਨਵਲ ਕਿਸ਼ੋਰ, ਦਪਿੰਦਰ ਸਿੰਘ ਅਤੇ ਤਿਆਗੀ ਦਾ ਵਿਸ਼ੇਸ਼ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਗੁਜਰਾਤ ਜਿਸ ਤਰ੍ਹਾਂ ਤਰੱਕੀ ਦੇ ਰਾਹ 'ਤੇ ਅੱਗੇ ਵਧ ਰਿਹਾ ਹੈ ਅਤੇ ਇੱਥੇ ਵੱਸਦਾ ਸਿੱਖ ਭਾਈਚਾਰਾ ਖੁਸ਼ਹਾਲ ਹੈ, ਇਹ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਾਮਨਾ ਕੀਤੀ ਕਿ ਗੁਜਰਾਤ ਹੋਰ ਤਰੱਕੀ ਕਰੇ, ਸਿੱਖ ਭਾਈਚਾਰਾ ਹੋਰ ਖੁਸ਼ਹਾਲ ਹੋਵੇ ਅਤੇ ਪੂਰੇ ਦੇਸ਼ ਵਿੱਚ ਸ਼ਾਂਤੀ, ਆਪਸੀ ਸਦਭਾਵਨਾ ਤੇ ਖੁਸ਼ਹਾਲੀ ਬਣੀ ਰਹੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Sikandar Singh Grewal &
Charanjit Kaur Grewal
(Tracy)

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Jay Gill

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Baljit Singh

Delhi Gas Station

Waterford Gas Station

Dollar City Corp Stores



Gurvir Sandhu

‘ਗੈਂਗਸਟਰਾਂ ’ਤੇ ਵਾਰ’ ਮੁਹਿੰਮ ਦਾ 278ਵਾਂ ਦਿਨ ਪੰਜਾਬ ਪੁਲਿਸ ਵੱਲੋਂ 525 ਥਾਈਂ ਛਾਪੇਮਾਰੀ: 209 ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



‘ਗੈਂਗਸਟਰਾਂ ’ਤੇ ਵਾਰ’ ਮੁਹਿੰਮ ਦੇ 278ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਸੈਪ ਕੀਤੇ 525 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ ਪੰਜਾਬ ਨੂੰ ਗੈਂਗਸਟਰ-ਮੁਕਤ ਸੂਬਾ ਬਣਾਉਣ ਲਈ ਸ਼ੁਰੂ ਕੀਤੀ ਗਈ ਇਸ ਫੈਸਲਾਕੁੰਨ ਮੁਹਿੰਮ ‘ਗੈਂਗਸਟਰਾਂ ’ਤੇ ਵਾਰ’ ਦੀ ਸ਼ੁਰੂਆਤ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਵੱਲੋਂ 20 ਜਨਵਰੀ, 2026 ਨੂੰ ਕੀਤੀ ਗਈ ਸੀ। ਸੂਬੇ ਭਰ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ, ‘ਐਂਟੀ-ਗੈਂਗਸਟਰ ਟਾਸਕ ਫੋਰਸ’ ਪੰਜਾਬ ਦੇ ਤਾਲਮੇਲ ਨਾਲ ਵਿਸ਼ੇਸ਼ ਮੁਹਿੰਮਾਂ ਚਲਾ ਰਹੀਆਂ ਹਨ। ਮੁਹਿੰਮ ਦੇ 278ਵੇਂ ਦਿਨ ਪੁਲਿਸ ਟੀਮਾਂ ਨੇ 209 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਕੋਲੋਂ ਇੱਕ ਹਥਿਆਰ ਬਰਾਮਦ ਕੀਤਾ। ਇਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਕੁੱਲ ਗਿਣਤੀ 80,667 ਹੋ ਗਈ ਹੈ। ਇਸ ਤੋਂ ਇਲਾਵਾ 181 ਵਿਅਕਤੀਆਂ ਵਿਰੁੱਧ ਰੋਕਥਾਮ ਵਾਲੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਇਸ ਮੁਹਿੰਮ ਦੌਰਾਨ ਅੱਠ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਆਮ ਲੋਕ, ‘ਐਂਟੀ-ਗੈਂਗਸਟਰ ਹੈਲਪਲਾਈਨ’ ਨੰਬਰ 93946-93946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧਾਂ ਜਾਂ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਨੂੰ 603ਵੇਂ ਦਿਨ ਵੀ ਜਾਰੀ ਰੱਖਿਆ। ਅੱਜ 152 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਕੋਲੋਂ 11.7 ਕਿਲੋ ਹੈਰੋਇਨ, 1028 ਨਸ਼ੀਲੀਆਂ ਗੋਲੀਆਂ ਅਤੇ 5200 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਹੀ ਸਿਰਫ਼ 603 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 88,086 ਤੱਕ ਪਹੁੰਚ ਗਈ ਹੈ। ਨਸ਼ਾ ਛੁਡਾਊ ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਅੱਜ 29 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ-ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

ਭਾਰਤ ਅਤੇ ਕਿਊਬਾ ਨੇ ਸੰਸਦੀ ਆਦਾਨ-ਪ੍ਰਦਾਨ ਨੂੰ ਮਜ਼ਬੂਤ ਕਰਨ ਅਤੇ ਸਿਹਤ ਸੰਭਾਲ ਖੇਤਰ ਵਿੱਚ ਸਹਿਯੋਗ 'ਤੇ ਕੀਤੀ ਚਰਚਾ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਐਤਵਾਰ ਨੂੰ ਇੱਥੇ ਕਿਊਬਾ ਦੀ ‘ਨੈਸ਼ਨਲ ਅਸੈਂਬਲੀ ਆਫ਼ ਪੀਪਲਜ਼ ਪਾਵਰ’ ਅਤੇ ‘ਕੌਂਸਲ ਆਫ਼ ਸਟੇਟ’ ਦੀ ਉਪ-ਰਾਸ਼ਟਰਪਤੀ ਅਨਾ ਮਾਰੀਆ ਮਾਰੀ ਮਚਾਡੋ ਨਾਲ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਸੰਸਦੀ ਆਦਾਨ-ਪ੍ਰਦਾਨ ਨੂੰ ਮਜ਼ਬੂਤ ਕਰਨ, ਸਮਰੱਥਾ ਨਿਰਮਾਣ, ਅਤੇ ਸਿਹਤ ਸੰਭਾਲ ਤੇ ਫਾਰਮਾਸਿਊਟੀਕਲ (ਦਵਾਈਆਂ) ਦੇ ਖੇਤਰ ਵਿੱਚ ਸਹਿਯੋਗ ਵਧਾਉਣ ਬਾਰੇ ਚਰਚਾ ਕੀਤੀ ਗਈ। ਇਸ ਮੁਲਾਕਾਤ ਦੌਰਾਨ, ਦੋਵਾਂ ਧਿਰਾਂ ਨੇ ਇਸ ਗੱਲ ‘ਤੇ ਜ਼ੋਰ ਦਿੱਤਾ ਕਿ ਸੰਸਦੀ ਪੱਧਰ ‘ਤੇ ਨੇੜਲੇ ਸੰਪਰਕ ਭਾਰਤ ਅਤੇ ਕਿਊਬਾ ਵਿਚਕਾਰ ਦੋਸਤੀ ਨੂੰ ਹੋਰ ਮਜ਼ਬੂਤ ਕਰਨਗੇ। ਬਿਰਲਾ ਨੇ ‘ਐਕਸ’’ਤੇ ਪੋਸਟ ਕੀਤਾ, “12ਵੇਂ ਬ੍ਰਿਕਸ ਸੰਸਦੀ ਫੋਰਮ 2026 ਤੋਂ ਪਹਿਲਾਂ, ਕਿਊਬਾ ਦੀ ‘ਨੈਸ਼ਨਲ ਅਸੈਂਬਲੀ ਆਫ਼ ਪੀਪਲਜ਼ ਪਾਵਰ’ ਅਤੇ ‘ਕੌਂਸਲ ਆਫ਼ ਸਟੇਟ’ ਦੀ ਉਪ-ਰਾਸ਼ਟਰਪਤੀ ਅਨਾ ਮਾਰੀਆ ਮਾਰੀ ਮਚਾਡੋ ਨਾਲ ਮੁਲਾਕਾਤ ਕਰਕੇ ਖੁਸ਼ੀ ਹੋਈ। ਅਸੀਂ ਸੰਸਦੀ ਆਦਾਨ-ਪ੍ਰਦਾਨ ਨੂੰ ਮਜ਼ਬੂਤ ਕਰਨ, ਸਮਰੱਥਾ ਨਿਰਮਾਣ ਅਤੇ ਸਿਹਤ ਸੰਭਾਲ ਤੇ ਫਾਰਮਾਸਿਊਟੀਕਲ ਖੇਤਰ ਵਿੱਚ ਸਹਿਯੋਗ ਬਾਰੇ ਚਰਚਾ ਕੀਤੀ।”

ਉਨ੍ਹਾਂ ਅੱਗੇ ਕਿਹਾ, “‘ਗਲੋਬਲ ਸਾਊਥ’ (ਵਿਕਾਸਸ਼ੀਲ ਦੇਸ਼ਾਂ) ਦੀਆਂ ਤਰਜੀਹਾਂ ਨੂੰ ਅੱਗੇ ਵਧਾਉਣ ਵਿੱਚ ਬ੍ਰਿਕਸ ਦੀ ਭੂਮਿਕਾ ‘ਤੇ ਜ਼ੋਰ ਦਿੰਦੇ ਹੋਏ, ਇਹ ਦੁਹਰਾਇਆ ਗਿਆ ਕਿ ਸੰਸਦੀ ਪੱਧਰ ‘ਤੇ ਨੇੜਲੇ ਸੰਪਰਕ ਭਾਰਤ ਅਤੇ ਕਿਊਬਾ ਵਿਚਕਾਰ ਦੋਸਤੀ ਅਤੇ ਏਕਤਾ ਦੇ ਲੰਬੇ ਸਮੇਂ ਤੋਂ ਚੱਲੇ ਆ ਰਹੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨਗੇ।”ਇਹ ਮੁਲਾਕਾਤ 12ਵੇਂ ਬ੍ਰਿਕਸ ਸੰਸਦੀ ਫੋਰਮ 2026 ਤੋਂ ਪਹਿਲਾਂ ਹੋਈ ਹੈ, ਜਿਸ ਦੀ ਮੇਜ਼ਬਾਨੀ ਭਾਰਤੀ ਸੰਸਦ ਦੁਆਰਾ 26-27 ਅਕਤੂਬਰ ਨੂੰ ਇੱਥੇ ‘ਸੰਵਿਧਾਨ ਸਦਨ’ ਦੇ ਸੈਂਟਰਲ ਹਾਲ ਵਿੱਚ ਕੀਤੀ ਜਾਵੇਗੀ। ਭਾਰਤ ਦੀ ਪ੍ਰਧਾਨਗੀ ਹੇਠ ਹੋਣ ਵਾਲੇ ਇਸ ਫੋਰਮ ਵਿੱਚ ਬ੍ਰਿਕਸ ਦੇ ਮੈਂਬਰ ਅਤੇ ਭਾਈਵਾਲ ਦੇਸ਼ਾਂ ਦੇ ਸੰਸਦੀ ਆਗੂ ਇਕੱਠੇ ਹੋਣਗੇ, ਜੋ ਲੋਕ-ਕੇਂਦਰਿਤ ਵਿਕਾਸ ‘ਤੇ ਵਿਚਾਰ-ਵਟਾਂਦਰਾ ਕਰਨਗੇ ਅਤੇ ਸੰਸਦੀ ਸਹਿਯੋਗ ਨੂੰ ਮਜ਼ਬੂਤ ਕਰਨਗੇ। ਵੀਰਵਾਰ ਨੂੰ ਸੰਸਦ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਬਿਰਲਾ ਨੇ ਕਿਹਾ ਕਿ ਬ੍ਰਿਕਸ ਸੰਸਦੀ ਫੋਰਮ ਭਾਰਤ ਦੀ ਸੰਸਦੀ ਕੂਟਨੀਤੀ ਦੇ ਇਤਿਹਾਸ ਵਿੱਚ ਇੱਕ ਨਵਾਂ ਅਧਿਆਏ ਜੋੜਦਾ ਹੈ। ਇਸ ਵਿੱਚ ਬ੍ਰਿਕਸ ਦੇ ਮੈਂਬਰ ਅਤੇ ਭਾਈਵਾਲ ਦੇਸ਼ਾਂ ਦੇ ਸੰਸਦੀ ਮੁਖੀ (ਪ੍ਰੀਜ਼ਾਈਡਿੰਗ ਅਫ਼ਸਰ) ਅਤੇ ਸੰਸਦੀ ਆਗੂ, ਕੇਂਦਰੀ ਮੰਤਰੀ, ਰਾਜ ਸਭਾ ਦੇ ਉਪ-ਚੇਅਰਮੈਨ ਹਰੀਵੰਸ਼, ਰਾਜ ਵਿਧਾਨ ਸਭਾਵਾਂ ਦੇ ਮੁਖੀ 12ਵੇਂ ਬ੍ਰਿਕਸ ਸੰਸਦੀ ਫੋਰਮ ਦੇ ਸਾਂਝੇ ਬਿਆਨ ਨੂੰ ਅੰਤਿਮ ਰੂਪ ਦੇਣ ਲਈ, ਵਫ਼ਦਾਂ ਦੇ ਸਕੱਤਰਾਂ ਦੀ ਇੱਕ ਮੀਟਿੰਗ 25 ਅਕਤੂਬਰ ਨੂੰ ਹੋਵੇਗੀ। ਮਈ ਵਿੱਚ, ਵਿਦੇਸ਼ ਮੰਤਰੀ ਐਸ. ਜੈਸ਼ੰਕਰ ਨੇ ਨਵੀਂ ਦਿੱਲੀ ਵਿੱਚ ਬ੍ਰਿਕਸ ਵਿਦੇਸ਼ ਮੰਤਰੀਆਂ ਦੀ ਮੀਟਿੰਗ ਦੌਰਾਨ ਕਿਊਬਾ ਦੇ ਆਪਣੇ ਹਮਰੁਤਬਾ ਬਰੂਨੋ ਰੋਡਰਿਗਜ਼ ਪੈਰੀਲਾ ਨਾਲ ਮੁਲਾਕਾਤ ਕੀਤੀ ਸੀ। ਇਸ ਦੌਰਾਨ ਦੋਵਾਂ ਧਿਰਾਂ ਨੇ ਸਿਹਤ, ਵਿਕਾਸ ਪਹਿਲਕਦਮੀਆਂ ਅਤੇ ਸਮਰੱਥਾ ਨਿਰਮਾਣ ਵਰਗੇ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਦੀ ਸਮੀਖਿਆ ਕੀਤੀ।

ਗੁਹਾਟੀ ’ਚ ਹੋਟਲ ’ਚ ਅੰਨ੍ਹੇਵਾਹ ਫਾਇਰਿੰਗ ਔਰਤ ਸਮੇਤ 6 ਲੋਕਾਂ ਦੀ ਮੌਤ: ਕਈ ਗੰਭੀਰ ਜ਼ਖ਼ਮੀ

ਗੁਹਾਟੀ
ਸਾਂਝੀ ਸੋਚ ਬਿਊਰੋ



ਅਸਾਮ ਦੇ ਗੁਹਾਟੀ ਵਿੱਚ ਸੋਮਵਾਰ ਰਾਤ ਨੂੰ ਇੱਕ ਹੋਟਲ ਨੇੜੇ ਅਣਪਛਾਤੇ ਹਮਲਾਵਰਾਂ ਨੇ ਗੋਲੀਬਾਰੀ ਕੀਤੀ। ਇਸ ਗੋਲੀਬਾਰੀ ਵਿੱਚ ਇੱਕ ਔਰਤ ਸਮੇਤ ਛੇ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਗੰਭੀਰ ਜ਼ਖਮੀ ਹੋ ਗਏ। ਜ਼ਖਮੀਆਂ ਵਿੱਚ ਹੋਟਲ ਦੇ ਕਰਮਚਾਰੀ ਅਤੇ ਸਟਾਫ ਸ਼ਾਮਲ ਦੱਸੇ ਜਾ ਰਹੇ ਹਨ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਇਹ ਘਟਨਾ ਸੋਮਵਾਰ ਰਾਤ 10 ਵਜੇ ਦੇ ਕਰੀਬ ਕਲਿਆਣ ਜਵੈਲਰਜ਼ ਦੇ ਆਊਟਲੈੱਟ ਨੇੜੇ ਹੋਟਲ ਬਿਲਾਸ ਇਨ ਦੇ ਨੇੜੇ ਇੱਕ ਭੀੜ-ਭੜੱਕੇ ਵਾਲੀ ਗਲੀ ਵਿੱਚ ਵਾਪਰੀ। ਗੋਲੀਬਾਰੀ ਦੀ ਆਵਾਜ਼ ਇਲਾਕੇ ਵਿੱਚ ਫੈਲ ਗਈ। ਸੂਚਨਾ ਮਿਲਦੇ ਹੀ, ਪੁਲਿਸ ਦੀਆਂ ਉੱਚ ਟੀਮਾਂ ਤੁਰੰਤ ਮੌਕੇ ‘ਤੇ ਪਹੁੰਚੀਆਂ ਅਤੇ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ। ਜ਼ਖਮੀਆਂ ਨੂੰ ਇਲਾਜ ਲਈ ਨੇੜਲੇ ਹਸਪਤਾਲ ਭੇਜਿਆ ਗਿਆ। ਗੋਲੀਬਾਰੀ ਕਰਨ ਵਾਲਿਆਂ ਦੀ ਪਛਾਣ ਅਜੇ ਤੱਕ ਸਥਾਪਤ ਨਹੀਂ ਹੋ ਸਕੀ ਹੈ। ਗੁਹਾਟੀ ਦੇ ਪੁਲਿਸ ਕਮਿਸ਼ਨਰ ਪਾਰਥ ਸਾਰਥੀ ਮਹੰਤ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਪੁਲਿਸ ਨੇ ਹੁਣ ਤੱਕ ਘਟਨਾ ਸਥਾਨ ਤੋਂ ਚਾਰ ਲਾਸ਼ਾਂ ਬਰਾਮਦ ਕੀਤੀਆਂ ਹਨ, ਜਿਨ੍ਹਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਉਨ੍ਹਾਂ ਖਦਸ਼ਾ ਪ੍ਰਗਟ ਕੀਤਾ ਕਿ ਜਾਂਚ ਜਾਰੀ ਰਹਿਣ ਨਾਲ ਮੌਤਾਂ ਦੀ ਗਿਣਤੀ ਵੱਧ ਸਕਦੀ ਹੈ। ਮੁੱਢਲੀ ਜਾਂਚ ਦੇ ਅਨੁਸਾਰ, ਘਟਨਾ ਵਿੱਚ ਘੱਟੋ-ਘੱਟ ਪੰਜ ਲੋਕਾਂ ਨੂੰ ਗੋਲੀ ਲੱਗੀ ਹੈ। ਮ੍ਰਿਤਕਾਂ ਦੀ ਪਛਾਣ ਅਜੇ ਤੱਕ ਸਥਾਪਤ ਨਹੀਂ ਹੋ ਸਕੀ ਹੈ ਅਤੇ ਨਾ ਹੀ ਗੋਲੀਬਾਰੀ ਦਾ ਕਾਰਨ ਪਤਾ ਲੱਗਿਆ ਹੈ। ਪੁਲਿਸ ਨੇ ਇਲਾਕੇ ਨੂੰ ਘੇਰ ਲਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਹੈ।

ਗੈਂਗਸਟਰ ਅੰਮ੍ਰਿਤਪਾਲ ਸਿੰਘ ਬਾਠ ਸਰੀ ਪੁਲਿਸ ਵੱਲੋਂ ਗ੍ਰਿਫ਼ਤਾਰ

ਸਰੀ (ਕੈਨੇਡਾ)
ਸਾਂਝੀ ਸੋਚ ਬਿਊਰੋ

ਸਰੀ ਪੁਲਿਸ ਸਰਵਿਸ ਦੇ ਅਧਿਕਾਰੀਆਂ ਨੇ 8 ਅਕਤੂਬਰ 2026 ਨੂੰ ਰਾਤ 8:19 ਵਜੇ ਸਰੀ ਦੇ ਡਾਊਨਟਾਊਨ ਇਲਾਕੇ ਵਿੱਚ ਸੈਂਟਰਲ ਐਵੇਨਿਊ ਅਤੇ 134 ਸਟਰੀਟ ਨੇੜੇ ਇੱਕ ਗੱਡੀ ਨੂੰ ਰੋਕ ਕੇ ਜਾਂਚ ਕੀਤੀ। ਇਸ ਦੌਰਾਨ 33 ਸਾਲਾ ਭਾਰਤੀ ਗੈਂਗਸਟਰ ਅੰਮ੍ਰਿਤਪਾਲ ਸਿੰਘ ਬਾਠ ਨੂੰ ਗ੍ਰਿਫ਼ਤਾਰ ਕੀਤਾ ਗਿਆ। ਸਰੀ ਪੁਲਿਸ ਦੇ ਅਧਿਕਾਰੀਆਂ ਨੇ ਅੱਜ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੱਡੀ ਵਿੱਚ ਸਵਾਰ ਵਿਅਕਤੀਆਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਨੇ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਨਾਲ ਸੰਪਰਕ ਕੀਤਾ। ਇਸ ਤੋਂ ਬਾਅਦ ਅੰਮ੍ਰਿਤਪਾਲ ਸਿੰਘ ਬਾਠ ਨੂੰ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਦੇ ਹਵਾਲੇ ਕਰ ਦਿੱਤਾ ਗਿਆ। ਫਿਲਹਾਲ ਉਹ ਏਜੰਸੀ ਦੀ ਹਿਰਾਸਤ ਵਿੱਚ ਹੈ। ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਮੀਆਂਪੁਰ ਨਾਲ ਸਬੰਧਤ ਅੰਮ੍ਰਿਤਪਾਲ ਸਿੰਘ ਬਾਠ ਵਿਰੁੱਧ ਕਤਲ, ਕਤਲ ਦੀ ਕੋਸ਼ਿਸ਼, ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕ ਅਤੇ ਅਸਲਾ ਐਕਟ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਲਗਪਗ 20 ਅਪਰਾਧਿਕ ਮਾਮਲੇ ਦਰਜ ਦੱਸੇ ਜਾਂਦੇ ਹਨ। ਅੰਮ੍ਰਿਤਪਾਲ ਸਿੰਘ ਬਾਠ ਨੂੰ ਅੰਮ੍ਰਿਤ ਦਾਲਮ ਅਤੇ ਹਰਪ੍ਰੀਤ ਸਿੰਘ ਦੇ ਨਾਵਾਂ ਨਾਲ ਵੀ ਜਾਣਿਆ ਜਾਂਦਾ ਹੈ। ਉਸ ਨੂੰ ਭਾਰਤ ਹਵਾਲੇ ਕਰਨ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ। ਐੱਸਐੱਸਪੀ ਤਰਨ ਤਾਰਨ ਸੁਰੇਂਦਰ ਲਾਂਬਾ ਨੇ ਉਸ ਦੀ ਗ੍ਰਿਫ਼ਤਾਰੀ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਪੰਜਾਬ ਪੁਲਿਸ ਨੇ ਉਸ ਨੂੰ ਵਾਪਸ ਲਿਆਉਣ ਲਈ ਲੋੜੀਂਦੀ ਦਸਤਾਵੇਜ਼ੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਸਾਲ 2025 ਵਿੱਚ ਤਰਨ ਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਦੌਰਾਨ ਵੀ ਬਾਠ ਦਾ ਨਾਮ ਸਿਆਸੀ ਬਿਆਨਾਂ ਅਤੇ ਪੁਲਿਸ ਮਾਮਲਿਆਂ ਕਾਰਨ ਚਰਚਾ ਵਿੱਚ ਆਇਆ ਸੀ। ਉਸ ਸਮੇਂ ਅੰਮ੍ਰਿਤਪਾਲ ਬਾਠ ਅਤੇ ਉਸ ਦੀ ਪਤਨੀ ਕੰਚਨਪ੍ਰੀਤ ਦੀ ਇੱਕ ਇੰਟਰਵਿਊ ਵੀ ਕਾਫ਼ੀ ਚਰਚਾ ਵਿੱਚ ਰਹੀ ਸੀ। ਇਸ ਇੰਟਰਵਿਊ ਵਿੱਚ ਬਾਠ ਨੇ ਇਲਾਕੇ ਦੇ ਵਿਧਾਇਕ ਹਰਮੀਤ ਸੰਧੂ ’ਤੇ ਉਸ ਨੂੰ ਗੈਂਗਸਟਰ ਬਣਾਉਣ ਦੇ ਦੋਸ਼ ਲਗਾਏ ਸਨ।





Where Compassion Meets True

LUXURY

Discover an exclusive living experience designed for seniors living with dementia, schizophrenia, bipolar disorder, and complex mental health needs where clinical excellence meets comfort, dignity, and elegance

Refundable deposit of $500,000 with 8% annual interest

Exclusive Long-Term Luxury Living Opportunity

With only **25 exclusive units** available, we offer limited availability for discerning residents seeking long term luxury care through compassionate support and refined living.

Luxury Living with Expert Care

- 24/7 Highly Trained Care Staff
- On-site Senior Psychologist
- Licensed Registered Nurse (RN)
- Regular visits by a psychiatrist and physician

Healing Garden Therapy

Serene outdoor garden designed for relaxation, featuring walking paths, sitting areas, and peaceful natural surrounding that support emotional well-being

Full-Service Lifestyle Assistance

- We schedule all doctor appointments,
- Staff escort residents to medical appointments,
- Transportation for church, shopping and outings.

Music Therapy

Guided therapeutic sessions using soothing music, drumming, and movement to reduce stress, enhance mood, lift spirits, and increase cognitive well-being

Daily Cost Ranges from $250 to $500 Per Day

depending on the level of care required.


St. Michael Assisted Living

Dinuba, CA

Location: Dinuba, CA

Contact: (925) 285-9881 (559) 915-9045

Website: www.stmichaelrcfe.com



DR. HARMESH KUMAR
PRESIDENT, CEO & PSYCHOLOGIST

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Gulinder Gill

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Majestic Homes

3711 Sunset Lane, Suite F Antioch, CA 94509
Office: (925)779 - 1234 | WWW.MajesticHomes.Properties

MAJESTIC HOMES

MLS

EQUAL HOUSING OPPORTUNITY

हिन्दी बोलने वालों का स्वागत है।

ਪੰਜਾਬੀ ਬੋਲਣ ਵਾਲਿਆਂ ਦਾ ਸਵਾਗਤ ਹੈ



Ramesh Suman
Broker
DRE License - 00871752
CDPE, GRI, RCS-D
Certified HAFA Specialist,
Direct: (925)366-3618
Email:
Ramesh@RameshSuman.com

Real Estate Services and Property Management

55 ਕਰੋੜ ਰੁਪਏ ਦੇ ਘਾਟੇ ਵਿੱਚੋਂ ਨਿਕਲ ਕੇ ਮੁਨਾਫ਼ੇ ਵਿੱਚ ਆਇਆ ਬੈਂਕ: ਹਰਪਾਲ ਸਿੰਘ ਚੀਮਾ

ਪਠਾਨਕੋਟ
ਰਜਿੰਦਰ ਸਿੰਘ ਰਾਜਨ

ਦਾ ਹਿੰਦੂ ਕੋਆਪਰੇਟਿਵ ਬੈਂਕ ਪਠਾਨਕੋਟ ਵੱਲੋਂ ਆਪਣੀ ਸਥਾਪਨਾ ਦੇ 100 ਸਾਲ ਪੂਰੇ ਹੋਣ 'ਤੇ ਸਥਾਨਕ ਸੁਵਿਧਾ ਰੋਇਲ ਫਾਰਮ ਵਿਖੇ ਸ਼ਤਾਬਦੀ ਸਮਾਰੋਹ ਕਰਵਾਇਆ ਗਿਆ। ਬੈਂਕ ਦੇ ਚੇਅਰਮੈਨ ਸਤੀਸ਼ ਮਹਿੰਦਰੂ ਦੀ ਪ੍ਰਧਾਨਗੀ ਹੇਠ ਹੋਏ ਇਸ ਸਮਾਰੋਹ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

ਦੋਵਾਂ ਆਗੂਆਂ ਨੇ ਦੀਪ ਰੋਸ਼ਨ ਕਰਕੇ ਸਮਾਰੋਹ ਦੀ ਸ਼ੁਰੂਆਤ ਕੀਤੀ। ਇਸ ਮੌਕੇ ਬੈਂਕ ਦੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਦੇ ਸਫ਼ਰ, ਇਸ ਦੀਆਂ ਪ੍ਰਾਪਤੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਵਿਚਾਰ ਸਾਂਝੇ ਕੀਤੇ ਗਏ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਬੈਂਕ ਦੇ 100 ਸਾਲ ਪੂਰੇ ਹੋਣ 'ਤੇ ਪ੍ਰਬੰਧਕਾਂ, ਮੁਲਾਜ਼ਮਾਂ, ਸ਼ੇਅਰਧਾਰਕਾਂ ਅਤੇ ਗਾਹਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਾਲ 1926 ਵਿੱਚ ਸਾਡੇ ਬਜ਼ੁਰਗਾਂ ਵੱਲੋਂ ਦੂਰਅੰਦੇਸ਼ੀ ਸੋਚ ਨਾਲ ਸਥਾਪਿਤ ਕੀਤਾ ਗਿਆ ਇਹ ਬੈਂਕ ਅੱਜ ਇੱਕ ਚਾਨਣ ਮੁਨਾਰੇ ਵਾਂਗ ਲੋਕਾਂ ਦੀ ਸੇਵਾ ਕਰ ਰਿਹਾ ਹੈ। ਇਹ ਮਾਣ ਵਾਲੀ ਗੱਲ ਹੈ ਕਿ ਪਠਾਨਕੋਟ ਦੀ ਧਰਤੀ 'ਤੇ ਸਥਾਪਿਤ ਇਸ ਸੰਸਥਾ ਨੇ ਆਪਣੀ ਲੰਮੀ ਯਾਤਰਾ ਦੌਰਾਨ ਲੋਕਾਂ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਉਨ੍ਹਾਂ ਕਿਹਾ ਕਿ ਬੈਂਕ ਦੇ ਚੇਅਰਮੈਨ ਸਤੀਸ਼ ਮਹਿੰਦਰੂ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਮਿਹਨਤ ਸਦਕਾ ਬੈਂਕ ਘਾਟੇ ਵਿੱਚੋਂ ਨਿਕਲ ਕੇ ਮੁੜ ਮੁਨਾਫ਼ੇ ਦੀ ਸਥਿਤੀ ਵਿੱਚ ਪਹੁੰਚਿਆ ਹੈ। ਉਨ੍ਹਾਂ ਇਸ ਪ੍ਰਾਪਤੀ ਨੂੰ ਸਾਂਝੇ ਯਤਨਾਂ, ਇਮਾਨਦਾਰੀ ਅਤੇ ਸੁਚੱਜੇ ਪ੍ਰਬੰਧਨ ਦੀ ਮਿਸਾਲ ਦੱਸਦਿਆਂ ਬੈਂਕ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੰਸਥਾਵਾਂ ਨੂੰ ਤਰੱਕੀ ਦੇ ਰਾਹ 'ਤੇ ਲਿਜਾਣ ਲਈ ਵਚਨਬੱਧ ਹੈ ਅਤੇ ਅਜਿਹੀਆਂ ਸੰਸਥਾਵਾਂ ਰੰਗਲੇ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਅਹਿਮ ਯੋਗਦਾਨ ਪਾ ਸਕਦੀਆਂ ਹਨ। ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਦਾ ਹਿੰਦੂ ਕੋਆਪਰੇਟਿਵ ਬੈਂਕ ਨੇ ਆਪਣੇ ਇਤਿਹਾਸ ਵਿੱਚ ਮੁਸ਼ਕਲ ਦੌਰ ਵੀ ਦੇਖਿਆ ਹੈ।

ਉਨ੍ਹਾਂ ਦੱਸਿਆ ਕਿ ਇੱਕ ਸਮਾਂ ਅਜਿਹਾ ਸੀ ਜਦੋਂ ਬੈਂਕ ਲਗਭਗ 55 ਕਰੋੜ ਰੁਪਏ ਦੇ ਘਾਟੇ ਵਿੱਚ ਸੀ ਅਤੇ ਇਸ ਦੀਆਂ ਕਈ ਸ਼ਾਖਾਵਾਂ ਬੰਦ ਹੋਣ ਦੀ ਸਥਿਤੀ ਵਿੱਚ ਪਹੁੰਚ ਗਈਆਂ ਸਨ। ਉਨ੍ਹਾਂ ਕਿਹਾ ਕਿ ਬੈਂਕ ਨੂੰ ਮੁੜ ਪੈਰਾਂ 'ਤੇ ਖੜ੍ਹਾ ਕਰਨ ਲਈ ਨਵੀਂ ਪ੍ਰਬੰਧਕੀ ਟੀਮ ਦਾ ਗਠਨ ਕੀਤਾ ਗਿਆ, ਜਿਸ ਦੀ ਅਗਵਾਈ ਸਤੀਸ਼ ਮਹਿੰਦਰੂ ਨੇ ਕੀਤੀ। ਟੀਮ ਨੇ ਮਿਹਨਤ, ਇਮਾਨਦਾਰੀ ਅਤੇ ਸੁਚੱਜੀ ਯੋਜਨਾਬੰਦੀ ਨਾਲ ਬੈਂਕ ਦੇ ਕਾਰੋਬਾਰ ਨੂੰ ਅੱਗੇ ਵਧਾਇਆ ਅਤੇ ਇਸ ਨੂੰ ਮੁਨਾਫ਼ੇ ਵਿੱਚ ਲਿਆਉਣ ਵਿੱਚ ਸਫ਼ਲਤਾ ਹਾਸਲ ਕੀਤੀ। ਵਿੱਤ ਮੰਤਰੀ ਨੇ ਕਿਹਾ ਕਿ ਬੈਂਕ ਵੱਲੋਂ ਕਮਾਏ ਮੁਨਾਫ਼ੇ ਨੂੰ ਗਾਹਕਾਂ ਅਤੇ ਹਿੱਸੇਦਾਰਾਂ ਨਾਲ ਸਾਂਝਾ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ।

ਉਨ੍ਹਾਂ ਦੱਸਿਆ ਕਿ ਇਸ ਮੌਕੇ ਲਗਭਗ 1 ਕਰੋੜ 30 ਲੱਖ ਰੁਪਏ ਖਪਤਕਾਰਾਂ ਵਿੱਚ ਵੰਡੇ ਜਾਣ ਦੀ ਗੱਲ ਵੀ ਸਾਹਮਣੇ ਆਈ ਹੈ। ਉਨ੍ਹਾਂ ਬੈਂਕ ਪ੍ਰਬੰਧਕਾਂ ਨੂੰ ਭਵਿੱਖ ਵਿੱਚ ਮੁਲਾਜ਼ਮਾਂ ਦੀ ਹੌਸਲਾ ਅਫ਼ਜ਼ਾਈ ਲਈ ਵੀ ਉਪਰਾਲੇ ਕਰਨ ਦੀ ਅਪੀਲ ਕੀਤੀ। ਚੀਮਾ ਨੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਆਉਣ ਵਾਲੇ ਸਮੇਂ ਵਿੱਚ ਬੈਂਕ ਦਾ ਵਿਸਥਾਰ ਪਠਾਨਕੋਟ ਅਤੇ ਗੁਰਦਾਸਪੁਰ ਤੱਕ ਸੀਮਤ ਨਹੀਂ ਰਹੇਗਾ, ਸਗੋਂ ਪੰਜਾਬ ਦੇ ਹੋਰ ਹਿੱਸਿਆਂ ਵਿੱਚ ਵੀ ਇਸ ਦੀਆਂ ਸ਼ਾਖਾਵਾਂ ਖੁੱਲ੍ਹਣਗੀਆਂ। ਉਨ੍ਹਾਂ ਬੈਂਕ ਪ੍ਰਬੰਧਕਾਂ ਨਾਲ ਮਿਲ ਕੇ ਰਿਜ਼ਰਵ ਬੈਂਕ ਆਫ਼ ਇੰਡੀਆ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਨ ਦੀ ਸੰਭਾਵਨਾ ਬਾਰੇ ਵੀ ਗੱਲ ਕੀਤੀ, ਤਾਂ ਜੋ ਬੈਂਕ ਦੇ ਵਿਕਾਸ ਅਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਸਹਿਯੋਗ ਪ੍ਰਾਪਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਬੈਂਕਾਂ ਦੀ ਭੂਮਿਕਾ ਸਿਰਫ਼ ਪੈਸਾ ਜਮ੍ਹਾਂ ਕਰਵਾਉਣ ਅਤੇ ਕਢਵਾਉਣ ਤੱਕ ਸੀਮਤ ਨਹੀਂ ਹੁੰਦੀ, ਸਗੋਂ ਇਹ ਛੋਟੇ ਕਾਰੋਬਾਰੀਆਂ, ਵਪਾਰੀਆਂ ਅਤੇ ਉਦਯੋਗਪਤੀਆਂ ਨੂੰ ਕਰਜ਼ੇ ਮੁਹੱਈਆ



ਕਰਵਾ ਕੇ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਵੀ ਅਹਿਮ ਯੋਗਦਾਨ ਪਾਉਂਦੇ ਹਨ। ਇਸ ਨਾਲ ਲੋਕਾਂ ਦੇ ਪਰਿਵਾਰਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੁੰਦੀ ਹੈ ਅਤੇ ਇਲਾਕੇ ਦੀ ਸਮੁੱਚੀ ਤਰੱਕੀ ਨੂੰ ਹੁਲਾਰਾ ਮਿਲਦਾ ਹੈ। ਵਿੱਤ ਮੰਤਰੀ ਨੇ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਨੂੰ ਰਾਹਤ ਦੇਣ ਲਈ ਲਾਗੂ ਕੀਤੀਆਂ ਜਾ ਰਹੀਆਂ ਵਨ ਟਾਈਮ ਸੈਟਲਮੈਂਟ (ਓ.ਟੀ.ਐੱਸ.) ਯੋਜਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਯੋਜਨਾਵਾਂ ਰਾਹੀਂ ਹਜ਼ਾਰਾਂ ਵਪਾਰੀਆਂ ਨੂੰ ਲਾਭ ਮਿਲਿਆ ਹੈ ਅਤੇ ਸਰਕਾਰ ਵੱਲੋਂ ਬਕਾਇਆ ਮਾਮਲਿਆਂ ਦੇ ਨਿਪਟਾਰੇ ਲਈ ਯਤਨ ਜਾਰੀ ਹਨ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਵਿੱਚ ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਕਾਰਵਾਈ ਕੀਤੀ ਜਾਂਦੀ ਹੈ ਅਤੇ ਸਰਕਾਰ ਨੇ ਮਾਈਨਿੰਗ ਤੋਂ ਪ੍ਰਾਪਤ ਹੋਣ ਵਾਲੇ ਮਾਲੀਏ ਵਿੱਚ ਵਾਧਾ ਕਰਨ ਲਈ ਕਦਮ ਚੁੱਕੇ ਹਨ।

ਸਮਾਰੋਹ ਦੌਰਾਨ ਬੈਂਕ ਦੇ 100 ਸਾਲਾਂ ਦੇ ਸਫ਼ਰ ਨੂੰ ਯਾਦ ਕਰਦਿਆਂ ਇਸ ਨੂੰ ਲੋਕਾਂ ਦੇ ਭਰੋਸੇ, ਪ੍ਰਬੰਧਕੀ ਸਮਰੱਥਾ ਅਤੇ ਸਾਂਝੀ ਮਿਹਨਤ ਦਾ ਨਤੀਜਾ ਦੱਸਿਆ ਗਿਆ। ਸਮਾਗਮ ਵਿੱਚ ਬੈਂਕ ਦੇ ਡਾਇਰੈਕਟਰਾਂ, ਅਧਿਕਾਰੀਆਂ, ਮੁਲਾਜ਼ਮਾਂ, ਸ਼ੇਅਰਧਾਰਕਾਂ ਅਤੇ ਹੋਰ ਪਤਵੰਤਿਆਂ ਨੇ ਸ਼ਮੂਲੀਅਤ ਕੀਤੀ। ਅੰਤ ਵਿੱਚ ਬੈਂਕ ਦੀ ਸਮੁੱਚੀ ਟੀਮ ਨੂੰ ਸ਼ਤਾਬਦੀ ਵਰ੍ਹੇ ਦੀ ਵਧਾਈ ਦਿੰਦਿਆਂ ਆਸ ਪ੍ਰਗਟਾਈ ਗਈ ਕਿ ਇਹ ਸੰਸਥਾ ਭਵਿੱਖ ਵਿੱਚ ਵੀ ਲੋਕਾਂ ਦੀ ਆਰਥਿਕ ਤਰੱਕੀ ਅਤੇ ਇਲਾਕੇ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਂਦੀ ਰਹੇਗੀ।

ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵ ਸਤੀਸ਼ ਮਹਿੰਦਰੂ ਚੇਅਰਮੈਨ ਦਾ ਹਿੰਦੂ ਕੋਆਪਰੇਟਿਵ ਬੈਂਕ ਪਠਾਨਕੋਟ, ਸਾਬਕਾ ਕੈਬਨਟ ਮੰਤਰੀ ਮਾਸਟਰ ਮੋਹਨ ਲਾਲ, ਅਮਨਦੀਪ ਸੰਧੂ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ, ਸੌਰਵ ਬਹਿਲ ਚੇਅਰਮੈਨ ਨਗਰ ਸੁਧਾਰ ਟਰਸਟ ਪਠਾਨਕੋਟ, ਰੋਹਿਤ ਸਿਆਲ ਹਲਕਾ ਇੰਚਾਰਜ ਪਠਾਨਕੋਟ,ਸੁਜਾਨਪੁਰ ਵਿਧਾਇਕ ਨਰੇਸ਼ਪੁਰੀ, ਸਮੀਰ ਸ਼ਾਰਦਾ ਚੇਅਰਮੈਨ ਮਾਰਕੀਟ ਕਮੇਟੀ ਪਠਾਨਕੋਟ, ਰੇਖਾ ਮਣੀ ਸ਼ਰਮਾ ਮੈਂਬਰ ਮਹਿਲਾ ਕਮਿਸ਼ਨ ਪੰਜਾਬ,ਪਵਨ ਭਾਰਦਵਾਜ ਚੇਅਰਮੈਨ ਬਲਾਕ ਸੰਮਤੀ ਘਰੋਟਾ, ਖੁਸ਼ਵੀਰ ਕਾਟਲ ਚੇਅਰਮੈਨ ਕਿਸਾਨ ਡਿਵੈਲਪਮੈਂਟ ਬੈਂਕ, ਭੁਪਿੰਦਰ ਸਿੰਘ ਮੁੰਨਾ ਮੈਂਬਰ ਜ਼ਿਲ੍ਹਾ ਪਰਿਸ਼ਦ, ਸ਼ਮਸ਼ੇਰ ਸਿੰਘ ਹਲਕਾ ਇੰਚਾਰਜ ਦੀਨਾ ਨਗਰ, ਐਡਵੋਕੇਟ ਰਮੇਸ਼ ਚੰਦਰ, ਸੀਐਸ ਲਾਇਲਪੁਰੀ, ਵਿਨੋਦ ਮਹਾਜਨ, ਸ਼ੰਮੀ ਚੌਧਰੀ ਅਤੇ ਹੋਰ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਦਾ ਹਿੰਦੂ ਕੋਆਪਰੇਟਿਵ ਬੈਂਕ ਪਠਾਨਕੋਟ ਦੇ ਅਧਿਕਾਰੀ ਅਤੇ ਟੀਮ ਮੈਂਬਰ ਵੀ ਹਾਜ਼ਰ ਸਨ।

ਭਗਵਾਨ ਵਾਲਮੀਕਿ ਜੀ ਦੀ ਸ਼ੋਭਾ ਯਾਤਰਾ ਵਿੱਚ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕੀਤੀ ਸ਼ਿਰਕਤ, ਸ਼ਰਧਾ ਨਾਲ ਕੀਤਾ ਨਮਨ

ਅੰਮ੍ਰਿਤਸਰ
ਧੈਰਿਆ ਮਹਿਰਾ

ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਨੂੰ ਸਮਰਪਿਤ ਰਾਜ ਪੱਧਰੀ ਧਾਰਮਿਕ ਸਮਾਗਮ ਤਹਿਤ ਸ੍ਰੀ ਗੁਰੂ ਰਵਿਦਾਸ ਮੰਦਰ ਪ੍ਰਬੰਧਕ ਸਭਾ ਰਜਿਸਟਰਡ ਵੱਲੋਂ ਸ੍ਰੀ ਗੁਰੂ ਰਵਿਦਾਸ ਚੌਕ, ਬਸਤੀ ਜੋਧੇਵਾਲ ਵਿਖੇ ਭਗਵਾਨ ਵਾਲਮੀਕਿ ਜੀ ਨੂੰ ਸਮਰਪਿਤ ਵਿਸ਼ਾਲ ਸ਼ੋਭਾ ਯਾਤਰਾ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਵਿਧਾਨ ਸਭਾ ਹਲਕਾ ਖੰਨਾ ਤੋਂ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਆਪਣੇ ਸਾਥੀਆਂ ਸਮੇਤ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਭਗਵਾਨ ਵਾਲਮੀਕਿ ਜੀ ਨੂੰ ਨਮਨ ਕਰਦਿਆਂ ਉਨ੍ਹਾਂ ਦੇ ਆਦਰਸ਼ਾਂ ਅਤੇ ਸਿੱਖਿਆਵਾਂ ਪ੍ਰਤੀ ਆਪਣੀ ਸ਼ਰਧਾ ਪ੍ਰਗਟ ਕੀਤੀ।


ਸ਼ੋਭਾ ਯਾਤਰਾ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕਰਕੇ ਭਗਵਾਨ ਵਾਲਮੀਕਿ ਜੀ ਪ੍ਰਤੀ ਆਪਣੀ ਆਸਥਾ ਦਾ ਪ੍ਰਗਟਾਵਾ ਕੀਤਾ। ਪੂਰੇ ਸਮਾਗਮ ਦੌਰਾਨ ਧਾਰਮਿਕ ਉਤਸ਼ਾਹ ਅਤੇ ਸ਼ਰਧਾ ਦਾ ਮਾਹੌਲ ਦੇਖਣ ਨੂੰ ਮਿਲਿਆ। ਸ਼ੋਭਾ ਯਾਤਰਾ ਵਿੱਚ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੇ ਨਾਲ ਪੰਜਾਬ ਸਰਕਾਰ ਦੇ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਵਿਜੇ ਦਾਨਵ ਨੇ ਵੀ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਮੰਤਰੀ ਸੌਂਦ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਦਾ ਜੀਵਨ ਅਤੇ ਉਨ੍ਹਾਂ ਦੀਆਂ



ਸਿੱਖਿਆਵਾਂ ਸਮੁੱਚੇ ਮਾਨਵ ਸਮਾਜ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਵੱਲੋਂ ਰਚਿਆ ਗਿਆ ਰਾਮਾਇਣ ਦਾ ਮਹਾਨ ਗ੍ਰੰਥ ਭਾਰਤੀ ਸੱਭਿਆਚਾਰ, ਮਰਿਆਦਾ, ਨੈਤਿਕਤਾ ਅਤੇ ਆਦਰਸ਼ ਜੀਵਨ ਕਦਰਾਂ-ਕੀਮਤਾਂ ਦਾ ਅਨਮੋਲ ਖ਼ਜ਼ਾਨਾ ਹੈ।

ਭਗਵਾਨ ਵਾਲਮੀਕਿ ਜੀ ਨੇ ਆਪਣੀਆਂ ਸਿੱਖਿਆਵਾਂ ਰਾਹੀਂ ਸਮਾਜ ਨੂੰ ਸਦਾਚਾਰ, ਸਮਾਨਤਾ, ਭਾਈਚਾਰੇ ਅਤੇ ਮਾਨਵਤਾ ਦੀ ਸੇਵਾ ਦਾ ਸੰਦੇਸ਼ ਦਿੱਤਾ, ਜੋ ਅੱਜ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਹੈ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਅਤੇ ਸਮਾਜਿਕ ਸਮਾਗਮ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਆਉਣ ਵਾਲੀਆਂ ਪੀੜ੍ਹੀਆਂ ਨੂੰ ਮਹਾਨ ਸ਼ਖ਼ਸੀਅਤਾਂ ਦੇ ਜੀਵਨ ਅਤੇ ਵਿਚਾਰਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਭਗਵਾਨ ਵਾਲਮੀਕਿ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਸਮਾਜ ਵਿੱਚ ਪਿਆਰ, ਸਦਭਾਵਨਾ ਅਤੇ ਆਪਸੀ ਭਾਈਚਾਰੇ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ। ਇਸ ਮੌਕੇ ਓਐੱਸਡੀ ਕਰੁਣ ਅਰੋੜਾ, ਵਿਕਾਸ ਅਗਰਵਾਲ, ਲਵਲੇਸ਼ ਅਰੋੜਾ, ਪੀਏ ਮਹੇਸ਼ ਕੁਮਾਰ, ਆਮ ਆਦਮੀ ਪਾਰਟੀ ਦੇ ਯੂਥ ਆਗੂ ਕਰਨ ਵਰਮਾ ਸਮੇਤ ਹੋਰ ਪਾਰਟੀ ਵਰਕਰ, ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ। ਸਾਰਿਆਂ ਨੇ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਕਰਦਿਆਂ ਭਗਵਾਨ ਵਾਲਮੀਕਿ ਜੀ ਨੂੰ ਸ਼ਰਧਾਪੂਰਵਕ ਨਮਨ ਕੀਤਾ।

Space available for Ad
Contact # +1 (209) 303-1260
Contact # +91 81463-20009



ਗੁਰਦੁਆਰਾ ਸਾਹਿਬ San Jose

ਵੱਲੋਂ ਅਕਤੂਬਰ ਮਹੀਨੇ ਵਿੱਚ ਸੰਗਤਾਂ ਲਈ
ਵਿਸ਼ੇਸ਼ ਧਾਰਮਿਕ, ਗੁਰਮਤਿ ਅਤੇ ਯਾਦਗਾਰੀ ਸਮਾਗਮਾਂ ਦੀ ਲੜੀ ਕਰਵਾਈ ਜਾ ਰਹੀ ਹੈ।

4 ਅਕਤੂਬਰ 2026

Home Mortgage Seminar

Empowering New Immigrants & First-Time Home Buyers ਲਈ ਵਿਸ਼ੇਸ਼ ਸਮਾਗਮ 1:00 PM – 2:30 PM
ਇੱਥੇ ਪਹਿਲੀ ਵਾਰ ਘਰ ਖਰੀਦਣ, Credit, Down Payment, Loans ਅਤੇ ਹੋਰ ਵੀ ਬਹੁਤ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਜਾਵੇਗੀ।

Location - Conference Room, Committee Office ਦੇ ਨੇੜੇ

12 – 18 ਅਕਤੂਬਰ 2026

Blissful Living – In 7 Days

ਗੁਰਮਤਿ ਵਿਚਾਰ | ਨਾਮ ਸਿਮਰਨ | ਧਿਆਨ | ਕਸਰਤ | ਪਰਿਵਾਰਕ ਰਿਸ਼ਤੇ
* ਗੁੱਸਾ ਅਤੇ ਤਣਾਅ ਸੰਭਾਲਣਾ ਤੇ ਕਈ ਹੋਰ ਮਹੱਤਵਪੂਰਨ ਵਿਸ਼ਿਆਂ ਬਾਰੇ ਵਿਚਾਰ ਕੀਤਾ ਜਾਵੇਗਾ।

ਸ਼ਾਮ 6:00 PM – 8:00 PM

17 ਅਕਤੂਬਰ 2026

ਕੱਤਕ ਦੀ ਸੰਗਰਾਂਦ

23 ਅਕਤੂਬਰ 2026

ਧੰਨ ਧੰਨ ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਵਿਸ਼ੇਸ਼ ਸਮਾਗਮ
ਸਵੇਰ ਦਾ ਦੀਵਾਨ — 10:45 AM ਤੱਕ
ਸ਼ਾਮ ਦਾ ਦੀਵਾਨ — 8:45 PM ਤੱਕ

27 ਅਕਤੂਬਰ 2026

ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ
ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ |

ਇਨ੍ਹਾਂ ਸਾਰੇ ਵਿਸ਼ੇਸ਼ ਸਮਾਗਮਾਂ ਵਿੱਚ ਪਰਿਵਾਰ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

Address : 3636 Gurdwara Ave, San Jose, CA, 95148
www.sanjosegurdwara.com | (408) 274-9373

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

WATCH LIVE NAGAR KIRTAN

October 30 & 31 | November 1, 2026

FULL LIVE COVERAGE

PTC PUNJABI

SIKH TEMPLE, GURDWARA YUBA CITY, CA

MANNAT PRODUCTION

ਸਾਂਝੀ ਸੋਚ HD
ਧੜਕਣ ਹਰ ਦਿਲ ਦੀ


SANJHA PUNJAB USA
PROUDLY PRESENTS
ASSOCIATE WITH
Jeeway Punjab Entertainment
and Atul Kapoor
SUFI SHAM
WITH
HANS RAJ HANS
FRIDAY
NOV 6
7.30 PM
Venue
Royal Event Hall
7323 Home Leisure Plaza
Sacramento CA 95823
SACRAMENTO-CA
VVIP TABLE
1st Row Tables
Premium Experience Includes:
Front Row Seating
Drinks
Appetizers
Sweet Dish
Dinner
Picture with the Artist
Your Name Displayed on the Stage Back Screen
VIP TABLE
2nd & 3rd Row Tables:
Special Experience Includes:
Drinks
Appetizers
Sweet Dish
Dinner
Picture with the Artist
Your Name Displayed on the Stage Back Screen
GENERAL TABLE
Includes:
Food
Drinks
Limited Tables Available – Book Your Table Now!
Jassi Banga 916-796-5003
Teja Virak 916-912-5678
Sonu Chatha 916-716-7331
Atul Kapoor 209-670-5384
Balwinder Bajwa 516-852-2222
Jassi Katron : 916-937-7785
Surinder Mahey : 408-620-2470

ਸਿੱਖ ਇਤਿਹਾਸ ਦਾ ਮਹਾਂ ਨਾਇਕ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ

ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦਾ ਨਾਮ ਸਿੱਖ ਇਤਿਹਾਸ, ਭਾਰਤੀ ਇਤਿਹਾਸ ਅਤੇ ਮਨੁੱਖੀ ਮੁਕਤੀ ਦੇ ਸੰਘਰਸ਼ ਵਿੱਚ ਅਦੁੱਤੀ ਸਨਮਾਨ ਨਾਲ ਲਿਆ ਜਾਂਦਾ ਹੈ। ਉਹ ਕੇਵਲ ਇੱਕ ਮਹਾਨ ਯੋਧੇ ਹੀ ਨਹੀਂ ਸਨ, ਸਗੋਂ ਅਜਿਹੇ ਇਨਕਲਾਬੀ ਆਗੂ ਸਨ, ਜਿਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਿਸ਼ਨ ਨੂੰ ਅੱਗੇ ਵਧਾਉਂਦਿਆਂ ਜ਼ੁਲਮ, ਜਾਗੀਰਦਾਰੀ ਅਤੇ ਸਮਾਜਿਕ ਅਸਮਾਨਤਾ ਨੂੰ ਸਿੱਧੀ ਚੁਣੌਤੀ ਦਿੱਤੀ। ਉਨ੍ਹਾਂ ਨੇ ਜਾਤ-ਪਾਤ ਅਤੇ ਉੱਚ-ਨੀਚ ਦੇ ਭੇਦਭਾਵ ਨੂੰ ਰੱਦ ਕਰਦਿਆਂ ਸਮਾਜ ਦੇ ਹੇਠਲੇ ਸਮਝੇ ਜਾਂਦੇ ਵਰਗਾਂ ਨੂੰ ਵੀ ਇੱਜ਼ਤ, ਅਧਿਕਾਰ ਅਤੇ ਸੱਤਾ ਵਿੱਚ ਹਿੱਸੇਦਾਰੀ ਦਿੱਤੀ।

ਉਨ੍ਹਾਂ ਦੀ ਸਭ ਤੋਂ ਵੱਡੀ ਦੇਣ ਸਮਾਜਿਕ ਕ੍ਰਾਂਤੀ ਸੀ। ਉਨ੍ਹਾਂ ਨੇ ਜਾਗੀਰਦਾਰੀ ਪ੍ਰਣਾਲੀ ਨੂੰ ਚੁਣੌਤੀ ਦਿੰਦਿਆਂ ਜ਼ਮੀਨਾਂ ਦਾ ਮਾਲਕਾਨਾ ਹੱਕ ਉਨ੍ਹਾਂ ਕਿਸਾਨਾਂ ਨੂੰ ਦਿਵਾਇਆ, ਜੋ ਪੀੜ੍ਹੀਆਂ ਤੋਂ ਉਨ੍ਹਾਂ ਜ਼ਮੀਨਾਂ 'ਤੇ ਮਿਹਨਤ ਕਰਦੇ ਅਤੇ ਹਲ ਵਾਹੁੰਦੇ ਆ ਰਹੇ ਸਨ। ਇਹ ਭਾਰਤੀ ਉਪ-ਮਹਾਂਦੀਪ ਦੇ ਇਤਿਹਾਸ ਵਿੱਚ ਪੱਛਮ ਤੋਂ ਵੀ ਪਹਿਲਾਂ ਦਾ ਇੱਕ ਵਿਲੱਖਣ ਅਤੇ ਕ੍ਰਾਂਤੀਕਾਰੀ ਕਦਮ ਸੀ।

ਉਹ ਅਜਿਹੇ ਮਹਾਨ ਆਗੂ ਵਜੋਂ ਉੱਭਰੇ, ਜਿਨ੍ਹਾਂ ਨੇ ਮੁਗ਼ਲ ਸਾਮਰਾਜ ਵਿਰੁੱਧ ਖ਼ਾਲਸਾ ਫ਼ੌਜ ਦੀ ਅਗਵਾਈ ਕਰਦਿਆਂ ਉਸ ਦੀਆਂ ਜੜ੍ਹਾਂ ਹਿਲਾ ਦਿੱਤੀਆਂ ਅਤੇ ਕੁਝ ਹੀ ਸਾਲਾਂ ਵਿੱਚ ਪੰਜਾਬ ਦੇ ਆਮ ਲੋਕਾਂ ਦਾ ਪਹਿਲਾ ਖ਼ਾਲਸਾਈ ਰਾਜ ਸਥਾਪਿਤ ਕੀਤਾ। ਇਹ ਪੰਜਾਬ ਦੀ ਧਰਤੀ 'ਤੇ ਸਮਾਜਿਕ ਨਿਆਂ, ਲੋਕ-ਕਲਿਆਣ ਅਤੇ ਬਰਾਬਰੀ ਦੇ ਸਿਧਾਂਤਾਂ 'ਤੇ ਆਧਾਰਿਤ ਪਹਿਲੇ ਖ਼ਾਲਸਾ ਰਾਜ ਦੀ ਸਥਾਪਨਾ ਸੀ।

ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਆਪਣੇ ਨਾਮ ਦੀ ਬਜਾਏ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਮ 'ਤੇ ਸਿੱਕੇ ਚਲਾਏ ਜਾਣਾ ਇਹ ਸਪੱਸ਼ਟ ਕਰਦਾ ਹੈ ਕਿ ਉਹ ਆਪਣੇ ਆਪ ਨੂੰ ਕਿਸੇ ਰਾਜਵੰਸ਼ ਦਾ ਸੰਸਥਾਪਕ ਨਹੀਂ, ਸਗੋਂ ਗੁਰੂ ਸਾਹਿਬਾਨ ਦੇ ਮਿਸ਼ਨ ਦਾ ਸੇਵਕ ਮੰਨਦੇ ਸਨ।

ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ 27 ਅਕਤੂਬਰ 1670 ਨੂੰ ਰਾਜੌਰੀ, ਮੌਜੂਦਾ ਜੰਮੂ-ਕਸ਼ਮੀਰ, ਵਿਖੇ ਇੱਕ ਰਾਜਪੂਤ ਕਿਸਾਨ ਪਰਿਵਾਰ ਵਿੱਚ ਹੋਇਆ ਮੰਨਿਆ ਜਾਂਦਾ ਹੈ। ਉਨ੍ਹਾਂ ਦਾ ਮੁੱਢਲਾ ਨਾਮ ਲਛਮਣ ਦਾਸ ਸੀ। ਸ਼ਿਕਾਰ ਦੌਰਾਨ ਵਾਪਰੀ ਇੱਕ ਘਟਨਾ ਨੇ ਉਨ੍ਹਾਂ ਦੇ ਮਨ 'ਤੇ ਡੂੰਘਾ ਪ੍ਰਭਾਵ ਪਾਇਆ ਅਤੇ ਉਹ ਸੰਸਾਰਕ ਜੀਵਨ ਤੋਂ ਵਿਰਕਤ ਹੋ ਗਏ। ਬਾਅਦ ਵਿੱਚ ਉਨ੍ਹਾਂ ਨੇ ਤਿਆਗੀ ਜੀਵਨ ਅਪਣਾਇਆ ਅਤੇ ਮਾਧੋ ਦਾਸ ਵਜੋਂ ਜਾਣੇ ਜਾਣ ਲੱਗੇ। ਉਹ ਦੱਖਣ ਦੇ ਨਾਸਿਕ ਵਿਖੇ ਇੱਕ ਜੋਗੀ ਦੇ ਚੇਲੇ ਬਣੇ ਅਤੇ ਗੋਦਾਵਰੀ ਨਦੀ ਦੇ ਕੰਢੇ, ਨਾਂਦੇੜ ਵਿਖੇ, ਆਪਣਾ ਡੇਰਾ ਸਥਾਪਿਤ ਕੀਤਾ।

ਸੰਨ 1708 ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਉਨ੍ਹਾਂ ਦਾ ਮਿਲਾਪ ਕੇਵਲ ਦੋ ਵਿਅਕਤੀਆਂ ਦੀ ਮੁਲਾਕਾਤ ਨਹੀਂ ਸੀ, ਸਗੋਂ ਇਤਿਹਾਸ ਦੀ ਦਿਸ਼ਾ ਬਦਲਣ ਵਾਲਾ ਮਹੱਤਵਪੂਰਨ ਪਲ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਅੰਮ੍ਰਿਤ ਛਕਿਆ ਅਤੇ ਗੁਰਬਖ਼ਸ਼ ਸਿੰਘ ਨਾਮ ਧਾਰਨ ਕੀਤਾ। ਪਰ ਇਤਿਹਾਸ ਵਿੱਚ ਬੰਦਾ ਸਿੰਘ ਬਹਾਦਰ ਦੇ ਨਾਮ ਨਾਲ ਪ੍ਰਸਿੱਧ ਹੋਏ।

ਗੁਰੂ ਸਾਹਿਬ ਨੇ ਉਨ੍ਹਾਂ ਨੂੰ ਮੁਗ਼ਲ ਸ਼ਾਸਨ ਦੇ ਅੱਤਿਆਚਾਰਾਂ ਵਿਰੁੱਧ ਸੰਘਰਸ਼ ਕਰਨ ਅਤੇ ਲੋਕਾਂ ਨੂੰ ਨਿਆਂ ਦਿਵਾਉਣ ਲਈ ਪੰਜਾਬ ਭੇਜਿਆ। ਇਸ ਮਿਸ਼ਨ ਲਈ ਉਨ੍ਹਾਂ ਨੂੰ ਪੰਜ ਤੀਰ, ਨਿਸ਼ਾਨ ਸਾਹਿਬ, ਨਗਾਰਾ ਅਤੇ ਸਿੱਖ ਸੰਗਤਾਂ ਨੂੰ ਉਨ੍ਹਾਂ ਦੀ ਅਗਵਾਈ ਹੇਠ ਇਕੱਠੇ ਹੋਣ ਦਾ ਸੰਦੇਸ਼ ਦੇਣ ਵਾਲੇ ਹੁਕਮਨਾਮੇ ਸੌਂਪੇ ਗਏ।



ਉਨ੍ਹਾਂ ਦੀ ਅਗਵਾਈ ਹੇਠ ਖ਼ਾਲਸਾਈ ਤਾਕਤ ਨੇ ਦੁਆਬੇ ਅਤੇ ਚੰਬੇ ਤੱਕ ਦੇ ਪਹਾੜੀ ਖੇਤਰਾਂ ਵਿੱਚ ਆਪਣਾ ਪ੍ਰਭਾਵ ਵਧਾਇਆ।

ਬਾਬਾ ਜੀ ਨੂੰ ਰਾਜ ਕਰਨ ਲਈ ਬਹੁਤਾ ਸਮਾਂ ਨਹੀਂ ਮਿਲਿਆ, ਪਰ ਆਪਣੇ ਸੱਤ-ਅੱਠ ਸਾਲਾਂ ਦੇ ਸੰਘਰਸ਼ ਦੌਰਾਨ ਉਨ੍ਹਾਂ ਨੇ ਤੂਫ਼ਾਨ ਵਾਂਗ ਮੁਗ਼ਲ ਹਕੂਮਤ ਨੂੰ ਗੰਭੀਰ ਚੁਣੌਤੀ ਦਿੱਤੀ। ਉਨ੍ਹਾਂ ਦੀ ਫ਼ੌਜ ਵਿੱਚ ਆਮ ਲੋਕਾਂ ਦੀ ਵੱਡੀ ਭੂਮਿਕਾ ਸੀ। ਉਨ੍ਹਾਂ ਨੇ ਸੀਮਤ ਸਾਧਨਾਂ ਦੇ ਬਾਵਜੂਦ ਸਿਖਲਾਈ ਪ੍ਰਾਪਤ ਫ਼ੌਜਾਂ 'ਤੇ ਜਿੱਤਾਂ ਹਾਸਲ ਕੀਤੀਆਂ ਅਤੇ ਜ਼ੁਲਮ ਦਾ ਸਾਹਮਣਾ ਕਰਨ ਵਾਲਿਆਂ ਨੂੰ ਨਵੀਂ ਉਮੀਦ ਦਿੱਤੀ।

ਲੰਮੇ ਸੰਘਰਸ਼ ਤੋਂ ਬਾਅਦ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸਾਥੀ ਗੁਰਦਾਸ ਨੰਗਲ ਦੀ ਗੜ੍ਹੀ (ਜ਼ਿਲ੍ਹਾ ਗੁਰਦਾਸਪੁਰ) ਵਿੱਚ ਸ਼ਾਹੀ ਫ਼ੌਜਾਂ ਵੱਲੋਂ ਘੇਰ ਲਏ ਗਏ। ਲੰਮੀ ਘੇਰਾਬੰਦੀ ਅਤੇ ਭਾਰੀ ਮੁਸ਼ਕਲਾਂ ਤੋਂ ਬਾਅਦ, ਇੱਕ ਸਾਜ਼ਿਸ਼ ਤਹਿਤ ਬਾਬਾ ਜੀ ਨੂੰ ਗੜ੍ਹੀ ਵਿੱਚੋਂ ਬਾਹਰ ਕੱਢਿਆ ਗਿਆ। ਇਸ ਘਟਨਾ ਦੀ ਤੁਲਨਾ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਣ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ 'ਤੇ ਹੋਏ ਹਮਲਿਆਂ ਨਾਲ ਕੀਤੀ ਜਾਂਦੀ ਹੈ। ਬਾਬਾ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸੈਂਕੜੇ ਸਾਥੀਆਂ ਨੂੰ ਗ੍ਰਿਫ਼ਤਾਰ ਕਰਕੇ ਦਿੱਲੀ ਲਿਜਾਇਆ ਗਿਆ। ਇਸ ਕਾਫ਼ਲੇ ਵਿੱਚ ਵੱਖ-ਵੱਖ ਥਾਵਾਂ ਤੋਂ ਗ੍ਰਿਫ਼ਤਾਰ ਕੀਤੇ ਹੋਰ ਸਿੱਖ ਵੀ ਸ਼ਾਮਲ ਸਨ।

ਸੰਨ 1716 ਵਿੱਚ ਦਿੱਲੀ ਦੀ ਧਰਤੀ 'ਤੇ ਸਿੱਖਾਂ ਦੀ ਸ਼ਹਾਦਤ ਦਾ ਇੱਕ ਅਜਿਹਾ ਖ਼ੂਨੀ ਅਧਿਆਇ ਲਿਖਿਆ ਗਿਆ, ਜਿਸ ਦੀ ਕਲਪਨਾ ਮਾਤਰ ਨਾਲ ਹਿਰਦਾ ਕੰਬ ਉੱਠਦਾ ਹੈ। ਬਾਬਾ ਬੰਦਾ ਸਿੰਘ ਬਹਾਦਰ ਨੂੰ ਸ਼ਹੀਦ ਕਰਨ ਤੋਂ ਪਹਿਲਾਂ ਪੁਰਾਣੀ ਦਿੱਲੀ ਵਿਚ ਕੋਤਵਾਲੀ ਚੌਕ ਅਤੇ ਮਹਿਰੌਲੀ ਖੇਤਰ ਨਾਲ ਜੁੜੀਆਂ ਥਾਵਾਂ 'ਤੇ ਉਨ੍ਹਾਂ ਦੇ ਗ੍ਰਿਫ਼ਤਾਰ ਸਾਥੀ ਸਿੰਘਾਂ ਵਿੱਚੋਂ ਰੋਜ਼ਾਨਾ ਸੌ-ਸੌ ਸਿੰਘਾਂ ਨੂੰ ਕਈ ਦਿਨਾਂ ਤੱਕ ਜਨਤਕ ਤੌਰ 'ਤੇ ਕਤਲ ਕੀਤਾ ਗਿਆ। ਫਿਰ ਉਨ੍ਹਾਂ ਦੇ ਸਿਰ ਕੱਟ ਕੇ ਸੜਕਾਂ ਦੇ ਮੋੜਾਂ 'ਤੇ ਟੰਗੇ ਗਏ। ਮੁਗ਼ਲ ਹਕੂਮਤ ਦਾ ਮਕਸਦ ਦਹਿਸ਼ਤ ਫੈਲਾਉਣਾ ਅਤੇ ਲੋਕਾਂ ਨੂੰ ਇਹ ਚੇਤਾਵਨੀ ਦੇਣਾ ਸੀ ਕਿ ਸਾਮਰਾਜ ਵਿਰੁੱਧ ਖੜ੍ਹੇ ਹੋਣ ਵਾਲਿਆਂ ਦਾ ਅੰਜਾਮ ਕੀ ਹੋਵੇਗਾ। ਪਰ ਇਹ ਦਹਿਸ਼ਤ ਸਿੱਖਾਂ ਦੇ ਸਿਦਕ ਨੂੰ ਨਾ ਡੁਲਾ ਸਕੀ। ਇੱਕ-ਇੱਕ ਕਰਕੇ ਸਿੰਘ ਸ਼ਹਾਦਤ ਦਾ ਜਾਮ ਪੀਂਦੇ ਗਏ, ਪਰ ਕਿਸੇ ਨੇ ਦੀਨ ਨਾ ਮੰਨੀ। ਨਾ ਜ਼ੁਲਮ ਉਨ੍ਹਾਂ ਦੇ ਵਿਸ਼ਵਾਸ ਨੂੰ ਖ਼ਰੀਦ ਸਕਿਆ ਅਤੇ ਨਾ ਹੀ ਮੌਤ ਦਾ ਡਰ ਉਨ੍ਹਾਂ ਨੂੰ ਝੁਕਾ ਸਕਿਆ।

ਇਸ ਦਰਦਨਾਕ ਗਾਥਾ ਦਾ ਸਭ ਤੋਂ ਵੱਧ ਹਿਰਦੇ-ਵੇਧਕ ਅਤੇ ਵੈਰਾਗਮਈ ਪੱਖ ਬਾਬਾ ਬੰਦਾ ਸਿੰਘ ਬਹਾਦਰ ਦੇ ਮਾਸੂਮ ਪੁੱਤਰ, ਬਾਬਾ ਅਜੈ ਸਿੰਘ ਦੀ ਕੁਰਬਾਨੀ ਹੈ। ਮੁਗ਼ਲ ਹਾਕਮਾਂ ਨੇ ਬਾਬਾ ਜੀ ਦੇ ਅਡੋਲ ਸਿਦਕ ਨੂੰ ਤੋੜਨ ਲਈ ਉਨ੍ਹਾਂ ਦੇ ਮਾਸੂਮ ਪੁੱਤਰ ਨੂੰ ਪਿਤਾ ਦੇ ਸਾਹਮਣੇ ਸ਼ਹੀਦ ਕਰ ਦਿੱਤਾ। ਉਪਰੰਤ ਬਾਲਕ ਦਾ ਦਿਲ ਕੱਢ ਕੇ ਬਾਬਾ ਬੰਦਾ ਸਿੰਘ ਬਹਾਦਰ ਦੇ ਮੂੰਹ ਵਿੱਚ ਤੁੰਨਿਆ ਗਿਆ। ਇਹ ਬੇਰਹਿਮੀ ਮਨੁੱਖਤਾ ਦੇ ਇਤਿਹਾਸ ਦਾ ਅਤਿ ਦਰਦਨਾਕ ਅਧਿਆਇ ਹੈ।

ਇੱਕ ਪਿਤਾ ਦੇ ਸਾਹਮਣੇ ਉਸ ਦੇ ਨਿੱਕੇ ਜਿਹੇ ਲਾਡਲੇ ਪੁੱਤਰ ਨੂੰ ਕਤਲ ਕਰ ਦੇਣਾ ਅਤੇ ਉਸ ਦਾ ਦਿਲ ਕੱਢ ਕੇ ਮੂੰਹ ਵਿੱਚ ਪਾ ਦੇਣਾ—ਇਸ ਤੋਂ ਵੱਡੀ ਮਾਨਸਿਕ ਪੀੜ ਦੀ ਕਲਪਨਾ ਕਰਨੀ ਵੀ ਔਖੀ ਹੈ। ਪਰ ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੇ ਪੁੱਤਰ ਦੀ ਸ਼ਹਾਦਤ ਅਤੇ ਅੰਤਾਂ ਦੇ ਤਸੀਹਿਆਂ ਦੇ ਬਾਵਜੂਦ ਸਿਦਕ ਨਹੀਂ ਛੱਡਿਆ। ਉਨ੍ਹਾਂ ਦੀ ਚੁੱਪ ਵਿੱਚ ਇੱਕ ਪਿਤਾ ਦਾ ਅਥਾਹ ਦਰਦ ਵੀ ਸੀ ਅਤੇ ਗੁਰੂ-ਭਾਣੇ ਵਿੱਚ ਅਟੱਲ ਭਰੋਸਾ ਵੀ।

ਉਨ੍ਹਾਂ ਦੀ ਅਡੋਲਤਾ ਨੇ ਜ਼ਾਲਮਾਂ ਦੀ ਤਾਕਤ ਨੂੰ ਨੈਤਿਕ ਤੌਰ 'ਤੇ ਬੌਣਾ ਕਰ ਦਿੱਤਾ। ਉਹ ਆਪਣੇ ਸਰੀਰ 'ਤੇ ਹੋ ਰਹੇ ਜ਼ੁਲਮ ਨੂੰ ਸਹਿੰਦੇ ਰਹੇ, ਪਰ ਆਪਣੇ ਵਿਸ਼ਵਾਸ ਅਤੇ ਅਸੂਲਾਂ ਤੋਂ ਇੱਕ ਕਦਮ ਵੀ ਪਿੱਛੇ ਨਾ ਹਟੇ। ਅੰਤ ਵਿੱਚ, ਜੂਨ 1716 ਵਿੱਚ ਬਾਬਾ ਬੰਦਾ ਸਿੰਘ ਬਹਾਦਰ ਨੇ ਅੰਤਾਂ ਦੇ ਤਸੀਹੇ ਸਹਿੰਦਿਆਂ ਅਦੁੱਤੀ ਸ਼ਹਾਦਤ ਪ੍ਰਾਪਤ ਕੀਤੀ ਅਤੇ ਸਿੱਖ ਇਤਿਹਾਸ ਵਿੱਚ ਸਿਦਕ, ਸੂਰਮਗਤੀ ਤੇ ਕੁਰਬਾਨੀ ਦਾ ਅਮਿੱਟ ਅਧਿਆਇ ਲਿਖ ਦਿੱਤਾ।

ਸਿੱਖ ਇਤਿਹਾਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਦੇ ਮੁੱਢਲੇ ਜੀਵਨ ਬਾਰੇ ਸਮਕਾਲੀ ਅਤੇ ਵਿਸਤ੍ਰਿਤ ਜਾਣਕਾਰੀ ਦੇਣ ਵਾਲੀਆਂ ਲਿਖਤਾਂ ਬਹੁਤ ਘੱਟ ਮਿਲਦੀਆਂ ਹਨ।

ਉਨ੍ਹਾਂ ਦੇ ਜੀਵਨ ਬਾਰੇ ਵਧੇਰੇ ਜਾਣਕਾਰੀ 1708 ਵਿੱਚ ਨਾਂਦੇੜ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਮਿਲਾਪ ਅਤੇ ਉਸ ਤੋਂ ਬਾਅਦ ਪੰਜਾਬ ਵਿੱਚ ਬਿਤਾਏ ਲਗਭਗ ਸੱਤ-ਅੱਠ ਸਾਲਾਂ ਨਾਲ ਸਬੰਧਤ ਹੈ। ਉਨਾਂ ਬਾਰੇ ਇਤਿਹਾਸਕ ਖੋਜ ਲਈ ਫ਼ਾਰਸੀ ਸਰੋਤਾਂ ਵਿੱਚ 'ਅਖ਼ਬਾਰ-ਏ-ਦਰਬਾਰ-ਏ-ਮੁਅੱਲਾ', ਮੁਹੰਮਦ ਕਾਸਿਮ ਦਾ 'ਇਬਰਤਨਾਮਾ', ਮਿਰਜ਼ਾ ਮੁਹੰਮਦ ਦਾ 'ਇਬਰਤਨਾਮਾ', ਹਾਜੀ ਕਾਮਵਰ ਖ਼ਾਨ ਦੀ 'ਤਜ਼ਕਿਰਾਤ-ਉਲ-ਸਲਾਤੀਨ ਚੁਗ਼ਤਾ' ਅਤੇ ਖ਼ਾਫ਼ੀ ਖ਼ਾਨ ਦੀ 'ਮੁਨਤਖ਼ਬ-ਉਲ-ਲੁਬਾਬ' ਵਰਗੀਆਂ ਰਚਨਾਵਾਂ ਹਨ। ਜਿਨਾਂ ਵਿੱਚ ਦਰਜ ਬਾਬਾ ਜੀ ਦੇ ਸੰਘਰਸ਼, ਗ੍ਰਿਫ਼ਤਾਰੀ ਅਤੇ ਸ਼ਹਾਦਤ ਨਾਲ ਸਬੰਧਤ ਵੇਰਵਿਆਂ ਨੂੰ ਲੇਖਕਾਂ ਦੇ ਸਮੇਂ, ਰਾਜਨੀਤਿਕ ਮਾਹੌਲ ਅਤੇ ਦ੍ਰਿਸ਼ਟੀਕੋਣ ਨੂੰ ਧਿਆਨ ਵਿੱਚ ਰੱਖ ਕੇ ਵਾਚਣ ਦੀ ਲੋੜ ਹੈ।

ਪੰਜਾਬੀ ਇਤਿਹਾਸਕ ਲਿਖਤਾਂ ਵਿੱਚ ਕੇਸਰ ਸਿੰਘ ਛਿੱਬਰ ਦੀ 'ਬੰਸਾਵਲੀਨਾਮਾ ਦਸਾਂ ਪਾਤਸ਼ਾਹੀਆਂ ਕਾ' ਵਿਸ਼ੇਸ਼ ਮਹੱਤਵ ਰੱਖਦੀ ਹੈ, ਜੋ ਲਗਭਗ 1769 ਵਿੱਚ ਲਿਖੀ ਗਈ ਮੰਨੀ ਜਾਂਦੀ ਹੈ। ਇਸ ਤੋਂ ਇਲਾਵਾ ਢਾਡੀ ਨੱਥ ਮੱਲ ਦਾ ਫ਼ਾਰਸੀ 'ਅਮਰਨਾਮਾ' ਵੀ ਇੱਕ ਮਹੱਤਵਪੂਰਨ ਸਰੋਤ ਹੈ। ਕੋਇਰ ਸਿੰਘ ਦੀ 'ਗੁਰ ਬਿਲਾਸ ਪਾਤਸ਼ਾਹੀ ਦਸਵੀਂ', ਸਰੂਪ ਸਿੰਘ ਕੌਸ਼ਿਸ਼ ਦੀ 'ਗੁਰੂ ਕੀਆਂ ਸਾਖੀਆਂ', ਰਤਨ ਸਿੰਘ ਭੰਗੂ ਦੀ 'ਪ੍ਰਾਚੀਨ ਪੰਥ ਪ੍ਰਕਾਸ਼', ਕਵੀ ਸੰਤੋਖ ਸਿੰਘ ਦੀ 'ਸੂਰਜ ਪ੍ਰਕਾਸ਼ ਗ੍ਰੰਥ', ਗਿਆਨੀ ਗਿਆਨ ਸਿੰਘ ਦੀ 'ਸ੍ਰੀ ਗੁਰ ਪੰਥ ਪ੍ਰਕਾਸ਼' ਅਤੇ ਸਰੂਪ ਦਾਸ ਭੱਲਾ ਦੀ 'ਮਹਿਮਾ ਪ੍ਰਕਾਸ਼' ਵੀ ਸਿੱਖ ਇਤਿਹਾਸ ਦੀਆਂ ਚਰਚਾਵਾਂ ਵਿੱਚ ਹਵਾਲਿਆਂ ਵਜੋਂ ਵਰਤੀਆਂ ਜਾਂਦੀਆਂ ਹਨ। ਹਾਲਾਂਕਿ, ਇਨ੍ਹਾਂ ਰਚਨਾਵਾਂ ਦੇ ਲਿਖੇ ਜਾਣ ਦੇ ਸਮੇਂ, ਉਦੇਸ਼ ਅਤੇ ਆਪਸੀ ਸਰੋਤ-ਸਬੰਧਾਂ ਦੀ ਜਾਂਚ ਕਰਨੀ ਜ਼ਰੂਰੀ ਹੈ।

ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਖ਼ਸੀਅਤ ਬਾਰੇ ਪੁਰਾਣੀਆਂ ਲਿਖਤਾਂ ਅਤੇ ਬਾਅਦ ਦੇ ਬਿਰਤਾਂਤਾਂ ਵਿੱਚ ਵੱਖ-ਵੱਖ ਧਾਰਨਾਵਾਂ ਮਿਲਦੀਆਂ ਹਨ। ਗੁਰੂ ਗੋਬਿੰਦ ਸਿੰਘ ਜੀ ਨਾਲ ਉਨ੍ਹਾਂ ਦੇ ਸਬੰਧਾਂ, ਰਹਿਤ-ਮਰਿਆਦਾ ਅਤੇ ਜੀਵਨ ਦੀਆਂ ਕੁਝ ਘਟਨਾਵਾਂ ਬਾਰੇ ਵੀ ਮਤਭੇਦ ਹਨ। ਕੁਝ ਲਿਖਤਾਂ ਉਨ੍ਹਾਂ ਨੂੰ ਗੁਰੂ ਸਾਹਿਬ ਦੇ ਹੁਕਮਾਂ ਤੋਂ ਵੱਖ ਹੋਇਆ ਦਰਸਾਉਂਦੀਆਂ ਹਨ, ਜਦਕਿ ਹੋਰ ਬਿਰਤਾਂਤ ਉਨ੍ਹਾਂ ਦੀ ਗੁਰੂ-ਨਿਸ਼ਠਾ ਅਤੇ ਕੁਰਬਾਨੀ ਨੂੰ ਉਭਾਰਦੇ ਹਨ।

ਇਨ੍ਹਾਂ ਮਤਭੇਦਾਂ ਦੇ ਨਿਰਪੱਖ ਮੁਲਾਂਕਣ ਲਈ ਡਾ. ਸੁਖਦਿਆਲ ਸਿੰਘ ਦੀ ਪੁਸਤਕ 'ਬੰਦਾ ਸਿੰਘ ਬਹਾਦਰ: ਇਤਿਹਾਸਕ ਅਧਿਐਨ' ਵੀ ਜ਼ਿਕਰਯੋਗ ਹੈ, ਜੋ ਬਾਬਾ ਜੀ ਦੀ ਸ਼ਖ਼ਸੀਅਤ ਅਤੇ ਉਨ੍ਹਾਂ ਬਾਰੇ ਪ੍ਰਚਲਿਤ ਇਤਿਹਾਸਕ ਧਾਰਨਾਵਾਂ ਨੂੰ ਸਮਝਣ ਲਈ ਖੋਜ-ਆਧਾਰਿਤ ਦ੍ਰਿਸ਼ਟੀ ਪ੍ਰਦਾਨ ਕਰਦੀ ਹੈ।

ਅੰਗਰੇਜ਼ ਇਤਿਹਾਸਕਾਰ ਵਿਲੀਅਮ ਇਰਵਨ ਨੇ ਆਪਣੀ ਪੁਸਤਕ 'ਲੇਟਰ ਮੁਗਲਜ਼' ਵਿੱਚ ਇਸ ਸਮਾਜਿਕ ਤਬਦੀਲੀ ਦਾ ਜ਼ਿਕਰ ਕੀਤਾ ਹੈ। ਉਨ੍ਹਾਂ ਦੇ ਵਰਣਨ ਅਨੁਸਾਰ, ਬਾਬਾ ਜੀ ਦੀ ਫ਼ੌਜ ਵਿੱਚ ਸ਼ਾਮਲ ਹੋਣ ਵਾਲੇ ਹੇਠਲੇ ਸਮਝੇ ਜਾਂਦੇ ਵਰਗਾਂ ਦੇ ਲੋਕ ਆਪਣੇ ਘਰਾਂ ਨੂੰ ਹਾਕਮ ਬਣ ਕੇ ਮੁੜਦੇ ਸਨ ਅਤੇ ਸਮਾਜ ਦੇ ਧਨਾਢ ਲੋਕ ਵੀ ਉਨ੍ਹਾਂ ਦਾ ਸਵਾਗਤ ਕਰਦੇ ਸਨ। ਇਹ ਵੇਰਵਾ ਉਸ ਸਮਾਜਿਕ ਤਬਦੀਲੀ ਵੱਲ ਸੰਕੇਤ ਕਰਦਾ ਹੈ, ਜਿਸ ਰਾਹੀਂ ਬਾਬਾ ਜੀ ਨੇ ਆਮ ਲੋਕਾਂ ਵਿੱਚ ਸਵੈਮਾਣ ਅਤੇ ਅਧਿਕਾਰਾਂ ਦੀ ਭਾਵਨਾ ਜਗਾਈ। ਇਹ ਗੁਰੂ ਗੋਬਿੰਦ ਸਿੰਘ ਜੀ ਦੇ ਉਸ ਆਦਰਸ਼ ਦੀ ਪੂਰਤੀ ਸੀ, ਜਿਸ ਵਿੱਚ ਗਰੀਬ ਅਤੇ ਨਿਮਾਣੇ ਸਿੱਖਾਂ ਨੂੰ ਪਾਤਸ਼ਾਹੀ ਦੇਣ ਦੀ ਕਲਪਨਾ ਕੀਤੀ ਗਈ ਸੀ।

ਬਾਬਾ ਬੰਦਾ ਬਹਾਦਰ ਸਿੱਖ ਕੌਮ ਦੇ ਮਹਾਨ ਨਾਇਕ ਹਨ, ਪਰ ਨਿਆਂ, ਬਰਾਬਰੀ ਅਤੇ ਮਨੁੱਖੀ ਮਰਿਆਦਾ ਲਈ ਉਨ੍ਹਾਂ ਦਾ ਸੰਘਰਸ਼ ਵਿਆਪਕ ਮਨੁੱਖੀ ਮਹੱਤਤਾ ਵੀ ਰੱਖਦਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਉਨ੍ਹਾਂ ਦੀ ਬਹਾਦਰੀ ਅਤੇ ਬਲੀਦਾਨ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਦੇਸ਼ ਲਈ ਪ੍ਰੇਰਣਾ ਦਾ ਸਰੋਤ ਦੱਸਿਆ ਹੈ। ਮਹਾਨ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਅਦੁੱਤੀ ਸ਼ਹਾਦਤ, ਅਟੱਲ ਸਿਦਕ ਅਤੇ ਮਨੁੱਖੀ ਮਰਿਆਦਾ ਲਈ ਕੀਤੇ ਸੰਘਰਸ਼ ਨੂੰ ਲੱਖ-ਲੱਖ ਵਾਰ ਸਿੱਜਦਾ ਕਰਦਾ ਹਾਂ।

ਪ੍ਰੋ: ਸਰਚਾਂਦ ਸਿੰਘ ਖਿਆਲਾ
97813-55522

Space available for Ad
Contact # +1 (209) 303-1260
Contact # +91 81463-20009

47TH ANNUAL MAHAN NAGAR KIRTAN

Dedicated to Guru Granth Sahib's Gurgaddi Divas



Waheguru Ji Ka Khalsa Shri Waheguru ji Ki Fateh

Dedicated to the Gurgaddi Divas of Juggo Jug Atal Dhan Dhan Sahib Sri Guru Granth Sahib Ji the sacred occasion of "Guru Maneyo Granth" is being celebrated with great devotion and enthusiasm with the support of the Sangat.

Sikh Temple Gurdwara Sahib Yuba City's 47th Annual Mahan Nagar Kirtan and Gurmati Samagam is going to be held on Sunday, November 1, 2026 with great devotion and enthusiasm with the support of the Sangat.

The series of Sri Akhand Path Sahib Ji started from September 4, 2026 which will end with Nagar Kirtan on November 1, 2026

Arriving Ragi Jathe and Preachers

Kirtani Jathe
- BHAI KAMALJIT SINGH JI, HAZURI RAGI, SRI DARBAR SAHIB
- BHAI MANINDER SINGH JI, SRINAGAR WALE

Kathavachak
- BHAI GURDEEP SINGH KAPURTHALA WALE

Dhadi
- BHAI SUKHWINDER SINGH ANMOL JI AND JATHA

Special Kirtan Event

Will be Held from
19TH October, 2026 (Monday)
from 6:00pm to 10:00pm Daily.

Apart from this, many other Raggi and Dhaadi and Kirtani groups will delight the Guru's followers with KIRTAN & katha thoughts.

CHILDREN'S SPECIAL KIRTAN DARBAR
On 10th October 2026 (SATURDAY) from 6:30pm to 9:30pm

SPECIAL DHADI DIWAN & MARTYRDOM DIWAS
On 24th October 2026 (SATURDAY) from 6:30 pm to 10:00 pm

RIAAN SABAI KIRTAN
On 31st October 2026 (SATURDAY) from 6 pm to 1:00 am in which famous Kirtanis will mesmerize the Discaples with thier hymes.

FIREWORKS
On 30st October 2026 (Friday) Display at 8:00 pm

BHAI MEHAL SINGH JI DA KAVISHARI JATHA
12 October, Monday to 17 October, Saturday
Time: 8:00 PM to 9:30 PM
18 October, Sunday, Time: 12:00 PM to 1:30 PM

DASTAR COMPETITION
31st October, Saturday
Time: 11:00 AM

AMRIT SANCHAR
On 31st October 2026 (SATURDAY) at 5:00 am

SEWA OF NISHAN SAHIB
On 31st October 2026 (SATURDAY) at 8:00 am

SEMINAR
31st October, Saturday
Time: 2:00 PM to 4:00 PM

BHOG & KIRTAN CEREMONY
On 1st November 2026 (SUNDAY) at 7:30 Morning Sri Akhand Path Sahib ji Will be Worshipped after which The Kirtan Ceremony will begin

NAGAR KIRTAN
Will be held On 1st November 2026 (SUNDAY) under the Auspice of Shri Guru Granth Sahib ji starting at 9:00am and will end up at 4:00pm after reaching Gurudwara Sahib

REQUEST All Guru Nanak Naam Sangat are requested to leave all their work and attend Nagar Kirtan and Attain the Happiness of the Guru Ji

The route of Nagar Kirtan will be the Same as last year, Parking of Vehicles will be done only at the Designated place Free buses will be arranged from River Valley High School to Guru Ghar from 08:00 am to 06:30 pm Special Arrangements have been made for security and the shop market will be held at the same Place a last year.

Requester: Gurudwara Sahib Management Committee Contact for More Information

Bhai Ranjit Singh Ji (Head Granthi Yuba City) (530) 673-9918, (530) 799-6989,
Chairman S: Dilbagh Singh Ji Bains (530) 682-9316, President: Sarabjit Singh ji Thiara (530) 682-5861,
Secretary: Tejinder Singh Ji Dosanjh (530) 751-6322, Treasurer: Harnek Singh (530) 682-8094

Serving Californians since 1999

Global Green®
INSURANCE AGENCY
Lic #oF34231

Mann Insurance Brokers Inc.
dba Global Green Insurance Agency of the Bay Area

AUTO, HOME,
BUSINESS, LIFE

510-487-1000

WWW.GGIABA.COM

COVERED CALIFORNIA

Certified
INSURANCE
AGENT

Free Confidential Help

Call : Gurcharan Singh Mann
CA License

Medicare

Licensed Insurance Agent
CA Lic # 0C70672

CALL TO ENROL

510-557-0061

Buying
OR
Selling
Real Estate
Let
US
HELP

MANN
Real Estate Services

BAY AREA, TRACY, LATHROP, ELK GROVE, ROSEVILLE, ROCKLIN, MOUNTAIN HOUSE

510-557-0061

Find your home on our website

www.mannres.com



Gurcharan Singh
Mann
DRE#02321006

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

PAUL SIHOTA



ਮੋਦੀ ਦੀ ਚੁੱਪੀ: ਰਜ਼ੀਮ ਚੇਂਜ (ਸੱਤਾ ਤਬਦੀਲੀ) ਦੀ ਸੂਚਕ



ਗੁਰਮੀਤ ਸਿੰਘ ਪਲਾਹੀ
98158-02070

ਮੋਦੀ ਸਰਕਾਰ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰ.ਐੱਸ.ਐੱਸ.) ਪਿਛਲੇ ਕੁਝ ਸਮੇਂ ਤੋਂ ਇੱਕੋ ਸੁਰ ਵਿੱਚ ਇਹ ਬੋਲੀ ਬੋਲ ਰਹੇ ਹਨ ਕਿ ਦੇਸ਼ ਵਿੱਚ ਅਰਾਜਕਤਾ ਫੈਲਾਈ ਜਾ ਰਹੀ ਹੈ। ਵਿਜੈਦਸ਼ਮੀ ਅਤੇ ਦੁਸਹਿਰੇ ਦੇ ਮੌਕੇ 'ਤੇ ਦੋਵਾਂ ਸੰਸਥਾਵਾਂ ਦੇ ਮੁਖੀਆਂ ਨੇ ਦੇਸ਼ ਵਾਸੀਆਂ ਨੂੰ ਇੱਕੋ ਜਿਹਾ ਸੁਨੇਹਾ ਦਿੰਦਿਆਂ ਇਹ ਦਾਅਵਾ ਕੀਤਾ ਕਿ ਸਾਡੇ ਮਹਾਨ ਦੇਸ਼ ਨੂੰ ਤੋੜਨ ਦੇ ਯਤਨ ਕੀਤੇ ਜਾ ਰਹੇ ਹਨ। ਸੰਘ ਦੇ ਮੁਖੀ ਨੇ ਆਪਣੇ ਭਾਸ਼ਣ ਵਿੱਚ ਸਪੱਸ਼ਟ ਕੀਤਾ ਕਿ ਪੱਛਮੀ ਦੇਸ਼ਾਂ ਤੋਂ ਆ ਰਹੀ ਹਵਾ ਦੇਸ਼ ਦੀ ਸਥਿਰਤਾ ਲਈ ਖ਼ਤਰਾ ਹੈ, ਅਤੇ ਸਾਡੇ ਦੁਸ਼ਮਣ ਨਾ ਤਾਂ ਗੁਆਂਢੀ ਇਸਲਾਮੀ ਦੇਸ਼ ਹਨ ਤੇ ਨਾ ਹੀ ਚੀਨ, ਸਗੋਂ ਪੱਛਮੀ ਦੇਸ਼ ਹਨ।

ਪਰ ਕੀ ਇਹ ਸਚਮੁੱਚ ਸੱਚ ਹੈ ਕਿ ਪੱਛਮੀ ਦੇਸ਼ ਭਾਰਤ ਵਿੱਚ ਅਰਾਜਕਤਾ ਫੈਲਾ ਕੇ 'ਰਜ਼ੀਮ ਚੇਂਜ' (ਸੱਤਾ ਬਦਲਣਾ) ਚਾਹੁੰਦੇ ਹਨ? ਜੇਕਰ ਡੂੰਘਾਈ ਨਾਲ ਦੇਖਿਆ ਜਾਵੇ ਤਾਂ ਇਹ ਦਾਅਵਾ ਬਿਲਕੁਲ ਸਹੀ ਨਹੀਂ ਜਾਪਦਾ। ਅਸਲ ਗੱਲ ਤਾਂ ਇਹ ਹੈ ਕਿ ਦੇਸ਼ ਵਿੱਚ ਪਿਛਲੇ ਦਿਨਾਂ ਦੌਰਾਨ ਜੋ ਅਰਾਜਕਤਾ ਜਾਂ ਰੋਸ ਦੇਖਣ ਨੂੰ ਮਿਲਿਆ ਹੈ, ਉਹ ਕਿਸੇ ਵਿਦੇਸ਼ੀ ਸਾਜ਼ਿਸ਼ ਦਾ ਨਤੀਜਾ ਨਹੀਂ, ਸਗੋਂ ਸਾਡੇ ਆਪਣੇ ਦੇਸ਼ ਦੇ ਬੱਚਿਆਂ ਅਤੇ ਨੌਜਵਾਨਾਂ ਦੁਆਰਾ ਉਠਾਈ ਗਈ ਆਵਾਜ਼ ਹੈ।

ਪਿਛਲੇ 14 ਸਾਲਾਂ ਦੇ ਰਾਜਭਾਗ ਦੌਰਾਨ ਜਦੋਂ ਮੋਦੀ ਜੀ ਨੇ ਦੇਸ਼ ਦੀ ਵਾਗਡੋਰ ਸੰਭਾਲੀ ਸੀ, ਤਾਂ ਵੱਡੇ-ਵੱਡੇ ਵਾਅਦੇ ਕੀਤੇ ਗਏ ਸਨ ਕਿ ਦੇਸ਼ ਦੀ ਆਰਥਿਕਤਾ ਨੂੰ ਬੁਲੰਦੀਆਂ 'ਤੇ ਲਿਜਾਇਆ ਜਾਵੇਗਾ। ਪਰ ਅਸਲੀਅਤ ਇਹ ਹੈ ਕਿ ਇਨ੍ਹਾਂ ਸਾਲਾਂ ਦੇ ਵਿੱਚ ਦੇਸ਼ ਆਰਥਿਕ ਤੌਰ 'ਤੇ ਕਾਫ਼ੀ ਕਮਜ਼ੋਰ ਹੋਇਆ ਹੈ। ਸਰਕਾਰ ਦੀਆਂ ਗ਼ਲਤ ਆਰਥਿਕ ਨੀਤੀਆਂ, ਨੋਟਬੰਦੀ, ਜੀ.ਐੱਸ.ਟੀ. ਦੀ ਗ਼ੁੰਝਲਦਾਰ ਪ੍ਰਣਾਲੀ ਅਤੇ ਕਾਰਪੋਰੇਟ ਪੱਖੀ ਫ਼ੈਸਲਿਆਂ ਨੇ ਆਮ ਲੋਕਾਂ ਦੀ ਕਮਰ ਤੋੜ ਦਿੱਤੀ ਹੈ। ਹਲਾਤ ਇਹ ਬਣ ਚੁੱਕੇ ਹਨ ਕਿ ਇਨ੍ਹਾਂ ਸਾਲਾਂ ਵਿੱਚ ਸਰਕਾਰ ਨੇ ਦੇਸ਼ ਵਾਸੀਆਂ ਦੇ ਉੱਤੇ ਭਾਰੀ-ਭਰਕਮ ਕਰਜ਼ਾ ਚਾੜ੍ਹ ਦਿੱਤਾ ਹੈ। ਅੱਜ ਦੇਸ਼ ਦਾ ਹਰ ਨਾਗਰਿਕ ਕਰਜ਼ੇ ਦੇ ਬੋਝ ਹੇਠ ਦੱਬਿਆ ਜਾ ਰਿਹਾ ਹੈ।

ਵਿਦੇਸ਼ੀ ਅਤੇ ਘਰੇਲੂ ਕਰਜ਼ੇ ਦਾ ਅੰਕੜਾ ਪਿਛਲੇ ਸਾਲਾਂ ਵਿੱਚ ਰਿਕਾਰਡ ਪੱਧਰ 'ਤੇ ਪਹੁੰਚ ਚੁੱਕਾ ਹੈ। ਜਦੋਂ ਦੇਸ਼ ਦੀ ਦੌਲਤ ਕੁਝ ਚੁਣੇ ਹੋਏ ਉਦਯੋਗਪਤੀਆਂ ਦੇ ਹੱਥਾਂ ਵਿੱਚ ਕੇਂਦਰਿਤ ਹੋ ਜਾਵੇ ਅਤੇ ਆਮ ਲੋਕ ਮਹਿੰਗਾਈ ਹੇਠ ਪਿਸਦੇ ਜਾਣ, ਤਾਂ ਦੇਸ਼ ਅੰਦਰ ਆਰਥਿਕ ਅਸੰਤੁਸ਼ਟਤਾ ਦਾ ਫੈਲਣਾ ਸੁਭਾਵਿਕ ਹੈ।

ਦੇਸ਼ ਵਿੱਚ ਬੇਰੋਜ਼ਗਾਰੀ ਦੀ ਦਰ ਨੇ ਪਿਛਲੇ ਕਈ ਦਹਾਕਿਆਂ ਦੇ ਰਿਕਾਰਡ ਤੋੜ ਦਿੱਤੇ ਹਨ। ਪੜ੍ਹੇ-ਲਿਖੇ ਨੌਜਵਾਨ ਡਿਗਰੀਆਂ ਹੱਥਾਂ ਵਿੱਚ ਫੜ ਕੇ ਰੁਜ਼ਗਾਰ ਲਈ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹਨ। ਸਰਕਾਰੀ ਨੌਕਰੀਆਂ ਦੇ ਦਰਵਾਜ਼ੇ ਲਗਭਗ ਬੰਦ ਕਰ ਦਿੱਤੇ ਗਏ ਹਨ ਅਤੇ ਪ੍ਰਾਈਵੇਟ ਖੇਤਰ ਵਿੱਚ ਵੀ ਸੋਸ਼ਣ ਤੋਂ ਸਿਵਾਏ ਕੁਝ ਨਹੀਂ ਮਿਲ ਰਿਹਾ। ਨੌਜਵਾਨਾਂ ਦਾ ਇਹ ਬੇਰੋਜ਼ਗਾਰੀ ਦਾ ਸੰਤਾਪ ਹੀ ਹੈ ਕਿ ਉਹ ਹੁਣ ਸਵਾਲ ਪੁੱਛਣ ਲਈ ਮਜਬੂਰ ਹੋ ਗਏ ਹਨ। ਜਦੋਂ ਨੌਜਵਾਨ ਆਪਣੇ ਭਵਿੱਖ ਨੂੰ ਹਨ੍ਹੇਰੇ ਵਿੱਚ ਦੇਖਦੇ ਹਨ, ਤਾਂ ਉਨ੍ਹਾਂ ਦੇ ਅੰਦਰਲਾ ਰੋਸ ਬਾਹਰ ਆਉਣਾ ਲਾਜ਼ਮੀ ਹੋ ਜਾਂਦਾ ਹੈ। ਇਹੋ ਕਾਰਨ ਹੈ ਕਿ ਦੇਸ਼ ਵਿੱਚ ਨੌਜਵਾਨ ਹੁਣ ਸਰਕਾਰ ਦੀਆਂ ਨੀਤੀਆਂ ਵਿਰੁੱਧ ਲਗਾਤਾਰ ਪ੍ਰਸ਼ਨ ਉਠਾ ਰਹੇ ਹਨ ਅਤੇ ਆਪਣੀ ਹਾਲਾਤ ਨੂੰ ਸੁਧਾਰਨ ਲਈ ਸੜਕਾਂ 'ਤੇ ਉਤਰਨ ਲਈ ਮਜ਼ਬੂਰ ਹਨ।

ਦੇਸ਼ ਦੇ ਨੌਜਵਾਨਾਂ ਵਿੱਚ ਅਸੰਤੋਸ਼ ਦਾ ਗੁੱਸਾ ਸਭ ਤੋਂ ਪਹਿਲਾਂ 'ਨੀਟ' ਪ੍ਰੀਖਿਆ ਪੇਪਰ ਲੀਕ ਦੇ ਮੁੱਦੇ 'ਤੇ ਸਾਹਮਣੇ ਆਇਆ ਸੀ। ਇਹ ਪ੍ਰਦਰਸ਼ਨ ਇੰਨਾ ਵਿਆਪਕ ਅਤੇ ਸਫ਼ਲ ਰਿਹਾ ਕਿ ਸਰਕਾਰ ਨੂੰ ਦਬਾਅ ਹੇਠ ਆ ਕੇ ਸਿੱਖਿਆ ਮੰਤਰੀ ਤੱਕ ਦਾ ਅਸਤੀਫ਼ਾ ਲੈਣਾ ਪਿਆ। ਇਸ ਤੋਂ ਇਲਾਵਾ, ਕਾਕਰੋਚ ਜਨਤਾ ਪਾਰਟੀ ਦੇ ਵਰਕਰਾਂ ਅਤੇ ਆਗੂਆਂ ਨੇ ਪਿੰਡਾਂ ਵਿੱਚ ਘੁੰਮ ਕੇ ਸਰਕਾਰੀ ਸਕੂਲਾਂ ਦੀ ਮਾੜੀ ਹਾਲਤ ਅਤੇ ਲੋਕਾਂ ਦੀ ਗੰਦਗੀ ਤੇ ਗਰੀਬੀ ਨਾਲ ਜੂਝਣ ਦੀ ਸਥਿਤੀ ਨੂੰ ਉਜਾਗਰ ਕੀਤਾ। ਲੋਕਾਂ ਨੇ ਇਸ ਪਹਿਲਕਦਮੀ ਦੀ ਕਾਫ਼ੀ ਸ਼ਲਾਘਾ ਕੀਤੀ, ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਪੂਰੇ ਘਟਨਾਕ੍ਰਮ 'ਤੇ ਪੂਰੀ ਤਰ੍ਹਾਂ ਚੁੱਪ ਰਹੇ। ਜਿਵੇਂ ਉਹਨਾਂ ਨੂੰ ਸਮਝ ਨਹੀਂ ਆ ਰਿਹਾ ਸੀ ਕਿ ਉਹ ਕਹਿਣਾ ਕੀ ਚਾਹੁੰਦੇ ਹਨ।

ਇਸ ਤੋਂ ਬਾਅਦ, 'ਇੰਡੀਅਨ ਐਕਸਪ੍ਰੈਸ' ਦੀ ਖੋਜੀ ਪੱਤਰਕਾਰੀ ਨੇ ਚੋਣ ਕਮਿਸ਼ਨ ਦੀਆਂ ਕਾਰਜਪ੍ਰਣਾਲੀਆਂ ਵਿੱਚ ਗੜਬੜੀਆਂ ਅਤੇ ਵੋਟ ਚੋਰੀ ਦੇ ਖ਼ਦਸ਼ਿਆਂ ਨੂੰ ਲੋਕਾਂ ਸਾਹਮਣੇ ਲਿਆਂਦਾ। ਇਸ ਸੱਚਾਈ ਦੇ ਸਾਹਮਣੇ ਆਉਣ ਤੋਂ ਬਾਅਦ ਨੌਜਵਾਨਾਂ ਨੇ ਜੰਤਰ-ਮੰਤਰ 'ਤੇ ਧਰਨੇ ਅਤੇ ਅੰਦੋਲਨ ਦੇ ਦੂਜੇ ਦੌਰ ਦਾ ਐਲਾਨ ਕਰ ਦਿੱਤਾ। ਮੁੰਬਈ ਵਿੱਚ ਪ੍ਰਦਰਸ਼ਨ ਸ਼ਾਂਤਮਈ ਅਤੇ ਸਫ਼ਲ ਰਿਹਾ, ਪਰ ਦਿੱਲੀ ਵਿੱਚ ਸਰਕਾਰ ਦੁਆਰਾ ਪ੍ਰਦਰਸ਼ਨ ਦੀ ਆਗਿਆ ਨਹੀਂ ਦਿੱਤੀ ਗਈ, ਪੂਰੇ ਸ਼ਹਿਰ ਵਿੱਚ ਨਾਕਾਬੰਦੀ ਕਰ ਦਿੱਤੀ ਗਈ ਅਤੇ ਵਿਰੋਧ ਕਰਨ ਵਾਲੇ ਨੇਤਾਵਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਸਰਕਾਰ ਦੁਆਰਾ ਪੁਲਿਸ ਦੀ ਬੇਲੋੜੀ ਸਖ਼ਤੀ ਦੀ ਵਰਤੋਂ ਨੇ ਦੇਸ਼ ਵਿੱਚ ਤਣਾਅ ਵਧਾਇਆ। ਸਥਿਤੀ ਇੰਨੀ ਗੰਭੀਰ ਹੋ ਗਈ ਕਿ ਭਾਰਤ ਦੀ ਸੁਪਰੀਮ ਕੋਰਟ ਨੂੰ ਵੀ ਇਹ ਟਿੱਪਣੀ ਕਰਨੀ ਪਈ ਕਿ "ਮੱਖੀ ਮਾਰਨ ਲਈ ਹਥੌੜਾ ਨਾ ਚੁੱਕੋ", ਪਰ ਇਸ ਦੇ ਬਾਵਜੂਦ ਪ੍ਰਸ਼ਾਸਨ ਨੇ ਸਖ਼ਤ ਰਵੱਈਆ ਬਣਾਈ ਰੱਖਿਆ। ਕਾਂਗਰਸ ਅਤੇ ਹੋਰ ਵਿਰੋਧੀ ਧਿਰਾਂ, ਵਕੀਲਾਂ ਦੇ ਸੰਗਠਨਾਂ ਅਤੇ ਆਮ ਨਾਗਰਿਕਾਂ ਨੇ ਚੋਣ ਕਮਿਸ਼ਨ ਅਤੇ ਸ਼ਾਸਨ ਪ੍ਰਣਾਲੀ ਦੀਆਂ ਤਰੁਟੀਆਂ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ ਅਤੇ ਸੁਪਰੀਮ ਕੋਰਟ ਤੱਕ ਵੀ ਪ੍ਰਦਰਸ਼ਨ ਕੀਤੇ।

ਹੁਣ ਸੰਘ ਅਤੇ ਸਰਕਾਰ ਇਕੋ ਭਾਸ਼ਾ ਬੋਲ ਰਹੇ ਹਨ ਕਿ ਦੇਸ਼ ਵਿੱਚ ਅਰਾਜਕਤਾ ਫੈਲ ਰਹੀ ਹੈ। ਮੁੱਦਾ ਪਿੱਛੇ ਇਹ ਹੈ ਕਿ ਦੇਸ਼ ਵਿੱਚ ਨੌਜਵਾਨਾਂ ਅਤੇ ਵਿਰੋਧੀ ਧਿਰਾਂ ਦੀ ਆਵਾਜ਼ ਨੂੰ ਇਸ ਢੰਗ ਨਾਲ ਕੁਚਲ ਦਿੱਤਾ ਜਾਵੇ ਕਿ ਉਹ ਆਵਾਜ਼ ਚੁੱਕ ਦੀ ਹਿੰਮਤ ਹੀ ਨਾ ਕਰਨ।

ਇਥੇ ਸਵਾਲ ਇਹ ਉੱਠਦਾ ਹੈ ਕਿ ਕੀ ਦੇਸ਼ ਵਿੱਚ ਵਿਰੋਧ ਪ੍ਰਦਰਸ਼ਨ ਨਹੀਂ ਹੋ ਸਕਣਗੇ? ਕੀ ਨਾਗਰਿਕਾਂ ਨੂੰ, ਜੋ ਆਵਾਜ਼ ਉਠਾਉਂਦੇ ਹਨ, ਦੇਸ਼ ਦੇ ਦੁਸ਼ਮਣ ਗਰਦਾਨਿਆ ਜਾਵੇਗਾ? ਪਰ ਸਵਾਲਾਂ ਦਾ ਸਵਾਲ ਤਾਂ ਇਹ ਵੀ ਹੈ ਕਿ ਕੀ ਇੰਜ ਸਖ਼ਤੀ ਕਰਨ ਨਾਲ ਦੇਸ਼ 'ਚ ਸ਼ਾਂਤੀ ਆ ਜਾਵੇਗੀ? ਕੀ ਇੰਜ ਕਰਨ ਨਾਲ ਇਹ ਵਿਦੇਸ਼ੀ ਤਾਕਤਾਂ ਗਾਇਬ ਹੋ ਜਾਣਗੀਆਂ, ਜਿਹਨਾਂ ਦੇ ਦਖ਼ਲ ਦਾ ਦੋਸ਼ ਸੱਤਾ ਧਿਰ ਲਗਾ ਰਹੀ ਹੈ?

ਜਿਸ ਢੰਗ ਨਾਲ ਦੇ ਹਰਬੇ ਪ੍ਰਦਰਸ਼ਨਕਾਰੀਆਂ ਨੂੰ ਪ੍ਰਦਰਸ਼ਨ ਕਰਨ ਤੋਂ ਰੋਕਣ ਲਈ ਵਰਤੇ ਜਾ ਰਹੇ ਹਨ, ਉਹ ਲੋਕਤੰਤਰ ਵਿੱਚ ਅਸਹਿਮਤੀ ਨੂੰ ਦਬਾਉਣ ਦਾ ਜਤਨ ਹਨ।

ਨੌਜਵਾਨ ਆਗੂ ਨੇਹਾ ਬੋਹਰਾ ਵਰਗੇ ਜੁਝਾਰੂ ਚਿਹਰਿਆਂ 'ਤੇ 10,000 ਰੁਪਏ ਦੇ ਸ਼ਾਂਤੀ ਮੁਚੱਲਕੇ ਭਰਨ ਦਾ ਦਬਾਅ ਪਾਇਆ ਗਿਆ, ਜਿਸ ਨੂੰ ਉਸ ਨੇ ਇਹ ਕਹਿ ਕੇ ਖਾਰਜ ਕਰ ਦਿੱਤਾ ਕਿ "ਨਾਰੇ ਲਗਾਉਣਾ ਜਾਂ ਸੰਸਥਾਵਾਂ 'ਤੇ ਸਵਾਲ ਚੁੱਕਣਾ ਸ਼ਾਂਤੀ ਭੰਗ ਕਰਨਾ ਨਹੀਂ ਹੁੰਦਾ"। ਇਹ ਰੋਕਥਾਮ ਵਾਲੀਆਂ ਕਾਰਵਾਈਆਂ ਲੋਕਤੰਤਰੀ ਅਸਹਿਮਤੀ ਨੂੰ ਦਬਾਉਣ ਦਾ ਜਤਨ ਹਨ।

ਅਸਲ 'ਚ ਦੇਸ਼ 'ਚ ਨੌਜਵਾਨਾਂ ਨੇ ਵਿਰੋਧ ਪ੍ਰਦਰਸ਼ਨ ਉਹਨਾਂ ਠੋਸ ਮੁੱਦਿਆਂ ਨੂੰ ਲੈ ਕੇ ਕੀਤਾ ਹੈ, ਜਿਹਨਾ ਦਾ ਹੱਲ ਉਹਨਾਂ ਨੂੰ ਹਾਲੀ ਤੱਕ ਨਹੀਂ ਮਿਲਿਆ। ਨਾ 'ਨੀਟ' ਦਾ ਹੱਲ ਮਿਲਿਆ, ਨਾ ਵੋਟ ਚੋਟੀ ਦਾ ਜਵਾਬ ਮਿਲਿਆ। ਸੰਭਵ ਹੈ ਜ਼ਿਆਦਾ ਸਖ਼ਤੀ ਨਾਲ ਜੈਨ-ਜ਼ੀ ਥੋੜਾ ਦੱਬੀ ਜਬਾਨ 'ਚ ਗੱਲ ਕਰਨ ਲਗਣਗੇ, ਲੇਕਿਨ ਜਿਹੜਾ ਅੰਦੋਲਨ ਉਹਨਾਂ ਸ਼ੁਰੂ ਕੀਤਾ ਹੈ, ਉਹ ਇੱਕ-ਦਮ ਖ਼ਤਮ ਹੋ ਜਾਏਗਾ, ਇਹ ਕਹਿਣਾ ਮੁਸ਼ਕਿਲ ਹੈ।

ਨੌਜਵਾਨਾਂ ਦੇ ਅਸੰਤੋਸ਼ ਅਤੇ ਵਿਰੋਧ ਪ੍ਰਦਰਸ਼ਨਾਂ ਦੀ ਇਹ ਲਹਿਰ ਕੇਵਲ ਭਾਰਤ ਤੱਕ ਹੀ ਸੀਮਤ ਨਹੀਂ ਹੈ। ਦੁਨੀਆ ਦੇ ਹੋਰਨਾਂ ਦੇਸ਼ਾਂ ਵਿੱਚ ਵਾਪਰ ਰਹੀਆਂ ਘਟਨਾਵਾਂ ਵੀ ਇਹ ਦਰਸਾਉਂਦੀਆਂ ਹਨ ਕਿ ਜਦੋਂ ਸਰਕਾਰਾਂ ਆਮ ਲੋਕਾਂ ਦੀਆਂ ਆਰਥਿਕ ਅਤੇ ਸਮਾਜਿਕ ਲੋੜਾਂ ਨੂੰ ਅੱਖੋਂ-ਪਰੋਖੇ ਕਰਦੀਆਂ ਹਨ, ਤਾਂ ਨੌਜਵਾਨ ਸੜਕਾਂ 'ਤੇ ਉੱਤਰਨ ਲਈ ਮਜ਼ਬੂਰ ਹੋ ਜਾਂਦੇ ਹਨ। ਦੇਸ਼ ਭਾਰਤ ਦੇ ਨੌਜਵਾਨ ਅੰਤਰਰਾਸ਼ਟਰੀ ਘਟਨਾ-ਕਰਮ ਵਾਚ ਰਹੇ ਹਨ।

ਫ਼ਰਾਂਸ ਵਿੱਚ ਮਹਿੰਗਾਈ, ਬੇਰੋਜ਼ਗਾਰੀ ਅਤੇ ਜਨਤਕ ਸੇਵਾਵਾਂ ਦੇ ਵਿਗੜ ਰਹੇ ਹਾਲਾਤਾਂ ਵਿਰੁੱਧ 4 ਲੱਖ ਤੋਂ ਵੱਧ ਪ੍ਰਦਰਸ਼ਨਕਾਰੀ ਸੜਕਾਂ 'ਤੇ ਉਤਰੇ, ਜਿਸ ਨਾਲ ਵੱਡੇ ਪੱਧਰ 'ਤੇ ਅੰਦੋਲਨ ਛਿੜ ਪਿਆ। ਸਪੇਨ ਅਤੇ ਪੁਰਤਗਾਲ ਵਿੱਚ ਜਨਤਕ ਪੈਨਸ਼ਨਾਂ ਦੀ ਸੁਰੱਖਿਆ, ਰਿਹਾਇਸ਼ੀ ਸਮੱਸਿਆਵਾਂ ਅਤੇ ਕਿਫ਼ਾਇਤੀ ਮਕਾਨਾਂ ਦੀ ਮੰਗ ਨੂੰ ਲੈ ਕੇ ਵਿਆਪਕ ਰੋਸ ਪ੍ਰਦਰਸ਼ਨ ਦੇਖਣ ਨੂੰ ਮਿਲੇ। ਅਲਬਾਨੀਆ ਵਿੱਚ ਸਿੱਖਿਆ ਦਾ ਬਜਟ ਵਧਾਉਣ ਅਤੇ ਫ਼ੀਸਾਂ ਘਟਾਉਣ ਦੀ ਮੰਗ ਨੂੰ ਲੈ ਕੇ ਵਿਦਿਆਰਥੀਆਂ ਨੇ ਪ੍ਰਧਾਨ ਮੰਤਰੀ ਐਡੀ ਰਾਮਾ ਤੋਂ ਅਸਤੀਫ਼ੇ ਦੀ ਮੰਗ ਕੀਤੀ।

ਇਹ ਅੰਤਰਰਾਸ਼ਟਰੀ ਮਿਸਾਲਾਂ ਸਾਬਤ ਕਰਦੀਆਂ ਹਨ ਕਿ ਜਦੋਂ ਸਰਕਾਰਾਂ ਨੌਜਵਾਨਾਂ ਦੀ ਆਵਾਜ਼ ਨਹੀਂ ਸੁਣਦੀਆਂ ਤਾਂ ਵਿਰੋਧ, ਅੰਦੋਲਨ ਦਾ ਰੂਪ ਧਾਰਨ ਕਰ ਲੈਂਦਾ ਹੈ। ਇਸ ਪੂਰੇ ਘਟਨਾਕ੍ਰਮ ਵਿੱਚ ਸਭ ਤੋਂ ਵੱਡਾ ਅਤੇ ਅਹਿਮ ਪ੍ਰਸ਼ਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਚੁੱਪੀ 'ਤੇ ਉੱਠਦਾ ਹੈ। ਦੇਸ਼ ਅੰਦਰ ਬੇਰੋਜ਼ਗਾਰੀ, ਗਰੀਬੀ, ਭ੍ਰਿਸ਼ਟਾਚਾਰ, ਪੇਪਰ ਲੀਕ ਅਤੇ ਚੋਣ ਪ੍ਰਣਾਲੀ ਦੀਆਂ ਖਾਮੀਆਂ ਵਰਗੀਆਂ ਵੱਡੀਆਂ ਸਮੱਸਿਆਵਾਂ ਗੰਭੀਰ ਰੂਪ ਧਾਰਨ ਕਰ ਚੁੱਕੀਆਂ ਹਨ, ਪਰ ਪ੍ਰਧਾਨ ਮੰਤਰੀ ਇਨ੍ਹਾਂ ਸੰਵੇਦਨਸ਼ੀਲ ਮੁੱਦਿਆਂ 'ਤੇ ਪੂਰੀ ਤਰ੍ਹਾਂ ਚੁੱਪ ਧਾਰ ਕੇ ਬੈਠੇ ਹਨ।

ਆਮ ਤੌਰ 'ਤੇ ਇਹ ਚਰਚਾ ਦਾ ਵਿਸ਼ਾ ਰਿਹਾ ਹੈ ਕਿ ਜਦੋਂ ਤੋਂ ਨਰਿੰਦਰ ਮੋਦੀ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਹਨ, ਉਨ੍ਹਾਂ ਨੇ ਇੱਕ ਵੀ ਖੁੱਲ੍ਹੀ ਅਤੇ ਅਨਫਿਲਟਰਡ ਪ੍ਰੈਸ ਕਾਨਫਰੰਸ ਨਹੀਂ ਕੀਤੀ। ਉਹ ਸੁਤੰਤਰ ਪੱਤਰਕਾਰਾਂ ਦੇ ਤਿੱਖੇ ਸਵਾਲਾਂ ਦਾ ਸਾਹਮਣਾ ਕਰਨ ਤੋਂ ਲਗਾਤਾਰ ਬਚਦੇ ਆ ਰਹੇ ਹਨ। ਇਸ ਦੇ ਉਲਟ, ਉਹ 'ਮਨ ਕੀ ਬਾਤ' ਵਰਗੇ ਪ੍ਰੋਗਰਾਮਾਂ ਰਾਹੀਂ ਸਰਕਾਰੀ ਸਾਧਨਾਂ ਅਤੇ ਆਪਣੇ ਚੁਣੇ ਹੋਏ ਮਾਧਿਅਮਾਂ ਰਾਹੀਂ ਇੱਕ-ਤਰਫ਼ਾ ਸੰਵਾਦ ਕਰਦੇ ਹਨ। 'ਮਨ ਕੀ ਬਾਤ' ਵਿੱਚ ਉਹ ਆਪਣੇ ਵਿਚਾਰ ਤਾਂ ਦੇਸ਼ ਦੇ ਲੋਕਾਂ ਤੱਕ ਪਹੁੰਚਾਉਂਦੇ ਹਨ, ਪਰ ਅਸਲ ਮਾਇਨਿਆਂ ਵਿੱਚ ਉਹ ਆਮ ਲੋਕਾਂ, ਪੀੜਤ ਨੌਜਵਾਨਾਂ ਅਤੇ ਅੰਦੋਲਨਕਾਰੀਆਂ ਦੇ 'ਦਿਲ ਦੀ ਬਾਤ' ਜਾਂ ਸਵਾਲ ਸੁਣਨ ਲਈ ਤਿਆਰ ਨਹੀਂ ਹਨ।

ਦਿੱਲੀ ਵਿੱਚ ਤਿਰੰਗਾ ਲੈ ਕੇ ਘੁੰਮ ਰਹੇ ਨੌਜਵਾਨਾਂ 'ਤੇ ਸਖ਼ਤੀ ਕਰਨਾ, ਜਾਂ 73 ਫੋਟੋਆਂ ਦੀ ਪ੍ਰਦਰਸ਼ਨੀ 'ਚੋਂ ਤਿਰੰਗੇ ਵਾਲੀਆਂ ਫੋਟੋਆਂ ਹਟਾਉਣ ਵਰਗੇ ਕਦਮ ਇਹ ਦਰਸਾਉਂਦੇ ਹਨ ਕਿ ਸੱਤਾਧਾਰੀ ਧਿਰ ਅਸਹਿਮਤੀ ਦੀ ਆਵਾਜ਼ ਤੋਂ ਕਿਸ ਕਦਰ ਡਰੀ ਹੋਈ ਹੈ।

ਲੋਕਤੰਤਰ ਵਿੱਚ ਜਵਾਬਦੇਹੀ ਇੱਕ ਬੁਨਿਆਦੀ ਨੈਤਿਕ ਅਤੇ ਸਮਾਜਿਕ ਮੁੱਲ ਹੈ। ਅਲੋਚਨਾ ਅਤੇ ਵਿਰੋਧ ਤੋਂ ਬਿਨਾਂ ਲੋਕਤੰਤਰੀ ਢਾਂਚਾ ਕਮਜ਼ੋਰ ਹੋ ਜਾਂਦਾ ਹੈ। ਸਰਕਾਰ ਨੂੰ ਇਹ ਸਮਝਣ ਦੀ ਲੋੜ ਹੈ ਕਿ ਦੇਸ਼ ਵਿੱਚ ਪੁਲਿਸ ਬਲ ਜਾਂ ਸਖ਼ਤੀ ਰਾਹੀਂ ਆਵਾਜ਼ਾਂ ਨੂੰ ਦਬਾ ਕੇ ਸ਼ਾਂਤੀ ਬਹਾਲ ਨਹੀਂ ਕੀਤੀ ਜਾ ਸਕਦੀ। ਲੋੜ ਤਾਂ ਇਹ ਗੱਲ ਸਮਝਣ ਦੀ ਹੈ ਕਿ ਸਮਾਜ ਵਿੱਚ ਸੰਵਾਦ ਹੋਣਾ ਜ਼ਰੂਰੀ ਹੈ। ਜੇਕਰ ਸੰਵਾਦ ਸੁੰਗੜੇਗਾ ਤਾਂ ਸਮਾਜ ਦੀ ਸਿਹਤ ਵਿਗੜੇਗੀ।

ਜੇਕਰ ਸੰਵਾਦ ਦੇ ਰਸਤੇ ਬੰਦ ਹੁੰਦੇ ਹਨ, ਤਾਂ ਸਮਾਜਿਕ ਅਤੇ ਬੌਧਿਕ ਢਾਂਚਾ ਜਰਜਰ ਹੋ ਜਾਵੇਗਾ। ਨੌਜਵਾਨਾਂ ਦੇ ਰੋਸ ਨੂੰ ਵਿਦੇਸ਼ੀ ਸਾਜ਼ਿਸ਼ ਦੱਸ ਕੇ ਨਕਾਰਨਾ ਮਸਲੇ ਦਾ ਹੱਲ ਨਹੀਂ ਹੈ।

ਜੇਕਰ ਸਰਕਾਰ ਨੇ ਨੌਜਵਾਨਾਂ ਦੇ ਅਸੰਤੋਸ਼, ਬੇਰੋਜ਼ਗਾਰੀ, ਅਤੇ ਚੋਣ ਪ੍ਰਣਾਲੀ ਦੇ ਪਾਰਦਰਸ਼ੀ ਮੁੱਦਿਆਂ 'ਤੇ ਸਾਰਥਕ ਗੱਲਬਾਤ ਨਾ ਕੀਤੀ, ਤਾਂ ਇਹ ਜਨਤਕ ਰੋਸ ਭਵਿੱਖ ਵਿੱਚ ਇੱਕ ਵੱਡੇ 'ਰਜ਼ੀਮ ਚੇਂਜ' (ਸੱਤਾ ਤਬਦੀਲੀ) ਦਾ ਕਾਰਨ ਬਣ ਸਕਦਾ ਹੈ। ਚੁੱਪੀ ਤੋੜ ਕੇ ਜਨਤਾ ਦੇ ਸਾਹਮਣੇ ਆਉਣਾ ਅਤੇ ਉਨ੍ਹਾਂ ਦੇ ਸਵਾਲਾਂ ਦੇ ਜਵਾਬ ਦੇਣਾ ਹੀ ਲੋਕਤੰਤਰ ਦੀ ਅਸਲ ਰੂਹ ਹੈ।


Chevron
TRUCK STOP
OPEN PARKING, DELI, SHOWER, LAUNDRY
• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ
We accept all major fleet cards, credit cards including, Visa, MC, AE, Discover, Voyag and Writer Express.
(Or $9 off Chevron In-Store Purchase)
ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।
Contact :
BALRAJ SINGH PANNU
541-942-0105
1250, Gateway Blvd. Cottage, OR 97424,
Ph : 541-942-4142 Fax : 541-942-9668

SERVPRO
OF TRACY
Cleaning. Restoration. Construction.

ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ

ਅਸੀਂ Insurance Companies ਦੇ National Account 'ਤੇ ਹਾਂ

ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ

Before



After













- ਪਾਣੀ ਨਾਲ ਨੁਕਸਾਨ ਦੀ ਮੁਰੰਮਤ
- ਕਾਰਪੇਟ ਅਤੇ ਫਰਨੀਚਰ ਸੁਕਾਉਣਾ
- ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
- Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ

Before



After



ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ

2275 N Mac Arthur Dr Tracy, CA 95376

CONTACT FOR MORE INFORMATION

DEEPINDER MAHAL
President

Office (209) 834-0200
Cell (408) 963-7702

ਗੁਰਿੰਦਰਜੀਤ ਸਿੰਘ "ਨੀਟਾ ਮਾਛੀਕੇ" ਵੱਲੋ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਲਾਨਾ ਮਹਾਨ ਨਗਰ ਕੀਰਤਨ (ਯੂਬਾ ਸਿਟੀ) ਦੀਆਂ

ਸਮੂਹ ਸਾਧ ਸੰਗਤ ਨੂੰ ਲੱਖ-ਲੱਖ ਵਧਾਈਆਂ


ਪੱਤਰਕਾਰ ਤੇ ਲੇਖਕ

ਗੁਰਿੰਦਰਜੀਤ ਸਿੰਘ "ਨੀਟਾ ਮਾਛੀਕੇ"

ਦੀ

ਅਮਰੀਕੀ ਟਰੱਕਨਾਮਾ

(ਜ਼ਿੰਦਗੀ ਡਰਾਈਵਰਾਂ ਦੀ)



ਟਰੱਕ ਡਰਾਈਵਰਾਂ ਦੀ
ਅਸਲ ਜ਼ਿੰਦਗੀ, ਚੁਣੌਤੀਆਂ,
ਸੰਘਰਸ਼ ਤੇ ਸਫਲਤਾ ਦੀ
ਦਿਲ ਨੂੰ ਛੋਹ ਲੈਣ ਵਾਲੀ ਕਹਾਣੀ

ਟਰੱਕ ਡਰਾਈਵਰਾਂ ਦੀ ਜ਼ਿੰਦਗੀ 'ਤੇ ਆਧਾਰਿਤ
ਕਿਤਾਬ "ਅਮਰੀਕੀ ਟਰੱਕਨਾਮਾ"
ਤੁਸੀਂ ਐਮਾਜਨ ਤੋਂ ਖਰੀਦ ਸਕਦੇ ਹੋ।
amazon

ਫੋਨ 'ਤੇ ਆਰਡਰ ਕਰਨ ਲਈ
+91 98152 98459

ਚੋਤਨਾ ਪ੍ਰਕਾਸ਼ਨ ਵਾਲੇ ਸ਼ਤੀਸ਼ ਗੁਲਾਟੀ ਜੀ ਦਾ
ਕੈਨੇਡਾ ਦਾ ਨੰਬਰ +1 (604) 750-0189

ਜ਼ਰੂਰ ਪੜ੍ਹੋ
ਅਤੇ ਸਾਂਝਾ ਕਰੋ

ਇੱਕ ਟਰੱਕ ਡਰਾਈਵਰ ਦੀ ਕਲਮ ਤੋਂ... ਟਰੱਕ ਡਰਾਈਵਰਾਂ ਦੇ ਨਾਮ

ATWAL
IMMIGRATION SERVICES

ATWAL
TAX & IMMIGRATION
— SERVICES —

- FAMILY PETITIONS
- NATURALIZATION (US CITIZENSHIP)
- GREEN CARD RENEW
- WORK PERMIT RENEW
- AFFIDAVIT OF SUPPORT
- INDIAN AND US PASSPORT RENEW
- INDIAN VISA
- OCI
- E-VISA
- INDIAN PASSPORT SURRENDER

ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ



TONY
ATWAL

ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com

ਜਾਂ ਫ਼ਿਰ ਸਾਡੀ WEBSITE
www.atwaltaximmigrationservices.com



ADDRESS 1
119 N Maple Ave, Ste B,Manteca, CA,95336 Manteca
(209) 505-6384

ADDRESS 2
2800 Mitchell Rd,Ste.W,Ceres ,CA 95307, Ceres
(209) 568-9682



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

ਫਿਰ ਹਵਾ ਖ਼ਰਾਬ: ਪ੍ਰਦੂਸ਼ਣ ਦੀ ਮੁੜ ਉੱਭਰਦੀ ਸਮੱਸਿਆ ਅਤੇ ਸਾਡੀ ਜ਼ਿੰਮੇਵਾਰੀ

ਹਵਾ ਜੀਵਨ ਦਾ ਆਧਾਰ ਹੈ। ਮਨੁੱਖ ਭੋਜਨ ਤੋਂ ਬਿਨਾਂ ਕਈ ਦਿਨ ਅਤੇ ਪਾਣੀ ਤੋਂ ਬਿਨਾਂ ਕੁਝ ਸਮਾਂ ਜੀਵਤ ਰਹਿ ਸਕਦਾ ਹੈ, ਪਰ ਹਵਾ ਤੋਂ ਬਿਨਾਂ ਕੁਝ ਮਿੰਟ ਵੀ ਜੀਵਨ ਦੀ ਕਲਪਨਾ ਕਰਨਾ ਮੁਸ਼ਕਲ ਹੈ। ਇਸ ਦੇ ਬਾਵਜੂਦ ਵਿਡੰਬਨਾ ਇਹ ਹੈ ਕਿ ਜਿਸ ਹਵਾ ਉੱਤੇ ਸਾਡੀ ਹੋਂਦ ਨਿਰਭਰ ਕਰਦੀ ਹੈ, ਉਸੇ ਨੂੰ ਅਸੀਂ ਆਪਣੀਆਂ ਗਤੀਵਿਧੀਆਂ ਨਾਲ ਲਗਾਤਾਰ ਪ੍ਰਦੂਸ਼ਿਤ ਕਰ ਰਹੇ ਹਾਂ। ਹਰ ਸਾਲ ਮੌਸਮ ਬਦਲਣ ਦੇ ਨਾਲ ਮੁੜ ਉਹੀ ਖ਼ਬਰਾਂ ਸੁਣਨ ਨੂੰ ਮਿਲਦੀਆਂ ਹਨ—ਹਵਾ ਖ਼ਰਾਬ ਹੋ ਗਈ ਹੈ, ਹਵਾ ਦੀ ਗੁਣਵੱਤਾ ਡਿੱਗ ਰਹੀ ਹੈ ਅਤੇ ਲੋਕਾਂ ਨੂੰ ਸਾਹ ਲੈਣ ਵਿੱਚ ਮੁਸ਼ਕਲ ਆ ਰਹੀ ਹੈ। ਸਵਾਲ ਇਹ ਹੈ ਕਿ ਹਰ ਸਾਲ ਹਵਾ ਖ਼ਰਾਬ ਕਿਉਂ ਹੋ ਜਾਂਦੀ ਹੈ ਅਤੇ ਅਸੀਂ ਇਸ ਸਮੱਸਿਆ ਤੋਂ ਸਥਾਈ ਮੁਕਤੀ ਕਿਉਂ ਨਹੀਂ ਪਾ ਰਹੇ?

ਹਰ ਸਾਲ ਮੁੜ ਪਰਤਦਾ ਪ੍ਰਦੂਸ਼ਣ ਦਾ ਸੰਕਟ

ਭਾਰਤ ਦੇ ਬਹੁਤ ਸਾਰੇ ਸ਼ਹਿਰਾਂ, ਖ਼ਾਸ ਕਰਕੇ ਉੱਤਰੀ ਭਾਰਤ ਵਿੱਚ, ਸਰਦੀਆਂ ਦੌਰਾਨ ਹਵਾ ਦਾ ਪ੍ਰਦੂਸ਼ਣ ਇੱਕ ਗੰਭੀਰ ਸਮੱਸਿਆ ਬਣ ਜਾਂਦਾ ਹੈ। ਪੰਜਾਬ, ਹਰਿਆਣਾ, ਦਿੱਲੀ ਅਤੇ ਉੱਤਰ ਪ੍ਰਦੇਸ਼ ਦੇ ਕਈ ਖੇਤਰਾਂ ਵਿੱਚ ਧੁੰਦ, ਧੂੰਏਂ ਅਤੇ ਹਾਨੀਕਾਰਕ ਬਰੀਕ ਕਣਾਂ ਦਾ ਮਿਸ਼ਰਣ ਵਾਤਾਵਰਣ ਨੂੰ ਪ੍ਰਭਾਵਿਤ ਕਰਦਾ ਹੈ। ਪਰਾਲੀ ਸਾੜਨਾ ਇਸ ਸਮੱਸਿਆ ਦਾ ਇੱਕ ਕਾਰਨ ਹੈ, ਪਰ ਇਸ ਨੂੰ ਹੀ ਸਮੁੱਚੀ ਸਮੱਸਿਆ ਮੰਨ ਲੈਣਾ ਹਕੀਕਤ ਦੀ ਅਧੂਰੀ ਸਮਝ ਹੋਵੇਗੀ।

ਵਾਹਨਾਂ ਵਿੱਚੋਂ ਨਿਕਲਣ ਵਾਲਾ ਧੂੰਆਂ, ਉਦਯੋਗਾਂ ਦਾ ਪ੍ਰਦੂਸ਼ਣ, ਉਸਾਰੀ ਦੇ ਕੰਮਾਂ ਤੋਂ ਉੱਡਣ ਵਾਲੀ ਧੂੜ, ਸੜਕਾਂ ਦੀ ਧੂੜ, ਕੂੜਾ ਸਾੜਨਾ, ਘਰੇਲੂ ਬਾਲਣ ਅਤੇ ਬਿਜਲੀ ਉਤਪਾਦਨ ਕਾਰਨ ਹੋਣ ਵਾਲਾ ਪ੍ਰਦੂਸ਼ਣ ਵੀ ਹਵਾ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰਦੇ ਹਨ। ਸਰਦੀਆਂ ਵਿੱਚ ਹਵਾ ਦੀ ਰਫ਼ਤਾਰ ਘੱਟ ਹੋਣ ਅਤੇ ਵਾਯੂਮੰਡਲ ਦੀਆਂ ਕੁਝ ਖ਼ਾਸ ਸਥਿਤੀਆਂ ਕਾਰਨ ਪ੍ਰਦੂਸ਼ਕ ਤੱਤ ਧਰਤੀ ਦੇ ਨੇੜੇ ਇਕੱਠੇ ਹੋ ਸਕਦੇ ਹਨ। ਨਤੀਜੇ ਵਜੋਂ ਪ੍ਰਦੂਸ਼ਣ ਦਾ ਪੱਧਰ ਤੇਜ਼ੀ ਨਾਲ ਵਧ ਜਾਂਦਾ ਹੈ। ਇਸ ਲਈ ਖ਼ਰਾਬ ਹਵਾ ਦੀ ਗੁਣਵੱਤਾ ਕਿਸੇ ਇੱਕ ਦਿਨ, ਇੱਕ ਸ਼ਹਿਰ ਜਾਂ ਇੱਕ ਕਿਸਾਨ ਦੀ ਸਮੱਸਿਆ ਨਹੀਂ ਹੈ। ਇਹ ਸਾਡੇ ਵਿਕਾਸ ਦੇ ਢੰਗ, ਊਰਜਾ ਦੀ ਵਰਤੋਂ, ਆਵਾਜਾਈ ਪ੍ਰਣਾਲੀ ਅਤੇ ਵਾਤਾਵਰਣ ਪ੍ਰਤੀ ਸਾਡੀ ਸਮੂਹਿਕ ਲਾਪਰਵਾਹੀ ਨਾਲ ਜੁੜੀ ਹੋਈ ਚੁਣੌਤੀ ਹੈ।

ਪਰਾਲੀ: ਸਮੱਸਿਆ ਅਤੇ ਹੱਲ, ਦੋਵਾਂ ਬਾਰੇ ਸੋਚਣਾ ਜ਼ਰੂਰੀ

ਫ਼ਸਲ ਦੀ ਕਟਾਈ ਤੋਂ ਬਾਅਦ ਖੇਤਾਂ ਵਿੱਚ ਬਚੀ ਪਰਾਲੀ ਨੂੰ ਜਲਦੀ ਹਟਾਉਣ ਲਈ ਕੁਝ ਕਿਸਾਨ ਇਸ ਨੂੰ ਸਾੜ ਦਿੰਦੇ ਹਨ। ਸਮੇਂ ਦੀ ਘਾਟ, ਅਗਲੀ ਫ਼ਸਲ ਦੀ ਤਿਆਰੀ, ਮਜ਼ਦੂਰੀ ਦੀ ਲਾਗਤ ਅਤੇ ਮਸ਼ੀਨਾਂ ਤੱਕ ਪਹੁੰਚ ਵਰਗੀਆਂ ਮੁਸ਼ਕਲਾਂ ਇਸ ਰੁਝਾਨ ਨੂੰ ਵਧਾ ਸਕਦੀਆਂ ਹਨ। ਪਰਾਲੀ ਸਾੜਨ ਨਾਲ ਨਿਕਲਣ ਵਾਲਾ ਧੂੰਆਂ ਹਵਾ ਦੇ ਪ੍ਰਦੂਸ਼ਣ ਵਿੱਚ ਵਾਧਾ ਕਰਦਾ ਹੈ।

ਪਰ ਕਿਸਾਨਾਂ ਨੂੰ ਸਿਰਫ਼ ਦੋਸ਼ੀ ਠਹਿਰਾਉਣ ਨਾਲ ਸਮੱਸਿਆ ਹੱਲ ਨਹੀਂ ਹੋਵੇਗੀ। ਉਨ੍ਹਾਂ ਨੂੰ ਸਸਤੀਆਂ ਮਸ਼ੀਨਾਂ, ਸਮੇਂ ਸਿਰ ਸਹਾਇਤਾ, ਫ਼ਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਿਹਾਰਕ ਵਿਕਲਪ ਅਤੇ ਆਰਥਿਕ ਪ੍ਰੋਤਸਾਹਨ ਮੁਹੱਈਆ ਕਰਵਾਉਣੇ ਜ਼ਰੂਰੀ ਹਨ। ਪਰਾਲੀ ਤੋਂ ਜੈਵਿਕ ਬਾਲਣ, ਖਾਦ, ਪਸ਼ੂ-ਚਾਰੇ ਲਈ ਢੁਕਵੇਂ ਵਿਕਲਪ ਅਤੇ ਉਦਯੋਗਿਕ ਵਰਤੋਂ ਦੀਆਂ ਸੰਭਾਵਨਾਵਾਂ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ, ਜਿੱਥੇ ਇਹ ਤਕਨੀਕੀ ਅਤੇ ਆਰਥਿਕ ਪੱਖੋਂ ਸੰਭਵ ਹੋਵੇ।

ਕਿਸਾਨਾਂ ਨੂੰ ਵਾਤਾਵਰਣ ਦੀ ਸੰਭਾਲ ਵਿੱਚ ਭਾਈਵਾਲ ਬਣਾਉਣਾ ਚਾਹੀਦਾ ਹੈ, ਨਾ ਕਿ ਇਸ ਸੰਕਟ ਲਈ ਇਕੱਲੇ ਜ਼ਿੰਮੇਵਾਰ ਠਹਿਰਾਉਣਾ ਚਾਹੀਦਾ ਹੈ।

ਬੱਚਿਆਂ ਅਤੇ ਬਜ਼ੁਰਗਾਂ ਉੱਤੇ ਵਧੇਰੇ ਅਸਰ

ਪ੍ਰਦੂਸ਼ਿਤ ਹਵਾ ਦਾ ਪ੍ਰਭਾਵ ਸਿਰਫ਼ ਦਿਖਾਈ ਦੇਣ ਵਾਲੀ ਧੁੰਦ ਤੱਕ ਸੀਮਿਤ ਨਹੀਂ ਰਹਿੰਦਾ। ਹਵਾ ਵਿੱਚ ਮੌਜੂਦ ਬਰੀਕ ਕਣ, ਖ਼ਾਸ ਕਰਕੇ ਪੀਐਮ2.5, ਫੇਫੜਿਆਂ ਵਿੱਚ ਡੂੰਘਾਈ ਤੱਕ ਪਹੁੰਚ ਸਕਦੇ ਹਨ। ਲੰਬੇ ਸਮੇਂ ਤੱਕ ਇਨ੍ਹਾਂ ਦੇ ਸੰਪਰਕ ਵਿੱਚ ਰਹਿਣ ਨਾਲ ਦਿਲ ਅਤੇ ਸਾਹ ਪ੍ਰਣਾਲੀ ਨਾਲ ਸਬੰਧਤ ਬਿਮਾਰੀਆਂ ਦਾ ਖ਼ਤਰਾ ਵਧ ਸਕਦਾ ਹੈ।

ਬੱਚੇ, ਬਜ਼ੁਰਗ, ਗਰਭਵਤੀ ਔਰਤਾਂ ਅਤੇ ਪਹਿਲਾਂ ਤੋਂ ਦਿਲ ਜਾਂ ਫੇਫੜਿਆਂ ਦੀਆਂ ਬਿਮਾਰੀਆਂ ਨਾਲ ਪੀੜਤ ਲੋਕ ਵਿਸ਼ੇਸ਼ ਤੌਰ 'ਤੇ ਸੰਵੇਦਨਸ਼ੀਲ ਹੁੰਦੇ ਹਨ। ਪ੍ਰਦੂਸ਼ਣ ਵਾਲੇ ਦਿਨਾਂ ਵਿੱਚ ਖੰਘ, ਅੱਖਾਂ ਵਿੱਚ ਜਲਣ, ਸਾਹ ਲੈਣ ਵਿੱਚ ਮੁਸ਼ਕਲ ਅਤੇ ਦਮੇ ਦੇ ਲੱਛਣ ਵਧ ਸਕਦੇ ਹਨ।

ਇਸ ਦਾ ਪ੍ਰਭਾਵ ਸਿੱਖਿਆ, ਕੰਮਕਾਜ ਅਤੇ ਜੀਵਨ ਦੀ ਗੁਣਵੱਤਾ ਉੱਤੇ ਵੀ ਪੈਂਦਾ ਹੈ। ਜਦੋਂ ਬੱਚੇ ਖੁੱਲ੍ਹੇ ਮੈਦਾਨਾਂ ਵਿੱਚ ਖੇਡਣ ਤੋਂ ਗੁਰੇਜ਼ ਕਰਨ ਲੱਗਣ, ਬਜ਼ੁਰਗ ਸਵੇਰ ਦੀ ਸੈਰ ਨਾ ਕਰ ਸਕਣ ਅਤੇ ਲੋਕਾਂ ਨੂੰ ਆਪਣੀਆਂ ਆਮ ਗਤੀਵਿਧੀਆਂ ਸੀਮਤ ਕਰਨੀਆਂ ਪੈਣ, ਤਾਂ ਇਹ ਸਿਰਫ਼ ਵਾਤਾਵਰਣ ਦੀ ਨਹੀਂ, ਸਗੋਂ ਜਨਤਕ ਸਿਹਤ ਦੀ ਵੀ ਗੰਭੀਰ ਸਮੱਸਿਆ ਬਣ ਜਾਂਦੀ ਹੈ।

ਸਿਰਫ਼ ਸਲਾਹ ਨਹੀਂ, ਠੋਸ ਕਾਰਵਾਈ ਦੀ ਲੋੜ

ਹਵਾ ਦੇ ਪ੍ਰਦੂਸ਼ਣ ਦੌਰਾਨ ਲੋਕਾਂ ਨੂੰ ਮਾਸਕ ਪਹਿਨਣ, ਬਾਹਰਲੀਆਂ ਗਤੀਵਿਧੀਆਂ ਘਟਾਉਣ ਅਤੇ ਸਾਵਧਾਨੀਆਂ ਵਰਤਣ ਦੀ ਸਲਾਹ ਦਿੱਤੀ ਜਾਂਦੀ ਹੈ। ਕੁਝ ਸਥਿਤੀਆਂ ਵਿੱਚ ਇਹ ਉਪਾਅ ਲਾਭਦਾਇਕ ਹੋ ਸਕਦੇ ਹਨ, ਪਰ ਇਨ੍ਹਾਂ ਨਾਲ ਪ੍ਰਦੂਸ਼ਣ ਦੇ ਮੂਲ ਕਾਰਨ ਖ਼ਤਮ ਨਹੀਂ ਹੁੰਦੇ।

ਸਰਕਾਰਾਂ ਨੂੰ ਪ੍ਰਦੂਸ਼ਣ ਦੇ ਸਰੋਤਾਂ ਦੀ ਪਛਾਣ ਕਰਕੇ ਨਿਯਮਿਤ ਨਿਗਰਾਨੀ ਕਰਨੀ ਚਾਹੀਦੀ ਹੈ। ਜਨਤਕ ਆਵਾਜਾਈ ਨੂੰ ਬਿਹਤਰ ਬਣਾਉਣਾ, ਸਾਫ਼ ਊਰਜਾ ਨੂੰ ਉਤਸ਼ਾਹਿਤ ਕਰਨਾ, ਉਸਾਰੀ ਵਾਲੀਆਂ ਥਾਵਾਂ ਉੱਤੇ ਧੂੜ ਨੂੰ ਕਾਬੂ ਕਰਨਾ, ਖੁੱਲ੍ਹੇ ਵਿੱਚ ਕੂੜਾ ਸਾੜਨ ਉੱਤੇ ਪ੍ਰਭਾਵਸ਼ਾਲੀ ਰੋਕ ਲਗਾਉਣਾ ਅਤੇ ਉਦਯੋਗਿਕ ਨਿਕਾਸ ਦੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣਾ ਬਹੁਤ ਜ਼ਰੂਰੀ ਹੈ।

ਸ਼ਹਿਰਾਂ ਵਿੱਚ ਸਿਰਫ਼ ਬੂਟੇ ਲਗਾਉਣ ਦੀਆਂ ਮੁਹਿੰਮਾਂ ਚਲਾਉਣ ਦੀ ਬਜਾਏ ਮੌਜੂਦਾ ਰੁੱਖਾਂ ਅਤੇ ਹਰਿਆਵਲੇ ਖੇਤਰਾਂ ਦੀ ਰੱਖਿਆ ਵੀ ਜ਼ਰੂਰੀ ਹੈ। ਰੁੱਖ ਵਾਤਾਵਰਣ ਲਈ ਮਹੱਤਵਪੂਰਨ ਹਨ, ਪਰ ਉਹ ਵਾਹਨਾਂ ਦੇ ਧੂੰਏਂ, ਉਦਯੋਗਿਕ ਪ੍ਰਦੂਸ਼ਣ ਅਤੇ ਖੁੱਲ੍ਹੇ ਵਿੱਚ ਕੂੜਾ ਸਾੜਨ ਦਾ ਬਦਲ ਨਹੀਂ ਬਣ ਸਕਦੇ। ਪ੍ਰਦੂਸ਼ਣ ਘਟਾਉਣ ਲਈ ਉਸ ਦੇ ਸਰੋਤਾਂ ਉੱਤੇ ਹੀ ਕਾਬੂ ਪਾਉਣਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਿਆਂ ਵਿੱਚੋਂ ਇੱਕ ਹੈ।

ਸੂਬਿਆਂ ਵਿਚਕਾਰ ਤਾਲਮੇਲ ਵੀ ਲਾਜ਼ਮੀ ਹੈ, ਕਿਉਂਕਿ ਹਵਾ ਪ੍ਰਸ਼ਾਸਕੀ ਹੱਦਾਂ ਨੂੰ ਨਹੀਂ ਮੰਨਦੀ। ਪੰਜਾਬ, ਹਰਿਆਣਾ, ਦਿੱਲੀ ਅਤੇ ਹੋਰ ਪ੍ਰਭਾਵਿਤ ਖੇਤਰਾਂ ਨੂੰ ਸਾਂਝੀ ਵਿਗਿਆਨਕ ਜਾਣਕਾਰੀ, ਬਿਹਤਰ ਯੋਜਨਾਬੰਦੀ ਅਤੇ ਲਗਾਤਾਰ ਕਾਰਵਾਈ ਦੇ ਆਧਾਰ 'ਤੇ ਮਿਲ ਕੇ ਕੰਮ ਕਰਨਾ ਚਾਹੀਦਾ ਹੈ

ਾਗਰਿਕ ਕੀ ਕਰ ਸਕਦੇ ਹਨ?

ਹਰ ਨਾਗਰਿਕ ਦਾ ਯੋਗਦਾਨ ਮਹੱਤਵਪੂਰਨ ਹੈ। ਰੋਜ਼ਾਨਾ ਜੀਵਨ ਦੀਆਂ ਛੋਟੀਆਂ-ਛੋਟੀਆਂ ਆਦਤਾਂ ਮਿਲ ਕੇ ਵੱਡਾ ਬਦਲਾਅ ਲਿਆ ਸਕਦੀਆਂ ਹਨ।

- ਨਿੱਜੀ ਵਾਹਨਾਂ ਦੀ ਥਾਂ, ਜਿੱਥੇ ਸੰਭਵ ਹੋਵੇ, ਜਨਤਕ ਆਵਾਜਾਈ, ਸਾਈਕਲ ਜਾਂ ਸਾਂਝੇ ਵਾਹਨਾਂ ਦੀ ਵਰਤੋਂ ਕਰੋ।
- ਕੂੜਾ, ਸੁੱਕੇ ਪੱਤੇ ਅਤੇ ਖੇਤੀਬਾੜੀ ਦੀ ਰਹਿੰਦ-ਖੂੰਹਦ ਖੁੱਲ੍ਹੇ ਵਿੱਚ ਨਾ ਸਾੜੋ।
- ਬਿਜਲੀ ਅਤੇ ਬਾਲਣ ਦੀ ਬੇਲੋੜੀ ਖਪਤ ਘਟਾਓ।
- ਸਥਾਨਕ ਹਵਾ ਗੁਣਵੱਤਾ ਸੂਚਕਾਂਕ ਬਾਰੇ ਜਾਣਕਾਰੀ ਰੱਖੋ ਅਤੇ ਪ੍ਰਦੂਸ਼ਣ ਵਧਣ 'ਤੇ ਬਾਹਰਲੀਆਂ ਗਤੀਵਿਧੀਆਂ ਦੌਰਾਨ ਸਾਵਧਾਨੀ ਵਰਤੋ।
- ਬੱਚਿਆਂ, ਬਜ਼ੁਰਗਾਂ ਅਤੇ ਸਾਹ ਦੀਆਂ ਬਿਮਾਰੀਆਂ ਨਾਲ ਪੀੜਤ ਲੋਕਾਂ ਦੀ ਵਿਸ਼ੇਸ਼ ਦੇਖਭਾਲ ਕਰੋ।
- ਪ੍ਰਦੂਸ਼ਣ ਫੈਲਾਉਣ ਵਾਲੀਆਂ ਗਤੀਵਿਧੀਆਂ ਬਾਰੇ ਸਬੰਧਤ ਅਧਿਕਾਰੀਆਂ ਨੂੰ ਸੂਚਿਤ ਕਰੋ ਅਤੇ ਵਾਤਾਵਰਣ ਸੰਬੰਧੀ ਜਾਗਰੂਕਤਾ ਮੁਹਿੰਮਾਂ ਵਿੱਚ ਹਿੱਸਾ ਲਓ।

ਜਦੋਂ ਹਵਾ ਵਿੱਚ ਬਰੀਕ ਕਣਾਂ ਦਾ ਪ੍ਰਦੂਸ਼ਣ ਵੱਧ ਹੋਵੇ, ਤਾਂ ਚੰਗੀ ਗੁਣਵੱਤਾ ਵਾਲਾ ਅਤੇ ਚਿਹਰੇ ਉੱਤੇ ਠੀਕ ਤਰ੍ਹਾਂ ਫਿੱਟ ਹੋਣ ਵਾਲਾ ਐਨ95 ਜਾਂ ਇਸ ਦੇ ਬਰਾਬਰ ਦਾ ਰੈਸਪੀਰੇਟਰ ਇਨ੍ਹਾਂ ਕਣਾਂ ਦੇ ਸੰਪਰਕ ਨੂੰ ਘਟਾਉਣ ਵਿੱਚ ਮਦਦ ਕਰ ਸਕਦਾ ਹੈ। ਹਾਲਾਂਕਿ, ਕੋਈ ਵੀ ਮਾਸਕ ਹਰ ਕਿਸਮ ਦੇ ਪ੍ਰਦੂਸ਼ਕ ਤੋਂ ਪੂਰੀ ਸੁਰੱਖਿਆ ਨਹੀਂ ਦਿੰਦਾ।

ਅਗਲੀ ਸਰਦੀ ਤੋਂ ਪਹਿਲਾਂ ਜਾਗਣਾ ਪਵੇਗਾ

ਹਰ ਸਾਲ ਹਵਾ ਖ਼ਰਾਬ ਹੋਣ 'ਤੇ ਚਿੰਤਾ ਪ੍ਰਗਟ ਕਰਨੀ ਅਤੇ ਕੁਝ ਦਿਨਾਂ ਬਾਅਦ ਸਭ ਕੁਝ ਭੁੱਲ ਜਾਣਾ ਕਾਫ਼ੀ ਨਹੀਂ ਹੈ। ਜੇਕਰ ਪ੍ਰਦੂਸ਼ਣ ਦਾ ਉਹੀ ਸੰਕਟ ਹਰ ਸਾਲ ਮੁੜ ਆਉਂਦਾ ਹੈ, ਤਾਂ ਇਸ ਦਾ ਅਰਥ ਹੈ ਕਿ ਸਾਡੇ ਮੌਜੂਦਾ ਹੱਲ ਅਜੇ ਕਾਫ਼ੀ ਪ੍ਰਭਾਵਸ਼ਾਲੀ ਨਹੀਂ ਹਨ।

ਸਾਫ਼ ਹਵਾ ਕਿਸੇ ਖ਼ਾਸ ਵਰਗ ਦਾ ਵਿਸ਼ੇਸ਼ ਅਧਿਕਾਰ ਨਹੀਂ, ਸਗੋਂ ਸਿਹਤਮੰਦ ਜੀਵਨ ਦੀ ਬੁਨਿਆਦੀ ਲੋੜ ਹੈ। ਇਸ ਨੂੰ ਯਕੀਨੀ ਬਣਾਉਣਾ ਸਰਕਾਰਾਂ, ਉਦਯੋਗਾਂ, ਕਿਸਾਨਾਂ ਅਤੇ ਆਮ ਨਾਗਰਿਕਾਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਸਾਨੂੰ ਅਜਿਹਾ ਭਵਿੱਖ ਸਿਰਜਣ ਦੀ ਲੋੜ ਹੈ, ਜਿਸ ਵਿੱਚ ਸਰਦੀਆਂ ਦੀ ਆਮਦ ਪ੍ਰਦੂਸ਼ਣ ਦੇ ਡਰ ਦਾ ਸੰਕੇਤ ਨਾ ਬਣੇ ਅਤੇ ਬੱਚਿਆਂ ਨੂੰ ਸਾਫ਼ ਹਵਾ ਵਿੱਚ ਸਾਹ ਲੈਣ ਲਈ ਸੰਘਰਸ਼ ਨਾ ਕਰਨਾ ਪਵੇ।

ਹਵਾ ਆਪਣੇ ਆਪ ਖ਼ਰਾਬ ਨਹੀਂ ਹੁੰਦੀ; ਸਾਡੀਆਂ ਗਤੀਵਿਧੀਆਂ ਇਸ ਨੂੰ ਖ਼ਰਾਬ ਕਰਦੀਆਂ ਹਨ। ਇਸ ਲਈ ਹਵਾ ਨੂੰ ਸਾਫ਼ ਬਣਾਉਣ ਦੀ ਸ਼ੁਰੂਆਤ ਵੀ ਸਾਡੀ ਸੋਚ, ਸਾਡੀਆਂ ਆਦਤਾਂ ਅਤੇ ਸਾਡੇ ਸਮੂਹਿਕ ਯਤਨਾਂ ਤੋਂ ਹੀ ਹੋਵੇਗੀ।





SUNSHINE AUTO CARE INC

WE REPAIR ALL"

AUTO • DIESEL TRUCKS • TRAILERS

All Makes & Models



FULL SERVICE AUTO & DIESEL REPAIR

- Engine Diagnostics
- Brake Service
- Suspension & Steering
- Diesel Truck Repair
- Trailer Repair

Reliable • Professional • Fast Service

1003 MOFFAT BLVD.• MANTECA, CA 95336

209-239-1551

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

RE-ELECT
2026
GARY
SINGH
MANTECA
MAYOR
ENDORSED BY
MANTECA POLICE OFFICERS' ASSOCIATION
MPOA
PROVEN, DEDICATED LEADERSHIP
PAID FOR BY GARY SINGH MANTECA MAYOR 2026. 1393 E. YOSEMITE AVE, MANTECA, CA 95336 #1484939 (209) 612-6161



INDERJIT S. TOOR
CONSTRUCTION INC.



INDERJIT S. TOOR
CONSTRUCTION INC.
LIC# 842324

ਕੀ ਤੁਸੀਂ ਨਵਾਂ ਘਰ ਜਾਂ ਵਪਾਰਕ ਇਮਾਰਤ
ਬਣਾਉਣ ਦੀ ਯੋਜਨਾ ਬਣਾ ਰਹੇ ਹੋ ?

ਹੋਟਲ | ਅਪਾਰਟਮੈਂਟ | ਡਾਕਟਰਾਂ ਦੇ ਦਫ਼ਤਰ
ਅਤੇ ਗੈਸ ਸਟੇਸ਼ਨਾਂ ਦੇ ਨਿਰਮਾਣ ਕਾਰਜਾਂ ਲਈ
INDERJIT S. TOOR
Construction
ਨਾਲ ਸੰਪਰਕ ਕਰੋ।

Location : Northern California

ਤੁਹਾਡੀ ਸਮੱਸਿਆ, ਸਾਡਾ ਹੱਲ !

HARINDER S. TOOR CEO | (209) 404-4063

htoor@toorinc.com | www.ToorInc.com

2351 Tenaya Dr. Ste D, Modesto, CA 95354



ਮਾਝੇ ਦੀ ਹਾਕੀ ਦਾ ਬਾਦਸ਼ਾਹ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਓਲੰਪੀਅਨ ਖਿਡਾਰੀ, ਕੋਚ ਅਤੇ ਸਫ਼ਲ ਖੇਡ ਪ੍ਰਬੰਧਕ ਤੋਂ ਲੈ ਕੇ ਨਵੇਂ ਓਲੰਪੀਅਨ ਪੈਦਾ ਕਰਨ ਤੱਕ ਦੀ ਦਾਸਤਾਨ

ਭਾਰਤੀ ਹਾਕੀ ਦੇ ਇਤਿਹਾਸ ਵਿੱਚ ਮਾਝੇ ਦੀ ਧਰਤੀ ਨੇ ਅਨੇਕਾਂ ਨਾਮਵਰ ਖਿਡਾਰੀ ਪੈਦਾ ਕੀਤੇ ਹਨ, ਪਰ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਦੀ ਸ਼ਖ਼ਸੀਅਤ ਇਨ੍ਹਾਂ ਵਿੱਚ ਇੱਕ ਵਿਸ਼ੇਸ਼ ਮੁਕਾਮ ਰੱਖਦੀ ਹੈ। ਮਾਝੇ ਦੀ ਹਾਕੀ ਦਾ ਬਾਦਸ਼ਾਹ ਕਹੇ ਜਾਣ ਵਾਲੇ ਬਲਵਿੰਦਰ ਸਿੰਘ ਸ਼ੰਮੀ ਦਾ ਖੇਡ ਸਫ਼ਰ ਸਿਰਫ਼ ਓਲੰਪਿਕ ਤੱਕ ਪਹੁੰਚਣ ਦੀ ਕਹਾਣੀ ਨਹੀਂ, ਸਗੋਂ ਭਾਰਤੀ ਹਾਕੀ ਦੀ ਸੇਵਾ ਨੂੰ ਆਪਣਾ ਜੀਵਨ ਸਮਰਪਿਤ ਕਰਨ ਦੀ ਇੱਕ ਪ੍ਰੇਰਨਾਦਾਇਕ ਦਾਸਤਾਨ ਹੈ।

1988 ਦੀਆਂ ਸਿਓਲ ਓਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਵਾਲੇ ਸ਼ੰਮੀ ਨੇ ਆਪਣੇ ਖੇਡ ਜੀਵਨ ਦੌਰਾਨ 196 ਅੰਤਰਰਾਸ਼ਟਰੀ ਮੈਚ ਖੇਡੇ। ਦੋ ਏਸ਼ੀਆ ਹਾਕੀ ਕੱਪਾਂ ਵਿੱਚ ਚਾਂਦੀ ਦੇ ਤਮਗੇ ਅਤੇ ਏਸ਼ਿਆਈ ਖੇਡਾਂ ਵਿੱਚ ਕਾਂਸੀ ਦਾ ਤਮਗਾ, ਪ੍ਰੀ ਓਲੰਪਿਕ ਖੇਡਾਂ ਨਰੋਬੀ ਵਿਚ ਸੋਨ ਤਗਮਾ ਜਿੱਤਣ ਤੋਂ ਇਲਾਵਾ ਉਨ੍ਹਾਂ ਨੇ ਕੋਚ ਅਤੇ ਖੇਡ ਪ੍ਰਬੰਧਕ ਵਜੋਂ ਵੀ ਆਪਣੀ ਵੱਖਰੀ ਪਛਾਣ ਬਣਾਈ। ਅੰਮ੍ਰਿਤਸਰ ਦੀ ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ ਰਾਹੀਂ ਤਿੰਨ ਓਲੰਪੀਅਨ ਖਿਡਾਰੀਆਂ ਨੂੰ ਤਿਆਰ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ ਉਨ੍ਹਾਂ ਦੇ ਖੇਡ ਜੀਵਨ ਦਾ ਇੱਕ ਹੋਰ ਮਾਣਮੱਤਾ ਅਧਿਆਇ ਹੈ।

24 ਸਤੰਬਰ 1965 ਨੂੰ ਜਨਮੇ ਬਲਵਿੰਦਰ ਸਿੰਘ ਸ਼ੰਮੀ ਦੇ ਪਿਤਾ ਦਾ ਨਾਂ ਸ. ਸੁਰਿੰਦਰ ਸਿੰਘ ਹੈ। ਭਾਰਤੀ ਰੇਲਵੇ ਵਿੱਚ ਚੀਫ਼ ਇੰਸਪੈਕਟਰ ਵਜੋਂ ਸੇਵਾਵਾਂ ਨਿਭਾਉਣ ਵਾਲੇ ਸ਼ੰਮੀ ਦੀ ਪਛਾਣ ਇੱਕ ਹਾਕੀ ਓਲੰਪੀਅਨ ਅਤੇ ਰਾਜ ਪੁਰਸਕਾਰ ਪ੍ਰਾਪਤ ਖਿਡਾਰੀ ਵਜੋਂ ਵੀ ਹੈ।

ਸਿਓਲ ਓਲੰਪਿਕ ਵਿੱਚ ਭਾਰਤ ਦੀ ਨੁਮਾਇੰਦਗੀ

ਕਿਸੇ ਵੀ ਖਿਡਾਰੀ ਲਈ ਓਲੰਪਿਕ ਖੇਡਾਂ ਵਿੱਚ ਆਪਣੇ ਦੇਸ਼ ਦੀ ਨੁਮਾਇੰਦਗੀ ਕਰਨਾ ਜੀਵਨ ਦੀਆਂ ਸਭ ਤੋਂ ਵੱਡੀਆਂ ਪ੍ਰਾਪਤੀਆਂ ਵਿੱਚੋਂ ਇੱਕ ਹੁੰਦਾ ਹੈ। ਬਲਵਿੰਦਰ ਸਿੰਘ ਸ਼ੰਮੀ ਨੇ 1988 ਦੀਆਂ ਸਿਓਲ ਓਲੰਪਿਕ ਖੇਡਾਂ ਵਿੱਚ ਭਾਰਤੀ ਹਾਕੀ ਟੀਮ ਵੱਲੋਂ ਹਿੱਸਾ ਲਿਆ।

ਇਸ ਤੋਂ ਪਹਿਲਾਂ ਉਨ੍ਹਾਂ ਨੇ ਨੈਰੋਬੀ, ਕੀਨੀਆ ਵਿਖੇ ਓਲੰਪਿਕ ਤੋਂ ਪਹਿਲਾਂ ਹੋਏ ਹਾਕੀ ਮੁਕਾਬਲੇ ਵਿੱਚ ਸੋਨ ਤਮਗਾ ਜਿੱਤਿਆ ਸੀ।

ਸਿਓਲ ਓਲੰਪਿਕ ਵਿੱਚ ਭਾਰਤੀ ਟੀਮ ਛੇਵੇਂ ਸਥਾਨ 'ਤੇ ਰਹੀ, ਪਰ ਵਿਸ਼ਵ ਦੇ ਸਭ ਤੋਂ ਵੱਡੇ ਖੇਡ ਮੰਚ 'ਤੇ ਦੇਸ਼ ਦੀ ਨੁਮਾਇੰਦਗੀ ਕਰਨਾ ਸ਼ੰਮੀ ਦੇ ਖੇਡ ਜੀਵਨ ਦੀ ਮਹੱਤਵਪੂਰਨ ਪ੍ਰਾਪਤੀ ਹੈ।

ਏਸ਼ੀਆ ਕੱਪ ਅਤੇ ਏਸ਼ਿਆਈ ਖੇਡਾਂ ਵਿੱਚ ਤਮਗੇ

ਬਲਵਿੰਦਰ ਸਿੰਘ ਸ਼ੰਮੀ ਦੇ ਅੰਤਰਰਾਸ਼ਟਰੀ ਖੇਡ ਜੀਵਨ ਦੀ ਇੱਕ ਹੋਰ ਅਹਿਮ ਪ੍ਰਾਪਤੀ ਦੋ ਏਸ਼ੀਆ ਕੱਪ ਮੁਕਾਬਲਿਆਂ ਵਿੱਚ ਚਾਂਦੀ ਦੇ ਤਮਗੇ ਜਿੱਤਣਾ ਹੈ। ਉਨ੍ਹਾਂ ਨੇ 1985 ਵਿੱਚ ਢਾਕਾ ਵਿਖੇ ਹੋਏ ਦੂਜੇ ਏਸ਼ੀਆ ਕੱਪ ਅਤੇ 1989 ਵਿੱਚ ਨਵੀਂ ਦਿੱਲੀ ਵਿਖੇ ਹੋਏ ਤੀਜੇ ਏਸ਼ੀਆ ਕੱਪ ਵਿੱਚ ਭਾਰਤ ਦੀ ਨੁਮਾਇੰਦਗੀ ਕਰਦਿਆਂ ਚਾਂਦੀ ਦੇ ਤਮਗੇ ਹਾਸਲ ਕੀਤੇ।

ਇਸੇ ਤਰ੍ਹਾਂ 1986 ਵਿੱਚ ਸਿਓਲ ਵਿਖੇ ਹੋਈਆਂ ਦਸਵੀਆਂ ਏਸ਼ਿਆਈ ਖੇਡਾਂ ਵਿੱਚ ਮਲੇਸ਼ੀਆ ਨੂੰ 4-1 ਗੋਲਾਂ ਨਾਲ ਹਰਾਕੇ ਭਾਰਤੀ ਹਾਕੀ ਟੀਮ ਨੇ ਕਾਂਸੀ ਦਾ ਤਮਗਾ ਜਿੱਤਿਆ। ਸ਼ੰਮੀ ਨੇ ਇਨ੍ਹਾਂ ਮੁਕਾਬਲਿਆਂ ਦੀਆਂ ਜਿੱਤਾਂ ਵਿੱਚ ਅਹਿਮ ਯੋਗਦਾਨ ਪਾਇਆ।

ਤਿੰਨ ਵਿਸ਼ਵ ਕੱਪਾਂ ਨਾਲ ਜੁੜਿਆ ਖੇਡ ਜੀਵਨ

ਸ਼ੰਮੀ ਨੇ 1985 ਵਿੱਚ ਕੈਨੇਡਾ ਦੇ ਵੈਨਕੂਵਰ ਵਿਖੇ ਹੋਏ ਜੂਨੀਅਰ ਹਾਕੀ ਵਿਸ਼ਵ ਕੱਪ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ। ਇਸ ਮੁਕਾਬਲੇ ਵਿੱਚ ਭਾਰਤੀ ਟੀਮ ਪੰਜਵੇਂ ਸਥਾਨ 'ਤੇ ਰਹੀ।

ਇਸ ਤੋਂ ਬਾਅਦ 1986 ਵਿੱਚ ਲੰਡਨ ਅਤੇ 1990 ਵਿੱਚ ਲਾਹੌਰ ਵਿਖੇ ਹੋਏ ਸੀਨੀਅਰ ਹਾਕੀ ਵਿਸ਼ਵ ਕੱਪਾਂ ਵਿੱਚ ਵੀ ਉਹ ਭਾਰਤੀ ਟੀਮ ਦਾ ਹਿੱਸਾ ਰਹੇ। ਏਸ਼ੀਆ ਕੱਪ, ਏਸ਼ਿਆਈ ਖੇਡਾਂ, ਵਿਸ਼ਵ ਕੱਪ ਅਤੇ ਓਲੰਪਿਕ ਵਰਗੇ ਮੁਕਾਬਲਿਆਂ ਵਿੱਚ ਹਿੱਸਾ ਲੈਣਾ ਉਨ੍ਹਾਂ ਦੇ ਲੰਮੇ ਅੰਤਰਰਾਸ਼ਟਰੀ ਖੇਡ ਜੀਵਨ ਦੀ ਗਵਾਹੀ ਭਰਦਾ ਹੈ।

ਇਸ ਤੋਂ ਇਲਾਵਾ, 1985 ਤੋਂ 1993 ਤੱਕ ਸੀਨੀਅਰ ਕੌਮੀ ਹਾਕੀ ਚੈਂਪੀਅਨਸ਼ਿਪ ਵਿੱਚ ਰੇਲਵੇ ਟੀਮਾਂ ਦੀ ਪ੍ਰਤੀਨਿਧਤਾ ਕਰਦਿਆਂ ਉਨ੍ਹਾਂ ਨੇ ਚਾਰ ਸੋਨ ਤਮਗੇ ਜਿੱਤੇ। ਉਨ੍ਹਾਂ ਨੇ 196 ਅੰਤਰਰਾਸ਼ਟਰੀ ਮੈਚਾਂ ਵਿੱਚ ਭਾਰਤੀ ਹਾਕੀ ਟੀਮ ਦੀ ਨੁਮਾਇੰਦਗੀ ਕੀਤੀ।

ਕੋਚ ਬਣ ਕੇ ਰੇਲਵੇ ਹਾਕੀ ਨੂੰ ਦਿੱਤੀਆਂ ਸੇਵਾਵਾਂ

ਖਿਡਾਰੀ ਵਜੋਂ ਆਪਣਾ ਤਜਰਬਾ ਹਾਸਲ ਕਰਨ ਤੋਂ ਬਾਅਦ ਬਲਵਿੰਦਰ ਸਿੰਘ ਸ਼ੰਮੀ ਨੇ ਕੋਚਿੰਗ ਦੇ ਖੇਤਰ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਈ। ਭਾਰਤੀ ਰੇਲਵੇ ਦੀ ਹਾਕੀ ਟੀਮ ਦੇ ਮੁੱਖ ਕੋਚ ਵਜੋਂ ਉਨ੍ਹਾਂ ਦੀਆਂ ਪ੍ਰਾਪਤੀਆਂ ਵਿੱਚ 1997 ਵਿੱਚ ਬੰਗਲੌਰ ਵਿਖੇ ਸੋਨ ਤਮਗਾ, 1998 ਵਿੱਚ ਹੈਦਰਾਬਾਦ ਵਿਖੇ ਕਾਂਸੀ ਦਾ ਤਮਗਾ ਅਤੇ 2000 ਵਿੱਚ ਜੰਮੂ ਵਿਖੇ ਚਾਂਦੀ ਦਾ ਤਮਗਾ ਸ਼ਾਮਲ ਹਨ।

ਅੰਤਰਰਾਸ਼ਟਰੀ ਪੱਧਰ 'ਤੇ ਵੀ ਉਨ੍ਹਾਂ ਨੇ ਕੋਚ ਵਜੋਂ ਸੇਵਾਵਾਂ ਦਿੱਤੀਆਂ। 2000-01 ਵਿੱਚ ਰੂਸ ਵਿਖੇ ਚਾਰ ਦੇਸ਼ਾਂ ਦੇ ਹਾਕੀ ਮੁਕਾਬਲੇ ਅਤੇ 2001-02 ਵਿੱਚ ਕੀਨੀਆ, ਜ਼ਿੰਬਾਬਵੇ ਤੇ ਯੂਗਾਂਡਾ ਨਾਲ ਸਬੰਧਤ ਛੇ ਦੇਸ਼ਾਂ ਦੇ ਹਾਕੀ ਮੁਕਾਬਲੇ ਵਿੱਚ ਉਹ ਭਾਰਤੀ ਕੋਚਿੰਗ ਨਾਲ ਜੁੜੇ ਰਹੇ। 2006 ਵਿੱਚ ਉਨ੍ਹਾਂ ਨੇ ਪ੍ਰੀਮੀਅਰ ਹਾਕੀ ਲੀਗ ਦੀ ਟੀਮ ਸ਼ੇਰ-ਏ-ਜਲੰਧਰ ਦੇ ਮੁੱਖ ਕੋਚ ਵਜੋਂ ਵੀ ਭੂਮਿਕਾ ਨਿਭਾਈ।

ਪੂਰਾ ਪਰਿਵਾਰ ਹਾਕੀ ਖੇਡ ਨੂੰ ਸਮਰਪਿਤ

ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਦੀ ਪਤਨੀ ਸੁਖਜੀਤ ਕੌਰ ਵੀ ਹਾਕੀ ਦੀ ਅੰਤਰਰਾਸ਼ਟਰੀ ਪੱਧਰ ਦੀ ਖਿਡਾਰਣ ਹੈ। ਸੁਖਜੀਤ ਕੌਰ ਨੇ ਬਤੌਰ ਕੋਚ ਵੀ ਰੇਲਵੇ ਦੀ ਹਾਕੀ ਵਿੱਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਇਸ ਤੋਂ ਇਲਾਵਾ, ਉਨ੍ਹਾਂ ਦਾ ਬੇਟਾ ਹਰਿਸਾਹਿਬ ਜੀਤ ਸਿੰਘ ਸ਼ੰਮੀ ਵੀ ਹਾਕੀ ਦਾ ਅੰਤਰਰਾਸ਼ਟਰੀ ਪੱਧਰ ਦਾ ਖਿਡਾਰੀ ਰਿਹਾ ਹੈ। ਕੁੱਲ ਮਿਲਾ ਕੇ ਪੂਰਾ ਪਰਿਵਾਰ ਹੀ ਹਾਕੀ ਦੀ ਖੇਡ ਨੂੰ ਸਮਰਪਿਤ ਹੈ।

ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ: ਤਿੰਨ ਓਲੰਪੀਅਨ ਤਿਆਰ ਕਰਨ ਦਾ ਮਾਣ

ਬਲਵਿੰਦਰ ਸਿੰਘ ਸ਼ੰਮੀ ਦੀ ਖੇਡ ਯਾਤਰਾ ਦਾ ਸਭ ਤੋਂ ਮਹੱਤਵਪੂਰਨ ਪੱਖ ਅੰਮ੍ਰਿਤਸਰ ਵਿਖੇ ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ ਦੇ ਡਾਇਰੈਕਟਰ ਵਜੋਂ ਉਨ੍ਹਾਂ ਦੀ ਭੂਮਿਕਾ ਹੈ। ਉਹ 2005 ਤੋਂ ਇਸ ਅਕੈਡਮੀ ਨਾਲ ਜੁੜੇ ਹੋਏ ਹਨ ਅਤੇ ਨੌਜਵਾਨ ਖਿਡਾਰੀਆਂ ਨੂੰ ਉੱਚ ਪੱਧਰੀ ਹਾਕੀ ਲਈ ਤਿਆਰ ਕਰਨ ਵਿੱਚ ਯੋਗਦਾਨ ਪਾ ਰਹੇ ਹਨ।

ਇਸ ਅਕੈਡਮੀ ਨਾਲ ਜੁੜੀ ਇੱਕ ਵੱਡੀ ਪ੍ਰਾਪਤੀ ਤਿੰਨ ਓਲੰਪੀਅਨ ਖਿਡਾਰੀਆਂ ਦਾ ਉੱਭਰਨਾ ਹੈ।

ਰਮਨਦੀਪ ਸਿੰਘ ਨੇ ਰੀਓ 2016 ਓਲੰਪਿਕ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ। ਹਾਕੀ ਦੀ ਖੇਡ ਸਦਕਾ ਅੱਜਕੱਲ੍ਹ ਰਮਨਦੀਪ ਸਿੰਘ ਪੰਜਾਬ ਪੁਲਿਸ ਵਿੱਚ ਡੀਐਸਪੀ ਦੇ ਅਹੁਦੇ 'ਤੇ ਬਿਰਾਜਮਾਨ ਹਨ।

ਸ਼ਮਸ਼ੇਰ ਸਿੰਘ ਨੇ ਟੋਕੀਓ 2020 ਅਤੇ ਪੈਰਿਸ 2024 ਓਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ।

ਦਿਲਪ੍ਰੀਤ ਸਿੰਘ ਨੇ ਟੋਕੀਓ 2020 ਓਲੰਪਿਕ ਵਿੱਚ ਭਾਰਤ ਦੀ ਨੁਮਾਇੰਦਗੀ ਕੀਤੀ।

ਇਸ ਤੋਂ ਇਲਾਵਾ, ਅਕੈਡਮੀ ਨਾਲ ਅਰਜੀਤ ਸਿੰਘ ਹੁੰਦਲ, ਗੁਰਜੰਟ ਸਿੰਘ, ਲਵਦੀਪ ਸਿੰਘ ਅਤੇ ਹਰਸਾਹਿਬ ਸਿੰਘ ਸ਼ੰਮੀ ਵਰਗੇ ਖਿਡਾਰੀ ਵੀ ਜੁੜੇ ਰਹੇ ਹਨ। ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ ਨੇ 125 ਦੇ ਕਰੀਬ ਕੌਮੀ ਪੱਧਰ ਦੇ ਖਿਡਾਰੀ ਤਿਆਰ ਕੀਤੇ ਹਨ ਅਤੇ ਕੌਮੀ ਹਾਕੀ ਚੈਂਪੀਅਨਸ਼ਿਪਾਂ ਤੇ ਆਲ ਇੰਡੀਆ ਟੂਰਨਾਮੈਂਟਾਂ ਵਿੱਚ ਵੀ ਪ੍ਰਾਪਤੀਆਂ ਹਾਸਲ ਕੀਤੀਆਂ ਹਨ।

ਨਵੀਂ ਉਪਲਬਧੀ ਅਤੇ ਵੱਡੀ ਜ਼ਿੰਮੇਵਾਰੀ: ਭਾਰਤੀ ਹਾਕੀ ਟੀਮ ਦੇ ਚੋਣ ਮੈਂਬਰ ਬਣੇ ਸ਼ੰਮੀ

ਬਲਵਿੰਦਰ ਸਿੰਘ ਸ਼ੰਮੀ 2023 ਵਿੱਚ ਭਾਰਤੀ ਹਾਕੀ ਟੀਮ ਦੀ ਚੋਣ ਪ੍ਰਕਿਰਿਆ ਦੇ ਮੈਂਬਰ ਬਣੇ। ਅੱਜਕੱਲ੍ਹ ਉਹ ਸੀਨੀਅਰ ਟੀਮ ਦੇ ਚੋਣ ਮੈਂਬਰ ਹਨ, ਜੋ ਉਨ੍ਹਾਂ ਲਈ ਇੱਕ ਵੱਡੀ ਜ਼ਿੰਮੇਵਾਰੀ ਹੈ। ਖਿਡਾਰੀ, ਕੋਚ ਅਤੇ ਚੋਣ ਪ੍ਰਕਿਰਿਆ ਨਾਲ ਜੁੜੇ ਵਿਅਕਤੀ ਵਜੋਂ ਉਨ੍ਹਾਂ ਦਾ ਸਫ਼ਰ ਹਾਕੀ ਦੇ ਵੱਖ-ਵੱਖ ਖੇਤਰਾਂ ਵਿੱਚ ਉਨ੍ਹਾਂ ਦੀ ਸਰਗਰਮ ਭੂਮਿਕਾ ਨੂੰ ਦਰਸਾਉਂਦਾ ਹੈ।



ਹਾਕੀ ਦੀ ਵਿਰਾਸਤ ਨੂੰ ਅੱਗੇ ਤੋਰਨ ਵਾਲੀ ਸ਼ਖ਼ਸੀਅਤ

ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਦੀ ਪਛਾਣ ਸਿਰਫ਼ 1988 ਦੀਆਂ ਸਿਓਲ ਓਲੰਪਿਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਵਾਲੇ ਖਿਡਾਰੀ ਵਜੋਂ ਹੀ ਨਹੀਂ, ਸਗੋਂ ਏਸ਼ੀਆ ਕੱਪ ਅਤੇ ਏਸ਼ਿਆਈ ਖੇਡਾਂ ਦੇ ਤਮਗਾ ਜੇਤੂ, ਵਿਸ਼ਵ ਕੱਪ ਖਿਡਾਰੀ, ਰੇਲਵੇ ਹਾਕੀ ਦੇ ਕੋਚ ਅਤੇ ਨੌਜਵਾਨਾਂ ਨੂੰ ਤਿਆਰ ਕਰਨ ਵਾਲੇ ਖੇਡ ਪ੍ਰਬੰਧਕ ਵਜੋਂ ਵੀ ਹੈ।

ਅੰਮ੍ਰਿਤਸਰ ਦੀ ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ ਰਾਹੀਂ ਤਿੰਨ ਓਲੰਪੀਅਨ ਖਿਡਾਰੀਆਂ ਨੂੰ ਤਿਆਰ ਕਰਨ ਨਾਲ ਜੁੜਿਆ ਉਨ੍ਹਾਂ ਦਾ ਯੋਗਦਾਨ ਉਨ੍ਹਾਂ ਦੇ ਖੇਡ ਜੀਵਨ ਦਾ ਅਹਿਮ ਅਧਿਆਇ ਹੈ। ਉਨ੍ਹਾਂ ਦੀ ਯਾਤਰਾ ਇਸ ਗੱਲ ਨੂੰ ਉਜਾਗਰ ਕਰਦੀ ਹੈ ਕਿ ਹਾਕੀ ਵਿੱਚ ਅਸਲ ਯੋਗਦਾਨ ਮੈਦਾਨ ਵਿੱਚ ਖੇਡਣ ਤੱਕ ਸੀਮਤ ਨਹੀਂ ਰਹਿੰਦਾ, ਸਗੋਂ ਨਵੀਂ ਪੀੜ੍ਹੀ ਨੂੰ ਤਿਆਰ ਕਰਨ ਰਾਹੀਂ ਵੀ ਅੱਗੇ ਵਧਦਾ ਹੈ। ਮਾਝੇ ਦੀ ਹਾਕੀ ਦੇ ਬਾਦਸ਼ਾਹ ਬਲਵਿੰਦਰ ਸਿੰਘ ਸ਼ੰਮੀ 'ਤੇ ਗੁਰੂ ਹਮੇਸ਼ਾ ਮਿਹਰ ਰੱਖੇ, ਰੱਬ ਰਾਖਾ।



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Kang Petro Group

Little Rock, Arkansas, Missouri, Oklahoma

Gas Station, Truck Stop For Lease



Ravinder Kaur (RAVI)
LIC NO. Sa00097620 REALTOR®
(501) 353-9311
Ravi-kaur.remax.com
ravi.kaur@remax.net

Guri Kang
(501) 353-7816



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Sarabjot Singh Sawaddi





ਕਈ ਵੀਰਾਂ ਦੇ

LICENSE CANCEL

ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।

ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ

ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ

Green Card ਨਹੀਂ ਹੈ | I-485 Application ਅਜੇ Pending ਹੈ।

Ghuman Law Group ਤੁਹਾਡੇ ਨਾਲ ਹੈ

ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :



Green Card Case ਨੂੰ
ਜਲਦੀ ਹੱਲ ਕਰਨ ਵਿੱਚ



CDL ਅਤੇ ਕੰਮ ਨੂੰ ਬਚਾਉਣ
ਲਈ Legal Guidance



Deportation ਜਾਂ Immigration
Detention Cases ਵਿੱਚ Legal Advice



Appeals ਅਤੇ Immigration
Process ਵਿੱਚ ਸਹਾਇਤਾ



Estate Planning ਰਾਹੀਂ Property
ਅਤੇ Assets ਨੂੰ safe ਕਰਨ ਵਿੱਚ ਮਦਦ



ਤੁਹਾਡੇ ਪਰਿਵਾਰ ਦੇ ਭਵਿੱਖ ਨੂੰ
Secure ਬਣਾਉਣ ਵਿੱਚ ਸਹਾਇਤਾ

GHUMAN LAW GROUP INC.
Criminal Defense, Family and
Immigration Law

Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ

ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)

Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner

ਮਖੌਟੇ

ਅੱਜਕੱਲ੍ਹ ਲੋਕ ਮਖੌਟੇ ਪਾਈ ਫਿਰਦੇ ਨੇ।
ਹਾਸਿਆਂ ਪਿੱਛੇ ਦਰਦ ਛੁਪਾਈ ਫਿਰਦੇ ਨੇ।
ਸੱਚਾ ਮੰਨ ਕੇ ਨੇਤਾਵਾਂ ਦੇ ਲਾਰਿਆ ਨੂੰ,
ਆਪਣੀ ਆਪੇ ਖੱਲ ਲੁਹਾਈ ਫਿਰਦੇ ਨੇ।
ਮਰਨ ਦੇ ਪਿੱਛੋਂ ਸੁਰਗਾਂ ਦੇ ਵਿੱਚ ਜਾਵਣ ਲਈ,
ਸਾਧਾਂ ਨੂੰ ਪੈਸਾ ਲੁਟਵਾਈ ਫਿਰਦੇ ਨੇ।
ਆਪਣੀ ਛੋਟੀ ਸੋਚ ਨੂੰ ਸਾਬਤ ਕਰਦੇ ਉਹ,
ਝਾੜੂਆਂ ਨੂੰ ਜੋ ਅੱਗਾਂ ਲਾਈ ਫਿਰਦੇ ਨੇ।
ਗੁਰੂ ਘਰਾਂ ਵਿੱਚ ਪੱਗਾਂ ਨੂੰ ਸਿੱਖ ਲਾਹ ਲਾਹਕੇ,
ਆਪਣੀ ਇੱਜਤ ਆਪ ਰੁਲਾਈ ਫਿਰਦੇ ਨੇ।
ਹੌਲੀ-ਹੌਲੀ ਅੰਦਰੋਂ ਉਹ ਤਾਂ ਟੁੱਟ ਜਾਂਦੇ,
ਕਰਜੇ ਚੁੱਕ ਜੋ ਟੌਹਰ ਬਣਾਈ ਫਿਰਦੇ ਨੇ।
ਅੰਦਰੋਂ ਕਈ ਕਰਤੂਤਾਂ ਕਾਲੀਆਂ ਕਰਦੇ ਆ,
ਬਾਹਰੋਂ ਚਿੱਟੇ ਕੱਪੜੇ ਪਾਈ ਫਿਰਦੇ ਨੇ।
ਪੈਸਾ ਕੱਠਾ' ਕਰਕੇ ਐਨ.ਜੀ.ਉ. ਦੇ ਨਾਂ ਤੇ,
ਕਈ ਤਾਂ 'ਨਾਗਰਾ' ਮਹਿਲ ਬਣਾਈ ਫਿਰਦੇ ਨੇ।



ਆਪਣਾ ਕਰਮ ਕਰਤੇ ਚਲੋ

ਸਾਬਕਾ ਆਈ ਪੀ ਐਸ ਅਧਿਕਾਰੀ ਇੰਦਰਜੀਤ ਸਿੰਘ ਸਿੱਧੂ ਦੁਆਰਾ ਚੰਡੀਗੜ੍ਹ ਦੀਆਂ ਸੜਕਾਂ ਤੇ ਖਿਲਰਿਆ ਹੋਇਆ ਕੂੜਾ ਕਰਕਟ ਚੁੱਕਣ ਦੀਆਂ ਵੀਡਿਓ ਜਿਥੇ ਚੰਡੀਗੜ੍ਹ ਨਗਰ ਨਿਗਮ ਅਧਿਕਾਰੀਆਂ ਅਤੇ ਪ੍ਰਸ਼ਾਸਨ ਨੂੰ ਸ਼ਰਮਸ਼ਾਰ ਕਰਦਾ ਹੈ ਉਥੇ ਉਨਾਨਵੇ ਸਾਲ ਦੀ ਉਮਰ ਵਿੱਚ ਦੇਸ਼ ਸੇਵਾ ਦਾ ਜਜ਼ਬਾ ਲੈ ਕੇ ਸਰਗਰਮ ਹੋਣਾ ਸਾਡੇ ਸਾਰਿਆਂ ਲਈ ਪ੍ਰੇਰਨਾ ਸਰੋਤ ਹੈ। ਇੰਦਰਜੀਤ ਸਿੰਘ ਸਿੱਧੂ ਜੀ ਨੂੰ ਅਕਸਰ ਚੰਡੀਗੜ੍ਹ ਦੀਆਂ ਗਲੀਆਂ ਅਤੇ ਪਾਰਕਾਂ ਵਿੱਚ ਸਫ਼ਾਈ ਕਰਦਿਆਂ ਦੇਖਿਆ ਜਾ ਸਕਦਾ ਹੈ ਉਹਨਾਂ ਦੀ ਇਸੇ ਸੇਵਾ ਦੇ ਬਦਲੇ ਉਹਨਾਂ ਨੂੰ 2026 ਵਿੱਚ ਪਦਮ ਸ਼੍ਰੀ ਐਵਾਰਡ ਨਾਲ ਨਿਵਾਜਿਆ ਗਿਆ ਜਿਸ ਨਾਲ ਚੰਡੀਗੜ੍ਹ ਨਹੀਂ ਸਗੋਂ ਪੂਰੇ ਪੰਜਾਬ ਦਾ ਨਾਮ ਦੁਨੀਆਂ ਵਿੱਚ ਚਮਕਇਆ।ਪਦਮ ਸ਼੍ਰੀ ਐਵਾਰਡ ਦੀ ਚਮਕ ਨੇ ਇੰਦਰਜੀਤ ਸਿੰਘ ਸਿੱਧੂ ਦੇ ਕੰਮ ਵਿੱਚ ਰੁਕਾਵਟ ਨਹੀਂ ਪਾਈ ਸਗੋਂ ਉਹ ਹੁਣ ਫ਼ਿਰ ਆਪਣੇ ਕੰਮ ਵਿੱਚ ਸਰਗਰਮ ਹਨ। ਖ਼ਰਾਬ ਸਿਹਤ ਅਤੇ ਵੱਡੀ ਉਮਰ ਕਰਕੇ ਜਦੋਂ ਉਹਨਾਂ ਦੇ ਪੁੱਤਰ ਨੇ ਉਹਨਾਂ ਨੂੰ ਅਮਰੀਕਾ ਜਾਣ ਲਈ ਕਿਹਾ ਤਾਂ ਉਹਨਾਂ ਨੇ ਆਪਣੇ ਪੁੱਤਰ ਨੂੰ ਕਿਹਾ ਕਿ ਉਹ ਆਖ਼ਰੀ ਸਮੇਂ ਤੱਕ ਆਪਣੇ ਦੇਸ਼ ਵਿੱਚ ਹੀ ਸੇਵਾ ਕਰਦੇ ਰਹਿਣਗੇ ਪ੍ਰੰਤੂ ਦੇਸ਼ ਛੱਡ ਕੇ ਕਦੇ ਵੀ ਨਹੀਂ ਜਾਣਗੇ। ਉਹਨਾਂ ਦੀ ਸੇਵਾ, ਉਹਨਾਂ ਦੇ ਜਜ਼ਬੇ ਨੂੰ ਸਾਡਾ ਸਲਾਮ ਹੈ।

ਇੰਦਰਜੀਤ ਸਿੰਘ ਸਿੱਧੂ ਨੇ ਸਮਾਜ਼ ਦੇ ਉਹਨਾਂ ਲੋਕਾਂ ਨੂੰ ਸ਼ੀਸ਼ਾ ਦਿਖਾਇਆ ਹੈ ਜ਼ੋ ਕੰਮ ਨੂੰ ਵੱਡਾ ਛੋਟਾ ਸਮਝਦੇ ਹਨ। ਅਸੀਂ ਅਕਸਰ ਜਦੋਂ ਸਟੇਟਸ ਸਿੰਬਲ ਦੀ ਗੱਲ ਕਰਦੇ ਹਾਂ ਤਾਂ ਸਫ਼ਾਈ ਕਰਮਚਾਰੀਆਂ ਨੂੰ ਛੋਟਾ ਅਤੇ ਨਿਗੂਣਾ ਸਮਝਿਆ ਜਾਂਦਾ ਹੈ ਜਦਕਿ ਉਹ ਸਮਾਜ਼ ਸੁਧਾਰਕ ਅਤੇ ਵਾਤਾਵਰਨ ਪ੍ਰੇਮੀ ਹਨ ਜ਼ੋ ਕੂੜ ਕਰਕਟ ਦਾ ਸਹੀ ਨਿਪਟਾਰਾ ਕਰਕੇ ਵਾਤਾਵਰਨ ਨੂੰ ਸ਼ੁੱਧ ਅਤੇ ਸਾਫ਼ ਰੱਖਣ ਵਿੱਚ ਮਦਦ ਕਰਦੇ ਹਨ। ਅਸੀਂ ਜਿਥੇ ਵਾਤਾਵਰਨ ਪ੍ਰੇਮੀ ਅਤੇ ਪਦਮ ਸ਼੍ਰੀ ਇੰਦਰਜੀਤ ਸਿੰਘ ਸਿੱਧੂ ਨੂੰ ਸਲਾਮ ਕਰਦੇ ਹਾਂ, ਉਹਨਾਂ ਦੇ ਸਮਰਪਣ ਤੋਂ ਜਿਥੇ ਹਰ ਇੱਕ ਬਸਿੰਦੇ ਨੂੰ ਪ੍ਰੇਰਣਾ ਲੈਣੀ ਚਾਹੀਦੀ ਹੈ ਉਥੇ ਚੰਡੀਗੜ੍ਹ ਪ੍ਰਸ਼ਾਸਨ ਨੂੰ ਬੇਨਤੀ ਕਰਦੇ ਹਾਂ ਕਿ ਪ੍ਰਦੂਸ਼ਣ ਅਤੇ ਕੂੜਾ ਕਰਕਟ ਫੈਲਾਉਣ ਵਾਲਿਆਂ ਦੇ ਨਾਲ ਨਾਲ ਡਿਊਟੀ ਵਿੱਚ ਕੁਤਾਹੀ ਵਰਤਣ ਵਾਲਿਆਂ ਖ਼ਿਲਾਫ਼ ਸਖ਼ਤੀ ਨਾਲ ਪੇਸ਼ ਆਉਣ ਤਾਂ ਜ਼ੋ ਚੰਡੀਗੜ੍ਹ ਨੂੰ ਸਾਫ਼ ਸੁਥਰਾ ਰੱਖਿਆ ਜਾ ਸਕੇ।



LARRY T. NIERMEYER
Attorney at Law
OFFERING SERVICES IN THE FOLLOWING AREAS
1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation
PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਗੁਰੂ ਤੇਗ ਬਰਫ਼ ਸਿਟੀ ਵਿਖੇ 47ਵਾਂ ਸਾਲਾਨਾ
ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ
ਸਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ।

ਗੁਰੂ ਕਾ ਲੰਗਰ

ਸ਼ੇਰੇ ਪੰਜਾਬ ਗਰੁੱਪ ਕੈਲੀਫੋਰਨੀਆ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |



ਲੱਖ-ਲੱਖ ਵਧਾਈਆਂ

JASPREET SINGH
ATTORNEY AT LAW USA

SACRAMENTO, CA
5855 AUBURN BLVD,
SACRAMENTO, CA 95841
+1-917-915-4142

FRESNO, CA
1625 E SHAW AVE #122,
FRESNO, CA 93711
+1-559-271-5511

FREMONT, CA
3155 KEARNEY ST, SUITE
#248, FREMONT, CA 94538
+1-510-657-6444

NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699

NEW YORK, NY
108-14 JAMAICA AVENUE,
RICHMOND HILL, NY 11418
+1-718-533-8444

LOS ANGELES, CA
1013 N BEGONIA AVE,
ONTARIO, CA 91762
+1-917-915-4142

JASPREET SINGH ATTORNEY AT LAW USA SPECIALIZES IN
IMMIGRATION LAW MATTERS, POLITICAL ASYLUM, DEPORTATION DEFENSE,
GREEN CARDS, MARRIAGE, CITIZENSHIP, P3 AND E-2 VISAS LAW OFFICES IN NY,
NJ AND CALIFORNIA

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।


ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ।


ਲੱਖ-ਲੱਖ ਵਧਾਈਆਂ





Paramjit Singh Dakha

Ph: (510) 774-5909













RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur

Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Pardeep Sharma (Real Estate Agent) ਵੱਲੋਂ

ਸਮੂਹ ਸਾਧ ਸੰਗਤ ਨੂੰ ਹੁੰਮ-ਹੁਮਾ ਕੇ ਪਹੁੰਚਣ ਅਤੇ ਇਤਿਹਾਸਕ
ਨਗਰ ਕੀਰਤਨ 'ਚ ਸ਼ਾਮਿਲ ਹੋ ਕੇ ਜੀਵਨ ਸਫ਼ਲਾ ਕਰਨ ਲਈ
ਨਿੱਘਾ ਸੱਦਾ ਪੱਤਰ ਦਿੱਤਾ ਜਾਂਦਾ ਹੈ



BAY REALTY CALIFORNIA

FIND YOUR DREAM HOME

(510) 325-8433 | www.BayRealtyCA.com

2551 San Ramon Valley Drive Suite 107A, San Ramon, CA

PAUL SHARMA
REAL ESTATE AGENT

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



ਜਾਰੀ ਕਰਤਾ: **ਸਿੱਖ ਸੰਗਤ ਬੇ ਏਰੀਆ**

ਪਬਲਿਕ ਹਿਤ ਵਿੱਚ ਸੂਚਨਾ

ਮੈਂ **ਗੁਰਦੀਪ ਸਿੰਘ ਸੰਧੂ** ਜਿਵੇਂ ਕਿ ਤੁਸੀਂ ਜਾਣਦੇ ਹੋ 1973 ਤੋਂ ਹੋਮਿਓਪੈਥਿਕ/ਆਯੁਰਵੈਦਿਕ ਦੀ ਪ੍ਰੈਕਟਿਸ ਕਰ ਰਿਹਾ ਹਾਂ ਇਸ ਪੰਜ ਦਹਾਕਿਆਂ ਤੋਂ ਵੱਧ ਦੇ ਸਮੇਂ ਵਿਚ ਮੈਡੀਕਲ ਕਾਲਜਾਂ ਵਿਚ ਪ੍ਰੋ. ਪ੍ਰਿੰਸੀਪਲ ਤੇ ਚੀਫ਼ ਮੈਡੀਕਲ ਅਫਸਰ ਦੇ ਤੌਰ ਤੇ ਸੇਵਾਵਾਂ ਦਿੰਦਾ ਰਿਹਾ ਹਾਂ। 1996 ਤੋ ਅਮਰੀਕਾ ਵਿਚ ਵੱਖ-ਵੱਖ ਰੇਡੀਓ, ਟੀ.ਵੀ ਸਟੇਸ਼ਨਾਂ, ਯੂਟਿਊਬ, ਫੇਸਬੁਕ ਤੇ ਵੱਖ-ਵੱਖ ਮੀਡੀਆ ਚੈਨਲਾਂ ਰਾਹੀਂ ਪਬਲਿਕ ਨੂੰ ਜੀਵਨ ਤੋਂ ਜੀਵਨ ਦੀ ਉਤਪਤੀ ਸਰੀਰਕ ਬਣਤਰ, ਵਿਸਥਾਰ, ਸਿਹਤ, ਬਿਮਾਰੀ ਅਤੇ ਇਲਾਜਾਂ ਪ੍ਰਤੀ ਜਾਗਰੂਕ ਕਰਦਾ ਆ ਰਿਹਾਂ। ਅੱਜ ਦੇ ਵਕਤ ਅਮੈਰਿਕਨ ਇਕੌਨਮੀ ਦੀ ਮਾੜੀ ਹਾਲਤ ਹੋਣ ਕਰਕੇ ਐਲਾਨ ਕਰਦਾ ਹਾਂ ਕਿ ਕਿਸੇ ਵੀ ਉਮਰ ਵਿਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਜਦ ਥੱਕ ਗਏ ਹੋ ਕੋਈ ਹਲ ਨਹੀਂ ਦਿਸ ਰਿਹਾ ਤਾਂ ਇਕ ਮੌਕਾ ਹੋਮਿਓਪੈਥਿਕ ਦੇ ਸਿਧਾਂਤਕ ਇਲਾਜ ਲਈ ਮੈਨੂੰ ਦਿਓ ਇਸ ਲਈ ਕਾਲ ਕਰੋ: **408 687 1899**

ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ਼ ਲੈਕਚਰ ਸੁਣਨ ਲਈ ਮੇਰਾ ਫੇਸਬੁਕ ਅਤੇ ਯੂਟਿਊਬ ਚੈਨਲ https://youtube/duhk3caceu, sabrang station.com(radio station) ਰੋਜ਼ਾਨਾ ਕੈਲੇਫੋਰਨੀਆ ਟਾਈਮ ਸ਼ਾਮ ਨੂੰ 5 ਤੋ 6 ਵਜੇ ਤਕ ਸੁਣੋ।

Working under sb577 act of California



ਡਰਾਈਵਰ ਵੀ ਜਿੰਦਗੀ ਦੇ
2 ਸਭ ਤੋਂ ਵੱਡੇ ਦੁਸ਼ਮਣ ਕੌਣ?
ਕਾਗਜ਼ ਤੇ ਘਾਣ ਦਾ ਇਨਵੌਇਸ!



ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜ਼ੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ
Traki ਨਾਲ.

ਕਾਗਜ਼ ਸੰਭਾਲੋ
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

ਇਨਵੌਇਸ ਬਣਾਓ
AI ਮਦਦ ਨਾਲ ਆਟੋ ਫਿਲ ਅਤੇ ਪੋਸ਼ੇਵਰ ਇਨਵੌਇਸ ਤਿਆਰ.

ਕਮਾਈ ਵਧਾਓ
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

ਅੱਜ ਹੀ ਸ਼ੁਰੂ ਕਰੋ!

3 ਦਿਨ ਦਾ ਮੁਫ਼ਤ TRIAL ਮਿਲੇਗਾ!

ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

ਟਾਈਮ ਬਚਾਓ
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.

ਗਲਤੀ ਘੱਟ
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

ਆਫਲਾਈਨ ਕੰਮ
